R.N.I Regd. No. PUNPUN/2023/88634
ਫ਼ੋਨ -01633-358364 (ਮੋ. 62803-56564)
ਬੁੱਧਵਾਰ 13 ਨਵੰਬਰ - 2024 ਸ੍ਰੀ ਮੁਕਤਸਰ ਸਾਹਿਬ
ਸਾਲ (Year) : 01
ਮੁੱਲ (Rate) : 04 ਰੁ.
ਪੰਨੇ (Pages) : 8

# ਪੰਜਾਬ ਦਾ ਖੁਲਾਸਾ

ਮੁੱਖ ਸੰਪਾਦਕ : ਮਨਪ੍ਰੀਤ ਸਿੰਘ ਸ੍ਰੀ ਮੁਕਤਸਰ ਸਾਹਿਬ

Weekly PUNJAB DA KHULASA

**ਪੱਤਰਕਾਰਾਂ ਦੀ ਲੋੜ**

40 ਮੁਕਤਿਆਂ ਦੀ ਪਵਿੱਤਰ ਧਰਤੀ ਸ੍ਰੀ ਮੁਕਤਸਰ ਸਾਹਿਬ ਤੋਂ ਪ੍ਰਕਾਸ਼ਿਤ ਹੋਏ ਨਵੇਂ ਅਖਬਾਰ

ਪੰਜਾਬ ਦਾ ਖੁਲਾਸਾ

ਨੂੰ ਵੱਖ-ਵੱਖ ਜ਼ਿਲ੍ਹਿਆਂ ਵਿਚੋਂ ਜ਼ਿਲ੍ਹਾ ਇੰਚਾਰਜ ਅਤੇ ਪੱਤਰਕਾਰਾਂ ਦੀ ਲੋੜ ਹੈ

ਸੰਪਰਕ
62803-56564

ਸੰਪਾਦਕ : ਅਸ਼ੋਕ ਭਾਰਦਵਾਜ
ਸਹਿ ਸੰਪਾਦਕ ਰਣਜੀਤ ਸਿੰਘ ਚੰਦੀ

www.punjabdakhulasa.com www. facbook.com/punjabdakhulasa E.mail.punjabdakhulasa1313@gmail.com

## ਸਿੱਧੂ ਮੂਸੇਵਾਲਾ ਦੇ ਪਰਿਵਾਰ ਦੀ ਸੁਰੱਖਿਆ 'ਚ ਤਾਇਨਾਤ ਪੁਲਸ ਮੁਲਾਜ਼ਮ ਦੇ ਲੱਗੀ ਗੋਲ਼ੀ, ਮੌਤ

ਪੰਜਾਬ ਦਾ ਖੁਲਾਸਾ



**ਮਾਨਸਾ** : ਮਰਹੂਮ ਗਾਇਕ ਸਿੱਧੂ ਮੂਸੇਵਾਲਾ ਦੇ ਤਾਏ ਚਮਕੌਰ ਸਿੰਘ ਦੀ ਸੁਰੱਖਿਆ ਵਿਚ ਤਾਇਨਾਤ ਪੁਲਸ ਮੁਲਾਜ਼ਮ ਹਰਦੀਪ ਸਿੰਘ ਦੀ ਗੋਲ਼ੀ ਲੱਗਣ ਕਾਰਣ ਮੌਤ ਹੋ ਗਈ ਹੈ। ਸੂਤਰਾਂ ਮੁਤਾਬਕ ਇਹ ਗੋਲੀ ਹਰਦੀਪ ਸਿੰਘ ਦੇ ਹਥਿਆਰ ਵਿਚੋਂ ਹੀ ਚੱਲੀ ਹੈ। ਪਰਿਵਾਰ ਮੁਤਾਬਕ ਪਿਸਤੌਲ ਦੀ ਸਫਾਈ ਕਰਨ ਦੌਰਾਨ ਅਚਾਨਕ ਗੋਲ਼ੀ ਚੱਲ ਗਈ ਅਤੇ ਹਰਦੀਪ ਸਿੰਘ ਜ਼ਖਮੀ ਹੋ ਗਏ, ਜਿਨ੍ਹਾਂ ਨੂੰ ਇਲਾਜ ਲਈ ਹਸਪਤਾਲ ਲਿਜਾਇਆ ਗਿਆ ਪਰ ਰਸਤੇ ਵਿਚ ਹੀ ਉਸ ਦੀ ਮੌਤ ਹੋ ਗਈ। ਹਰਦੀਪ ਸਿੰਘ ਮਾਨਸਾ ਦੇ ਪਿੰਡ ਫਫੜੇ ਭਾਈਕੇ ਦਾ ਰਹਿਣ ਵਾਲਾ ਸੀ। ਫਿਲਹਾਲ ਪੁਲਸ ਵਲੋਂ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕੀਤੀ ਜਾ ਰਹੀ ਹੈ। ਇਥੇ ਇਹ ਵੀ ਦੱਸਣਯੋਗ ਹੈ ਕਿ ਕੁਝ ਸਮਾਂ ਪਹਿਲਾਂ ਮੂਸੇਵਾਲਾ ਦੇ ਪਿਤਾ ਬਲਕੌਰ ਸਿੰਘ ਦੀ ਸੁਰੱਖਿਆ 'ਚ ਤਾਇਨਾਤ ਤਿੰਨ ਗੰਨਮੈਨਾਂ ਵਿਚਾਲੇ ਵੀ ਝੜਪ ਹੋਈ ਸੀ। ਇਸ ਝੜਪ ਦੌਰਾਨ ਦੋ ਸੁਰੱਖਿਆ ਮੁਲਾਜ਼ਮਾਂ ਨੇ ਇਕ ਹੋਰ ਸੁਰੱਖਿਆ ਕਰਮਚਾਰੀ ਦੇ ਸਿਰ 'ਤੇ ਹਮਲਾ ਕਰ ਦਿੱਤਾ ਸੀ, ਜਿਸ ਨਾਲ ਉਹ ਜ਼ਖਮੀ ਹੋ ਗਿਆ ਸੀ।

## ਭਾਰਤ 'ਚ ਬਣੇਗੀ ਪਹਿਲੀ ਸਵਦੇਸ਼ੀ ਬੁਲੇਟ ਟਰੇਨ, ਰਫ਼ਤਾਰ ਹੋਵੇਗੀ 280 ਕਿਲੋਮੀਟਰ ਪ੍ਰਤੀ ਘੰਟਾ; ਕੋਚ ਹੋਣਗੇ ਬਹੁਤ ਖ਼ਾਸ

ਪੰਜਾਬ ਦਾ ਖੁਲਾਸਾ

ਨਵੀਂ ਦਿੱਲੀ : ਭਾਰਤ ਵਿੱਚ ਇੱਕ ਟਰੇਨ ਸ਼ੁਰੂ ਹੋਣ ਜਾ ਰਹੀ ਹੈ। ਮੁੰਬਈ-ਅਹਿਮਦਾਬਾਦ ਹਾਈ-ਸਪੀਡ ਬੁਲੇਟ ਟਰੇਨ ਕੋਰੀਡੋਰ 'ਤੇ ਟਰਾਇਲ ਦੌਰਾਨ ਸਵਦੇਸ਼ੀ ਤੌਰ 'ਤੇ ਬਣੀ ਹਾਈ-ਸਪੀਡ ਟਰੇਨ ਚੱਲ ਸਕਦੀ ਹੈ। ਬੁਲੇਟ ਟਰੇਨ ਦੇ ਟ੍ਰੈਕ ਨੂੰ ਬਣਾਉਣ ਦਾ ਕੰਮ ਤੇਜ਼ੀ ਨਾਲ ਚੱਲ ਰਿਹਾ ਹੈ।

BEML ਨੂੰ ਭਾਰਤ ਦੀ ਆਪਣੀ 'ਬੁਲੇਟ ਟਰੇਨ' ਬਣਾਉਣ ਦਾ ਠੇਕਾ ਮਿਲਿਆ ਹੈ। ਬੀਈਐਮਐਲ ਨੂੰ 8 ਕੋਚਾਂ ਵਾਲੇ ਦੋ ਟਰੇਨਸੈੱਟ ਬਣਾਉਣ ਲਈ 867 ਕਰੋੜ ਰੁਪਏ ਦਾ ਇਕਰਾਰਨਾਮਾ ਜਾਰੀ ਕੀਤਾ ਗਿਆ ਸੀ, ਹਰ ਇੱਕ 280 ਕਿਲੋਮੀਟਰ ਪ੍ਰਤੀ ਘੰਟਾ ਦੀ ਸਪੀਡ ਦੇ ਸਮਰੱਥ ਹੈ। ਹਾਲਾਂਕਿ, ਸ਼ੁਰੂਆਤੀ ਤੌਰ 'ਤੇ ਇਸ ਦੀ ਕਾਰਜਸ਼ੀਲ ਗਤੀ ਸਿਰਫ਼ 250 ਕਿਲੋਮੀਟਰ ਪ੍ਰਤੀ ਘੰਟਾ ਰੱਖੀ ਜਾਵੇਗੀ।

ਨੈਸ਼ਨਲ ਹਾਈ-ਸਪੀਡ ਰੇਲ ਅਧਿਕਾਰੀ ਨੇ ਕਿਹਾ ਕਿ 280 ਕਿਲੋਮੀਟਰ ਪ੍ਰਤੀ ਘੰਟਾ ਦੀ ਰਫ਼ਤਾਰ ਨਾਲ ਚੱਲਣ ਵਾਲੀਆਂ ਸੈਮੀ-ਹਾਈ-ਸਪੀਡ ਰੇਲ ਗੱਡੀਆਂ ਨੂੰ ਭਵਿੱਖ ਦੇ ਬੁਲੇਟ ਟਰੇਨ ਰੂਟ 'ਤੇ ਅਜ਼ਮਾਇਸ਼ ਲਈ ਸੰਪਰਕ ਕੀਤਾ ਗਿਆ ਹੈ।

ਟਰੇਨਸੈੱਟਾਂ ਨੂੰ ਕੰਪਨੀ ਦੀ ਬੈਂਗਲੁਰੂ ਸਹੂਲਤ 'ਤੇ ਬਣਾਇਆ ਜਾਣਾ ਹੈ ਅਤੇ 2026 ਦੇ ਅੰਤ ਤੱਕ ਡਿਲੀਵਰ ਕੀਤਾ ਜਾਣਾ ਹੈ। ਹਾਈ ਸਪੀਡ ਟਰੇਨਾਂ ਨੂੰ ਸਵਦੇਸ਼ੀ ਤੌਰ 'ਤੇ ਡਿਜ਼ਾਈਨ ਕੀਤਾ ਜਾਵੇਗਾ ਅਤੇ ਪੂਰੀ ਤਰ੍ਹਾਂ ਭਾਰਤ 'ਚ ਤਿਆਰ ਕੀਤਾ ਜਾਵੇਗਾ। ਇਹ ਆਰਡਰ ਸ਼ੁਰੂਆਤੀ ਮੁੰਬਈ-ਅਹਿਮਦਾਬਾਦ ਰੂਟਾਂ ਨਾਲ ਸਬੰਧਤ ਜਾਪਾਨੀ-ਬਣਾਈ ਬੁਲੇਟ ਟਰੇਨਾਂ ਨਾਲ ਸਬੰਧਤ ਕੁਝ ਰਿਪੋਰਟ ਕੀਤੇ ਲਾਗਤ ਅਤੇ ਡਿਲੀਵਰੀ ਮੁੱਦਿਆਂ ਤੋਂ ਬਾਅਦ ਆਇਆ ਹੈ।



ਹਰੇਕ ਹਾਈ-ਸਪੀਡ ਕਾਰ ਦੀ ਕੀਮਤ 27.86 ਕਰੋੜ ਰੁਪਏ ਹੈ ਅਤੇ ਕੁੱਲ ਇਕਰਾਰਨਾਮੇ ਦੀ ਕੀਮਤ 866.87 ਕਰੋੜ ਰੁਪਏ ਹੈ ਜਿਸ ਵਿੱਚ ਡਿਜ਼ਾਈਨ ਲਾਗਤ, ਇੱਕ ਵਾਰ ਵਿਕਾਸ ਲਾਗਤ, ਗੈਰ-ਆਵਰਤੀ ਖ਼ਰਚੇ, ਜਿਗਸ, ਫਿਕਸਚਰ, ਟੂਲਿੰਗ ਅਤੇ ਇੱਕ ਵਾਰ ਦੀ ਲਾਗਤ ਸ਼ਾਮਲ ਹੈ।

ਟੈਸਟਿੰਗ ਸੁਵਿਧਾਵਾਂ, ਜੋ ਭਾਰਤ ਵਿੱਚ ਭਵਿੱਖ ਦੇ ਸਾਰੇ ਹਾਈ-ਸਪੀਡ ਪ੍ਰੋਜੈਕਟਾਂ ਲਈ ਵਰਤੀਆਂ ਜਾਣਗੀਆਂ।

ਪਹਿਲੀ ਸਵਦੇਸ਼ੀ ਤੌਰ 'ਤੇ ਡਿਜ਼ਾਈਨ ਕੀਤੀ ਗਈ ਅਤੇ ਨਿਰਮਿਤ ਹਾਈ-ਸਪੀਡ ਟ੍ਰੇਨਸੈੱਟ 280 ਕਿਲੋਮੀਟਰ ਪ੍ਰਤੀ ਘੰਟਾ ਦੀ ਟੈਸਟ ਸਪੀਡ ਨਾਲ ਚੱਲੇਗੀ, ਹੁਣ ਅਸੀਂ ਤੁਹਾਨੂੰ ਭਾਰਤ ਦੇ ਪਹਿਲੇ ਹਾਈ-ਸਪੀਡ ਟ੍ਰੇਨਸੈੱਟ ਦੀਆਂ ਵਿਸ਼ੇਸ਼ਤਾਵਾਂ ਬਾਰੇ ਦੱਸਦੇ ਹਾਂ। ਭਾਰਤ ਦੀ ਪਹਿਲੀ ਹਾਈ-ਸਪੀਡ ਟਰੇਨਸੈੱਟ ਵਿੱਚ ਪੂਰੀ ਤਰ੍ਹਾਂ ਵਾਤਾਅਨੁਕੂਲਿਤ, ਕੁਰਸੀ ਕਾਰ ਦੀ ਸੰਰਚਨਾ ਹੋਵੇਗੀ, ਇਹ ਰੇਲ ਗੱਡੀਆਂ ਆਧੁਨਿਕ ਯਾਤਰੀ ਸੁਵਿਧਾਵਾਂ ਜਿਵੇਂ ਕਿ ਝੁਕਣ ਅਤੇ ਘੁੰਮਣ ਯੋਗ ਸੀਟਾਂ, ਸੀਮਤ ਗਤੀਸ਼ੀਲਤਾ ਵਾਲੇ ਯਾਤਰੀਆਂ ਲਈ ਵਿਸ਼ੇਸ਼ ਪ੍ਰਬੰਧ ਅਤੇ ਆਨ-ਬੋਰਡ ਇਨਫੋਟੇਨਮੈਂਟ ਸਿਸਟਮ ਪ੍ਰਦਾਨ ਕਰਨਗੀਆਂ।

## ਕਰਜ਼ੇ ਦੀ ਭੇਟ ਚੜਿਆ 60 ਸਾਲਾ ਬਜ਼ੁਰਗ ਕਿਸਾਨ, ਜ਼ਹਿਰੀਲੀ ਦਵਾਈ ਖਾ ਕੇ ਕੀਤੀ ਖੁਦਕੁ...ਸ਼ੀ

ਪੰਜਾਬ ਦਾ ਖੁਲਾਸਾ

ਭਵਾਨੀਗੜ : ਨੇੜਲੇ ਪਿੰਡ ਕਾਹਣਗੜ੍ਹ ਵਿਖੇ ਅੱਜ ਕਰਜ਼ੇ ਦੇ ਭਾਰ ਦੇ ਚਲਦਿਆਂ ਇਕ 60 ਸਾਲਾ ਬਜ਼ੁਰਗ ਕਿਸਾਨ ਵੱਲੋਂ ਕੋਈ ਜ਼ਹਿਰੀਲੀ ਦਵਾਈ ਖਾ ਕੇ ਆਤਮ ਹੱਤਿਆ ਕਰ ਲੈਣ ਦਾ ਸਮਾਚਾਰ ਪ੍ਰਾਪਤ ਹੋਇਆ। ਇਸ ਘਟਨਾ ਸਬੰਧੀ ਜਾਣਕਾਰੀ ਦਿੰਦਿਆਂ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਪਿੰਡ ਕਾਹਣਗੜ੍ਹ ਇਕਾਈ ਦੇ ਪ੍ਰਧਾਨ ਜਗਸੀਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੇ ਪਿੰਡ ਦੇ ਕਿਸਾਨ ਮੇਜਰ ਸਿੰਘ ਉਮਰ 60 ਸਾਲ ਪੁੱਤਰ ਮੁਕੰਦ ਸਿੰਘ ਨੇ ਬੀਤੇ ਕੱਲ ਸਵੇਰ ਆਪਣੇ ਖੇਤ ਜਾ ਕੇ ਕੋਈ ਜ਼ਹਿਰੀਲੀ ਦਵਾਈ ਖਾ ਲਈ ਸੀ ਜਿਸ ਨੂੰ ਪਿੰਡ ਬਾਸੀਅਰਖ ਵਿਖੇ ਇਕ ਨਿੱਜੀ ਹਸਪਤਾਲ ਵਿਖੇ ਭਰਤੀ ਕਰਵਾਇਆ ਗਿਆ ਸੀ। ਜਿਥੇ ਇਲਾਜ ਦੌਰਾਨ ਅੱਜ ਉਸ ਦੀ ਮੌਤ ਹੋ ਗਈ। ਉਨ੍ਹਾਂ ਦੱਸਿਆ ਕਿ ਮ੍ਰਿਤਕ ਕਿਸਾਨ ਆਪਣੇ ਛੋਟੇ ਭਰਾ ਨਾਲ ਹੀ ਰਹਿੰਦਾ ਸੀ ਤੇ ਪਰਿਵਾਰ ਦੀ ਸਾਰੀ ਕਲੀਬਦਾਰੀ ਮ੍ਰਿਤਕ ਦੇ ਹੱਥਾਂ 'ਚ ਹੀ ਸੀ। ਦੋਵੇ ਭਰਾਵਾਂ ਕੋਲ ਸਿਰਫ 3 ਏਕੜ ਜ਼ਮੀਨ ਸੀ ਤੇ ਪਰਿਵਾਰ ਦੇ ਸਿਰ ਸਰਕਾਰੀ ਦੇ ਗੈਰਸਰਕਾਰੀ 6 ਲੱਖ ਰੁਪਏ ਦਾ ਕਰਜ਼ੇ ਦਾ ਭਾਰ ਹੋਣ ਕਾਰਨ ਇਹ ਪਿਛਲੇ ਸਮੇਂ ਤੋਂ ਕਾਫ਼ੀ ਪ੍ਰੇਸ਼ਾਨ ਰਹਿੰਦਾ ਸੀ ਤੇ ਇਸੇ ਪ੍ਰੇਸ਼ਾਨੀ ਦੇ ਚਲਦਿਆਂ ਬੀਤੇ ਕੱਲ ਉਸ ਨੇ ਜ਼ਹਿਰੀਲੀ ਦਵਾਈ ਖਾ ਕੇ ਆਤਮ ਹੱਤਿਆ ਕਰ ਲਈ। ਉਨ੍ਹਾਂ ਮੰਗ ਕੀਤੀ ਕਿ ਪਰਿਵਾਰ ਦਾ ਸਾਰਾ ਸਰਕਾਰੀ ਤੇ ਗੈਰ ਸਰਕਾਰੀ ਕਰਜ਼ਾ ਮੁਆਫ਼ ਕੀਤਾ ਜਾਵੇ, ਪਰਿਵਾਰ ਨੂੰ ਵੱਧ ਤੋਂ ਵੱਧ ਆਰਥਿਕ ਸਹਾਇਤਾ ਦਿੱਤੀ ਜਾਵੇ ਤੇ ਪਰਿਵਾਰ ਦੇ ਇਕ ਮੈਂਬਰ ਨੂੰ ਸਰਕਾਰੀ ਨੌਕਰੀ ਦਿੱਤੀ ਜਾਵੇ।

## ਕ੍ਰਿਪਟੋ ਕਰੰਸੀ ਬਹਾਨੇ 15 ਕਰੋੜ ਦੀ ਠੱਗੀ ਮਾਰਨ ਵਾਲਾ ਗ੍ਰਿਫ਼ਤਾਰ, ਬਿਹਾਰ-ਝਾਰਖੰਡ, ਉੱਤਰਾਖੰਡ ਤੱਕ ਫੈਲਿਆ ਸੀ ਨੈੱਟਵਰਕ

ਪੰਜਾਬ ਦਾ ਖੁਲਾਸਾ

**ਵਾਰਾਣਸੀ** : ਕ੍ਰਿਪਟੋ ਕਰੰਸੀ 'ਚ ਨਿਵੇਸ਼ ਕਰ ਕੇ ਚੰਗੀ ਕਮਾਈ ਦਾ ਲਾਲਚ ਦੇ ਕੇ 15 ਕਰੋੜ ਰੁਪਏ ਦੀ ਠੱਗੀ ਮਾਰਨ ਵਾਲੇ ਗਿਰੋਹ ਦੇ ਮੈਂਬਰ ਰਾਮਨਗਰ ਦੇ ਭੀਟੀ ਮਛਰਹੱਟਾ ਵਾਸੀ ਸ਼ੁਭਮ ਉਰਫ਼ ਵਿਸ਼ਾਲ ਮੌਰਿਆ ਨੂੰ ਪੁਲਿਸ ਨੇ ਗ੍ਰਿਫ਼ਤਾਰ ਕੀਤਾ ਹੈ। ਉਸ ਕੋਲੋਂ 2.5 ਲੱਖ ਰੁਪਏ ਦਾ ਮੋਬਾਈਲ ਫ਼ੋਨ, ਦੋ ਸਿਮ ਕਾਰਡ ਅਤੇ ਇੱਕ ਯਾਮਾਹਾ ਸਾਈਕਲ ਬਰਾਮਦ ਹੋਇਆ ਹੈ। ਮਾਮਲੇ ਵਿੱਚ ਸੱਤ ਹੋਰ ਮੁਲਜ਼ਮਾਂ ਦੀ ਭਾਲ ਕੀਤੀ ਜਾ ਰਹੀ ਹੈ। ਧੋਖਾਧੜੀ ਦਾ ਸ਼ਿਕਾਰ ਹੋਣ ਵਾਲਿਆਂ ਦੀ ਗਿਣਤੀ ਤਿੰਨ ਹਜ਼ਾਰ ਦੇ ਕਰੀਬ ਹੈ ਅਤੇ ਪੁਲਿਸ ਨੂੰ ਡਰ ਹੈ ਕਿ ਧੋਖਾਧੜੀ ਦੀ ਰਕਮ 50 ਕਰੋੜ ਰੁਪਏ ਤੱਕ ਪਹੁੰਚ ਸਕਦੀ ਹੈ। ਸਾਈਬਰ ਕ੍ਰਾਈਮ ਥਾਣਾ ਪੁਲਿਸ ਨੂੰ ਰਾਮਨਗਰ ਦੇ ਰਾਜੂ ਕੁਮਾਰ ਵੱਲੋਂ ਦਰਜ ਕਰਵਾਏ ਗਏ ਮਾਮਲੇ ਦੀ ਜਾਂਚ ਦੌਰਾਨ ਪਤਾ ਲੱਗਾ ਕਿ ਸਤੰਬਰ 2022 'ਚ ਬਸਡ ਗਲੋਬਲ ਨਾਂ ਦੀ ਕੰਪਨੀ ਸ਼ੁਰੂ ਕੀਤੀ ਗਈ ਸੀ। ਇਸ ਦਾ ਦਫ਼ਤਰ ਰਾਮਨਗਰ ਵਿੱਚ ਸੀ। ਠੱਗਾਂ ਨੇ ਕੰਪਨੀ ਨੂੰ ਭਰੋਸੇਯੋਗ ਬਣਾਉਣ ਲਈ ਵੈੱਬਸਾਈਟ ਆਦਿ ਵੀ ਬਣਾ ਲਈ ਸੀ। ਉਨਾਵ ਦੇ ਅਰਜੁਨ ਸ਼ਰਮਾ, ਸੁਕਤੀਆ ਚਿੱਤਰੀ, ਬਦਾਊਨ ਦੇ ਰਾਜਕੁਮਾਰ ਮੌਰਿਆ, ਰੁਦਰਪ੍ਰਯਾਗ, ਉਤਰਾਖੰਡ ਦੇ ਪ੍ਰਕਾਸ਼ ਜੋਸ਼ੀ ਕੰਪਨੀ ਦੇ ਡਾਇਰੈਕਟਰ ਸਨ। ਰਾਮਨਗਰ ਦੇ ਭੀਟੀ ਮਛਰਹੱਟਾ ਦੇ ਨਵਨੀਤ ਸਿੰਘ, ਸ਼ੁਭਮ ਮੌਰਿਆ, ਪੰਚਵਟੀ ਦੇ ਵਿਕਾਸ ਨੰਦਾ, ਗੋਲਾਘਾਟ ਦੇ ਮੋਹ. ਦਾਨਿਸ਼ ਖਾਨ, ਰਾਮੇਸ਼ਵਰ ਪੰਚਵਟੀ ਦੇ ਸਤਯਮ ਪਾਂਡੇ ਨੂੰ ਸੁਪਰਵਾਈਜ਼ਰ ਬਣਾਇਆ ਗਿਆ। ਇਨ੍ਹਾਂ ਲੋਕਾਂ ਨੇ ਸਥਾਨਕ ਨੌਜਵਾਨਾਂ ਨੂੰ ਚੰਗੀ ਤਨਖਾਹ ਅਤੇ ਕਮਿਸ਼ਨ ਦਾ ਲਾਲਚ ਦੇ ਕੇ ਨੌਕਰੀ 'ਤੇ ਰੱਖਿਆ ਅਤੇ ਉਨ੍ਹਾਂ ਦੇ ਜ਼ਰੀਏ 600 ਦਿਨਾਂ 'ਚ ਉਨ੍ਹਾਂ ਦੇ ਪੈਸੇ ਦੁੱਗਣੇ ਹੋਣ ਦਾ ਵਾਅਦਾ ਕਰਕੇ ਲੋਕਾਂ ਨੂੰ ਕ੍ਰਿਪਟੋ ਕਰੰਸੀ 'ਚ ਨਿਵੇਸ਼ ਕਰਵਾਉਣ ਦਾ ਕੰਮ ਸ਼ੁਰੂ ਕਰ ਦਿੱਤਾ। ਇਨ੍ਹਾਂ ਠੱਗਾਂ ਨੇ ਬਿਹਾਰ, ਝਾਰਖੰਡ, ਉਤਰਾਖੰਡ ਤੋਂ ਇਲਾਵਾ ਵਾਰਾਣਸੀ ਅਤੇ ਆਸਪਾਸ ਦੇ ਜ਼ਿਲ੍ਹਿਆਂ ਦੇ ਲੋਕਾਂ ਨੂੰ ਆਪਣਾ ਸ਼ਿਕਾਰ ਬਣਾਇਆ ਹੈ। ਬਿਹਾਰ ਦੇ ਨਵਨੀਤ ਸਿੰਘ ਨੇ ਰਾਮਨਗਰ ਪਤੇ 'ਤੇ ਆਪਣਾ ਆਧਾਰ ਕਾਰਡ ਬਣਵਾਇਆ ਅਤੇ ਸਥਾਨਕ ਜਾਣ-ਪਛਾਣ ਦੇ ਕੇ ਲੋਕਾਂ ਨੂੰ ਮਿਲਣਾ ਸ਼ੁਰੂ ਕਰ ਦਿੱਤਾ। ਉਹ ਹੀ ਸੀ ਜਿਸ ਨੇ ਸਥਾਨਕ ਨੌਜਵਾਨਾਂ ਨੂੰ ਆਪਣੇ ਨਾਲ ਮਿਲਾਇਆ। ਉਹ ਕ੍ਰਿਪਟੋ ਕਰੰਸੀ ਵਿੱਚ ਪੈਸਾ ਨਿਵੇਸ਼ ਕਰਦੇ ਸਨ ਅਤੇ ਇਸ ਤੋਂ ਹੋਣ ਵਾਲੇ ਮੁਨਾਫੇ ਤੋਂ ਨਿਵੇਸ਼ਕਾਂ ਨੂੰ ਪੈਸੇ ਦਿੰਦੇ ਸਨ। ਹੌਲੀ-ਹੌਲੀ ਉਸ ਨੇ ਸੱਤ ਵੱਖ-ਵੱਖ ਕੰਪਨੀਆਂ ਬਣਾਈਆਂ ਅਤੇ ਨਿਵੇਸ਼ ਵੀ ਵਧਣ ਲੱਗਾ।

ਅਕਤੂਬਰ 2023 ਵਿੱਚ ਕੰਪਨੀ ਦੇ ਡਾਇਰੈਕਟਰਾਂ ਨੇ ਘਾਟੇ ਦਾ ਹਵਾਲਾ ਦਿੰਦੇ ਹੋਏ ਲੋਕਾਂ ਨੂੰ ਪੈਸੇ ਦੇਣਾ ਬੰਦ ਕਰ ਦਿੱਤਾ ਸੀ।

## ਬਲਾਚੌਰ ਗੜ੍ਹਸ਼ੰਕਰ ਰੋਡ ਤੇ ਬਜਾਜ ਏਜੰਸੀ ਕੋਲ ਟਰੱਕ ਹੋਇਆ ਹਾਦਸਾਗ੍ਰਸਤ

ਪੰਜਾਬ ਦਾ ਖੁਲਾਸਾ



**ਬਲਾਚੌਰ, 12 ਨਵੰਬਰ** ਬਲਾਚੌਰ ਗੜਸ਼ੰਕਰ ਰੋਡ ਨੇੜੇ ਬਜਾਜ ਏਜੰਸੀ ਦੇ ਕੋਲ ਬੀਤੀ ਰਾਤ ਇਕ ਟਰੱਕ ਜਿਸ ਦਾ ਨੰਬਰ ਪੀ ਬੀ 07 ਬੀ ਐਕਸ 5126 ਅਤੇ ਗੜਸ਼ੰਕਰ ਤੋਂ ਯੂ ਪੀ ਨੂੰ ਜਾਣਾ ਸੀ, ਟਰੱਕ ਜਦੋਂ ਬਲਾਚੌਰ ਵਿਖੇ ਪਹੁੰਚਿਆ ਤਾਂ ਹਾਦਸਾ ਗ੍ਰਸਤ ਹੋ ਗਿਆ। ਇਸ ਮੌਕੇ ਜਾਣਕਾਰੀ ਦਿੰਦੇ ਹੋਏ ਟਰੱਕ ਡਰਾਈਵਰ ਨੇ ਦੱਸਿਆ ਕਿ ਉਹ ਜਦੋਂ ਟਰੱਕ ਚੱਲ ਰਿਹਾ ਸੀ ਤਾਂ ਅਚਾਨਕ ਕੋਈ ਵਿਅਕਤੀ ਪੈਦਲ ਅੱਗੇ ਆ ਗਿਆ। ਜਿਸ ਨੂੰ ਬਚਾਉਂਦੇ ਹੋਏ ਟਰੱਕ ਉਸ ਦਾ ਬੇਕਾਬੂ ਹੋ ਕੇ ਦੂਜੀ ਸਾਇਡ ਨੂੰ ਝਾੜੀਆਂ ਵਿੱਚ ਜਾ ਵੜਿਆ। ਇਸ ਮੌਕੇ ਨਾਰੀਅਲ ਦੀ ਰੇਹੜੀ ਵਾਲੇ ਵਿਅਕਤੀ ਨੇ ਦੱਸਿਆ ਕਿ ਇਸ ਟਰੱਕ ਡਰਾਈਵਰ ਨੇ ਸ਼ਰਾਬ ਪੀਤੀ ਹੋਈ ਸੀ ਅਤੇ ਇਸ ਟਰੱਕ ਡਰਾਈਵਰ ਨੇ ਅਚਾਨਕ ਟਰੱਕ ਉਸਦੀ ਨਾਰੀਅਲ ਦੀ ਰੇਹੜੀ ਉਪਰ ਚੜਾ ਦਿੱਤਾ। ਜਿਸ ਕਰਕੇ ਉਸਦੇ ਨਾਰੀਅਲ ਦੀ ਰੇਹੜੀ ਦਾ ਬਹੁਤ ਨੁਕਸਾਨ ਹੋ ਗਿਆ ਹੈ ਅਤੇ ਉਨ੍ਹਾਂ ਮੁਤਾਬਕ ਰਾਤ ਦਾ ਸਮਾਂ ਕਰਕੇ ਉਹ ਰੇਹੜੀ ਤੇ ਮੌਜੂਦ ਨਹੀਂ ਸੀ, ਜੇਕਰ ਮੌਜੂਦ ਹੁੰਦਾ ਤਾਂ ਸ਼ਾਇਦ ਅੱਜ ਉਸ ਦੀ ਜਾਨ ਨਹੀਂ ਬਚਦੀ।

## ਮਹਿੰਗਾਈ ਨੇ ਦਿੱਤਾ ਝਟਕਾ, 14 ਮਹੀਨਿਆਂ ਦੇ ਸਭ ਤੋਂ ਉੱਚੇ ਪੱਧਰ 'ਤੇ ਪਹੁੰਚੀਆਂ ਖਾਣ-ਪੀਣ ਦੀਆਂ ਵਸਤਾਂ ਦੀਆਂ ਕੀਮਤਾਂ

ਪੰਜਾਬ ਦਾ ਖੁਲਾਸਾ



**ਨਵੀਂ ਦਿੱਲੀ** - ਖਪਤਕਾਰ ਮੁੱਲ ਸੂਚਕ ਅੰਕ 'ਤੇ ਆਧਾਰਿਤ ਮਹਿੰਗਾਈ ਅਕਤੂਬਰ ਵਿਚ ਵਧ ਕੇ 6.21 ਫੀਸਦੀ ਹੋ ਗਈ, ਜੋ ਪਿਛਲੇ ਮਹੀਨੇ ਯਾਨੀ ਸਤੰਬਰ ਮਹੀਨੇ ਵਿਚ 5.49 ਫੀਸਦੀ ਸੀ। ਮੰਗਲਵਾਰ ਨੂੰ ਜਾਰੀ ਅਧਿਕਾਰਤ ਅੰਕੜਿਆਂ ਮੁਤਾਬਕ ਅਜਿਹਾ ਮੁੱਖ ਤੌਰ 'ਤੇ ਖਾਣ-ਪੀਣ ਦੀਆਂ ਵਸਤੂਆਂ ਦੀਆਂ ਕੀਮਤਾਂ 'ਚ ਵਾਧੇ ਕਾਰਨ ਹੋਇਆ ਹੈ। ਇਸ ਤਰ੍ਹਾਂ ਪ੍ਰਚੂਨ ਮਹਿੰਗਾਈ ਦਰ ਭਾਰਤੀ ਰਿਜ਼ਰਵ ਬੈਂਕ (ਆਰ.ਬੀ.ਆਈ.) ਦੇ ਛੇ ਫੀਸਦੀ ਦੇ ਤਸੱਲੀਬਖ਼ਸ਼ ਪੱਧਰ ਤੋਂ ਉਪਰ ਚਲੀ ਗਈ ਹੈ। ਪਿਛਲੇ ਸਾਲ ਇਸੇ ਮਹੀਨੇ ਖਪਤਕਾਰ ਮੁੱਲ ਸੂਚਕ ਅੰਕ (ਸੀ.ਪੀ.ਆਈ.) ਆਧਾਰਿਤ ਮਹਿੰਗਾਈ ਦਰ 4.87 ਫੀਸਦੀ ਸੀ। ਨੈਸ਼ਨਲ ਸਟੈਟਿਸਟੀਕਲ ਆਫਿਸ (ਐੱਨ. ਐੱਸ. ਓ.) ਦੇ ਅੰਕੜਿਆਂ ਮੁਤਾਬਕ ਅਕਤੂਬਰ 'ਚ ਖੁਰਾਕੀ ਵਸਤਾਂ ਦੀ ਮਹਿੰਗਾਈ ਵਧ ਕੇ 10.87 ਫੀਸਦੀ ਹੋ ਗਈ, ਜੋ ਸਤੰਬਰ 'ਚ 9.24 ਫੀਸਦੀ ਅਤੇ ਪਿਛਲੇ ਸਾਲ ਅਕਤੂਬਰ 'ਚ 6.61 ਫੀਸਦੀ ਸੀ। ਪਿਛਲੇ ਮਹੀਨੇ ਆਰਬੀਆਈ ਨੇ ਨੀਤੀਗਤ ਰੇਪੋ ਦਰ ਨੂੰ 6.5 ਫੀਸਦੀ 'ਤੇ ਬਰਕਰਾਰ ਰੱਖਿਆ ਸੀ। ਸਰਕਾਰ ਨੇ ਕੇਂਦਰੀ ਬੈਂਕ ਨੂੰ ਮਹਿੰਗਾਈ ਨੂੰ ਚਾਰ ਫੀਸਦੀ (ਦੋ ਫੀਸਦੀ ਦੇ ਉਤਰਾਅ-ਚੜ੍ਹਾਅ ਦੇ ਅੰਦਰ) 'ਤੇ ਰੱਖਣ ਦੀ ਜ਼ਿੰਮੇਵਾਰੀ ਦਿੱਤੀ ਹੈ। ਮਹਿੰਗਾਈ ਦਾ ਸਿੱਧਾ ਸਬੰਧ ਖਰੀਦ ਸ਼ਕਤੀ ਨਾਲ ਹੈ। ਉਦਾਹਰਨ ਲਈ, ਜੇਕਰ ਮਹਿੰਗਾਈ ਦਰ 6% ਹੈ, ਤਾਂ ਕਮਾਏ ਗਏ 100 ਰੁਪਏ ਦਾ ਮੁੱਲ ਸਿਰਫ 94 ਰੁਪਏ ਹੋਵੇਗਾ। ਇਸ ਲਈ ਮਹਿੰਗਾਈ ਨੂੰ ਧਿਆਨ ਵਿੱਚ ਰੱਖ ਕੇ ਹੀ ਨਿਵੇਸ਼ ਕੀਤਾ ਜਾਣਾ ਚਾਹੀਦਾ ਹੈ। ਨਹੀਂ ਤਾਂ ਤੁਹਾਡੇ ਪੈਸੇ ਦੀ ਕੀਮਤ ਘੱਟ ਜਾਵੇਗੀ। ਮਹਿੰਗਾਈ ਦਾ ਵਾਧਾ ਅਤੇ ਗਿਰਾਵਟ ਉਤਪਾਦ ਦੀ ਮੰਗ ਅਤੇ ਸਪਲਾਈ 'ਤੇ ਨਿਰਭਰ ਕਰਦਾ ਹੈ। ਜੇਕਰ ਲੋਕਾਂ ਕੋਲ ਜ਼ਿਆਦਾ ਪੈਸਾ ਹੈ ਤਾਂ ਉਹ ਹੋਰ ਚੀਜ਼ਾਂ ਖਰੀਦਣਗੇ। ਜ਼ਿਆਦਾ ਚੀਜ਼ਾਂ ਖਰੀਦਣ ਨਾਲ ਚੀਜ਼ਾਂ ਦੀ ਮੰਗ ਵਧੇਗੀ ਅਤੇ ਜੇਕਰ ਮੰਗ ਮੁਤਾਬਕ ਸਪਲਾਈ ਨਹੀਂ ਹੋਵੇਗੀ ਤਾਂ ਇਨ੍ਹਾਂ ਚੀਜ਼ਾਂ ਦੀ ਕੀਮਤ ਵਧ ਜਾਵੇਗੀ। ਇਸ ਤਰ੍ਹਾਂ ਬਾਜ਼ਾਰ ਮਹਿੰਗਾਈ ਦਾ ਸ਼ਿਕਾਰ ਹੋ ਜਾਂਦਾ ਹੈ। ਸਿੱਧੇ ਸ਼ਬਦਾਂ ਵਿਚ ਕਹੀਏ ਤਾਂ ਬਾਜ਼ਾਰ ਵਿਚ ਪੈਸੇ ਦਾ ਬਹੁਤ ਜ਼ਿਆਦਾ ਪ੍ਰਵਾਹ ਜਾਂ ਵਸਤੂਆਂ ਦੀ ਕਮੀ ਮਹਿੰਗਾਈ ਦਾ ਕਾਰਨ ਬਣਦੀ ਹੈ। ਜਦੋਂ ਕਿ ਜੇਕਰ ਮੰਗ ਘੱਟ ਅਤੇ ਸਪਲਾਈ ਜ਼ਿਆਦਾ ਹੋਵੇਗੀ ਤਾਂ ਮਹਿੰਗਾਈ ਘੱਟ ਹੋਵੇਗੀ।

## ਬਿੱਟੂ ਦਾ ਚੰਨੀ ਨੂੰ ਮੋੜਵਾਂ ਜਵਾਬ,- ਤੁਸੀਂ ਹਜ਼ਾਰਾਂ ਨੀਟੂ ਸ਼ਟਰਾਂਵਾਲੇ ਵਰਗਿਆਂ ਦਾ...

ਪੰਜਾਬ ਦਾ ਖੁਲਾਸਾ

ਲੁਧਿਆਣਾ -: ਪੰਜਾਬ ਦੀਆਂ 4 ਸੀਟਾਂ 'ਤੇ ਹੋਣ ਜਾ ਰਹੀਆਂ ਜ਼ਿਮਨੀ ਚੋਣਾਂ ਨੂੰ ਲੈ ਕੇ ਸਿਆਸਤ ਦਾ ਦੌਰ ਸਿਖਰਾਂ 'ਤੇ ਹੈ। ਇਸ ਦੌਰਾਨ ਸਿਆਸੀ ਆਗੂਆਂ ਵੱਲੋਂ ਚੋਣ ਪ੍ਰਚਾਰ ਦੇ ਨਾਲ-ਨਾਲ ਇਕ-ਦੂਜੇ 'ਤੇ ਸ਼ਬਦੀ ਹਮਲੇ ਵੀ ਕੀਤੇ ਜਾ ਰਹੇ ਹਨ। ਬੀਤੇ ਦਿਨੀਂ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਅਤੇ ਜਲੰਧਰ ਤੋਂ ਸੰਸਦ ਮੈਂਬਰ ਚਰਨਜੀਤ ਸਿੰਘ ਚੰਨੀ ਨੇ ਕਿਹਾ ਸੀ ਕਿ ਰਵਨੀਤ ਬਿੱਟੂ ਪੰਜਾਬ ਦੇ ਮੁੱਖ ਮੰਤਰੀ ਬਣਨ ਦੇ ਸੁਫ਼ਨੇ ਵੇਖ ਰਹੇ ਹਨ, ਪਰ ਇਹ ਕਦੇ ਪੂਰੇ ਨਹੀਂ ਹੋ ਸਕਦੇ। ਚੰਨੀ ਨੇ ਇੱਥੋਂ ਤਕ ਕਹਿ ਦਿੱਤਾ ਸੀ ਕਿ ਨੀਟੂ ਸ਼ਟਰਾਂਵਾਲਾ ਤਾਂ ਪੰਜਾਬ ਦਾ ਮੁੱਖ ਮੰਤਰੀ ਬਣ ਸਕਦਾ ਹੈ, ਪਰ ਰਵਨੀਤ ਬਿੱਟੂ ਨਹੀਂ। ਹੁਣ ਇਸ ਬਿਆਨ 'ਤੇ ਕੇਂਦਰੀ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਚਰਨਜੀਤ ਸਿੰਘ ਚੰਨੀ ਨੂੰ ਮੋੜਵਾਂ ਜਵਾਬ ਦਿੱਤਾ ਹੈ।

ਰਵਨੀਤ ਸਿੰਘ ਬਿੱਟੂ ਨੇ ਕਿਹਾ ਕਿ ਚਰਨਜੀਤ ਸਿੰਘ ਚੰਨੀ ਨੇ ਮੁੱਖ ਮੰਤਰੀ ਬਣ ਕੇ ਹਜ਼ਾਰਾਂ ਨੀਟੂ ਸ਼ਟਰਾਂਵਾਲੇ ਵਰਗਿਆਂ ਦਾ ਕੰਮ ਖੋਹ ਲਿਆ ਸੀ। ਕਦੇ ਉਹ ਬਕਰੀ ਦੀ ਧਾਰ ਚੋਂਦੇ ਸੀ, ਕਦੇ ਸੱਪ ਫੜਦੇ ਸੀ ਤੇ ਕਦੀ ਕੁਝ ਹੋਰ ਕਰਦੇ ਸੀ। ਚੰਨੀ ਨੇ ਮੁੱਖ ਮੰਤਰੀ ਬਣ ਕੇ ਉਸ ਕੁਰਸੀ ਨੂੰ ਮਜ਼ਾਕ ਦਾ ਪਾਤਰ ਬਣਾ ਕੇ ਰੱਖ ਦਿੱਤਾ ਸੀ। ਬਿੱਟੂ ਨੇ ਇਹ ਵੀ ਕਿਹਾ ਕਿ ਚਰਨਜੀਤ ਸਿੰਘ ਚੰਨੀ ਸਕੂਲਾਂ ਕਾਲਜਾਂ ਦੀਆਂ ਬੱਚੀਆਂ ਤੋਂ ਲੈ ਕੇ ਮਹਿਲਾ IAS ਅਫ਼ਸਰਾਂ ਤਕ ਨਾਲ ਛੇੜਖਾਨੀਆਂ ਕਰਦੇ ਰਹੇ ਹਨ। ਅਜਿਹੇ ਲੋਕ ਤਾਂ ਸਮਾਜ ਵਿਚ ਰੱਖਣ ਲਾਇਕ ਨਹੀਂ, ਮੁੱਖ ਮੰਤਰੀ ਤਾਂ ਬਹੁਤ ਦੂਰ ਦੀ ਗੱਲ ਹੈ। ਬਿੱਟੂ ਨੇ ਇਹ ਵੀ ਕਿਹਾ ਕਿ ਚਰਨਜੀਤ ਸਿੰਘ ਚੰਨੀ ਕਾਂਗਰਸ ਦੇ ਇੰਨੇ ਮਹਾਨ ਮੁੱਖ ਮੰਤਰੀ ਨੇ, ਜਿਹੜੇ ਮੁੱਖ ਮੰਤਰੀ ਹੁੰਦੇ ਹੋਏ ਦੋਹਾਂ ਸੀਟਾਂ ਤੋਂ ਹਾਰ ਗਏ ਸੀ ਤੇ ਇਕ ਤੋਂ ਤਾਂ ਜ਼ਮਾਨਤ ਹੀ ਜ਼ਬਤ ਹੋ ਗਈ ਸੀ।



ਬਿੱਟੂ ਨੇ ਕਿਹਾ ਕਿ ਚਰਨਜੀਤ ਚੰਨੀ ਮੰਤਰੀ ਹੁੰਦੇ ਹੋਏ ਆਪਣੇ ਨਾਲ ਦੀ ਮਹਿਲਾ IAS ਅਫ਼ਸਰ ਨਾਲ ਇਸ ਤਰ੍ਹਾਂ ਦੀ ਸ਼ੇਅਰੋ-ਸ਼ਾਇਰੀ ਕਰਦੇ ਸੀ ਕਿ ਉਨ੍ਹਾਂ ਨੂੰ ਵੀ ਸ਼ਰਮ ਆ ਗਈ ਤੇ ਉਨ੍ਹਾਂ ਨੇ ਜਾ ਕੇ ਸ਼ਿਕਾਇਤ ਕੀਤੀ। IAS ਅਫ਼ਸਰਾਂ ਦੀ ਐਸੋਸੀਏਸ਼ਨ ਨੇ ਸਾਫ਼ ਤੌਰ ਤੇ ਕਿਹਾ ਸੀ ਕਿ ਜਾਂ ਪੰਜਾਬ ਵਿਚ ਚਰਨਜੀਤ ਸਿੰਘ ਚੰਨੀ ਰਹੇਗਾ ਜਾਂ ਉਹ ਰਹਿਣਗੇ। ਉਨ੍ਹਾਂ ਕਿਹਾ ਕਿ ਚੰਨੀ ਨੇ ਮੁੱਖ ਮੰਤਰੀ ਬਣ ਕੇ ਆਪਣਾ ਇਹ ਕੇਸ ਬੰਦ ਕੀਤਾ, ਪਰ ਉਸ ਵੇਲੇ ਮਹਿਲਾ ਕਮਿਸ਼ਨ ਦੇ ਚੇਅਰਮੈਨ ਮਨੀਸ਼ਾ ਗੁਲਾਟੀ ਨੇ ਸਪਸ਼ਟ ਕਿਹਾ ਸੀ ਕਿ ਸਰਕਾਰ ਭਾਵੇਂ ਕੇਸ ਬੰਦ ਕਰ ਦੇਵੇ, ਪਰ ਮਹਿਲਾ ਕਮਿਸ਼ਨ ਵੱਲੋਂ ਇਹ ਕੇਸ ਬੰਦ ਨਹੀਂ ਹੋਵੇਗਾ। ਅੱਜ ਵੀ ਉਨ੍ਹਾਂ 'ਤੇ ਇਹ ਕੇਸ ਚੱਲ ਰਿਹਾ ਹੈ।

## ਬਠਿੰਡਾ ਪੁਲਿਸ ਨੇ ਕਿਸਾਨ ਆਗੂਆਂ ਖਿਲਾਫ ਸ਼ਿਕੰਜਾ ਕਸਿਆ

ਪੰਜਾਬ ਦਾ ਖੁਲਾਸਾ

**ਰਾਮਾਂ ਮੰਡੀ 12 ਨਵੰਬਰ (ਅਸ਼ੋਕ)** : ਬੀਤੀ ਦੇਰ ਸ਼ਾਮ ਬਠਿੰਡਾ ਜ਼ਿਲ੍ਹੇ ਦੇ ਪਿੰਡ ਰਾਏਕੇ ਕਲਾਂ 'ਚ ਕਿਸਾਨਾਂ ਵੱਲੋਂ ਬੰਦੀ ਬਣਾਏ ਅਫਸਰਾਂ ਨੂੰ ਛੁਡਾਉਣ ਵਕਤ ਪੁਲਿਸ ਅਤੇ ਕਿਸਾਨਾਂ ਵਿਚਕਾਰ ਹੋਈਆਂ ਝੜਪਾਂ ਨੂੰ ਲੈਕੇ ਥਾਣਾ ਨੰਦਗੜ੍ਹ ਪੁਲਿਸ ਨੇ 4 ਮੋਹਰੀ ਕਿਸਾਨ ਆਗੂਆਂ ਅਤੇ 30-40 ਅਣਪਛਾਤਿਆਂ ਖਿਲਾਫ ਮੁਕੱਦਮਾ ਦਰਜ ਕਰ ਲਿਆ ਹੈ। ਥਾਣਾ ਨੰਦਗੜ੍ਹ ਪੁਲਿਸ ਨੇ ਇਸ ਮਾਮਲੇ 'ਚ ਪਨਗਰੇਨ ਦੇ ਖਰੀਦ ਇੰਸਪੈਕਟਰ ਰਾਜਬੀਰ ਸਿੰਘ ਦੀ ਸ਼ਕਾਇਤ ਦੇ ਅਧਾਰ ਤੇ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਜ਼ਿਲ੍ਹਾ ਆਗੂ ਜਗਸੀਰ ਸਿੰਘ ਝੁੰਬਾ, ਰਾਮ ਸਿੰਘ ਤੇ ਗੋਰਾ ਸਿੰਘ ਵਾਸੀਅਨ ਕੋਟਗੁਰੂ ਅਤੇ ਅਜੇਪਾਲ ਸਿੰਘ ਵਾਸੀ ਘੁੱਦਾ ਨੂੰ ਬੀਐਨਐਸ ਦੀ ਧਾਰਾ 220,132,127(2),191 (3) ,190 ਤਹਿਤ ਨਾਮਜਦ ਕੀਤਾ ਹੈ। ਸ਼ਿਕਾਇਤ 'ਚ ਦੱਸਿਆ ਹੈ ਕਿ ਉਹ 11 ਨਵੰਬਰ ਨੂੰ ਪਿੰਡ ਰਾਏਕੇ ਕਲਾਂ ਵਿਖੇ ਲਿਫਟਿੰਗ ਅਤੇ ਬਾਰਦਾਨੇ ਦਾ ਆੜ੍ਹਤੀਆਂ ਨਾਲ ਮਿਲਾਨ ਕਰ ਰਿਹਾ ਸੀ ਤਾਂ ਇਸ ਦੌਰਾਨ ਕਿਸਾਨ ਯੂਨੀਅਨ ਦੇ ਆਗੂਆਂ ਨੇ ਉਸ ਨੂੰ ਬੰਦੀ ਬਣਾ ਲਿਆ।

ਸ਼ਿਕਾਇਤ 'ਚ ਇਹ ਵੀ ਦੱਸਿਆ ਕਿ ਇਹ ਲੋਕ ਉਸ ਤੇ ਸਾਰੇ ਝੋਨੇ ਦੀ ਖਰੀਦ ਕਰਨ ਦਾ ਦਬਾਅ ਬਣਾ ਰਹੇ ਸਨ। ਕਿਸਾਨਾਂ ਨੇ ਇਸ ਮੌਕੇ ਉਸ ਤੋਂ ਇਲਾਵਾ ਪਨਸਪ ਦੇ ਇੰਸਪੈਕਟਰ ਨਵਦੀਪ ਸਿੰਘ ਅਤੇ ਨਾਇਬ ਤਹਿਸੀਲਦਾਰ ਬਠਿੰਡਾ ਵਿਪਨ ਸ਼ਰਮਾ ਨੂੰ ਵੀ ਬੰਦੀ ਬਣਾ ਲਿਆ। ਪੁਲਿਸ ਅਨੁਸਾਰ ਇਸ ਮਾਮਲੇ 'ਚ ਅਜੇ ਕੋਈ

**ਮਾਮਲਾ ਲਾਠੀਚਾਰਜ ਪਿੱਛੋਂ ਪੁਲਿਸ ਨਾਲ ਝੜਪਾਂ ਦਾ**




ਗ੍ਰਿਫਤਾਰੀ ਨਹੀਂ ਹੋਈ ਹੈ। ਦੱਸਣਯੋਗ ਹੈ ਕਿ ਪਿੰਡ ਰਾਏਕੇ ਕਲਾਂ ਦੀ ਅਨਾਜ ਮੰਡੀ 'ਚ ਬੀਤੀ ਦੇਰ ਸ਼ਾਮ ਕਿਸਾਨਾਂ ਨੇ ਝੋਨੇ ਦੀ ਢੁੱਕਵੀਂ ਖਰੀਦ ਨਾਂ ਹੋਣ ਨੂੰ ਲੈਕੇ ਕਿਸਾਨ ਆਗੂਆਂ ਦੀ ਅਗਵਾਈ ਹੇਠ ਖਰੀਦ ਇੰਸਪੈਕਟਰਾਂ ਦਾ ਵਿਰੋਧ ਸ਼ੁਰੂ ਕਰ ਦਿੱਤਾ। ਇਸ ਮੌਕੇ ਬੀਕੇਯੂ ਉਗਰਾਹਾਂ ਦੇ ਆਗੂ ਜਗਸੀਰ ਸਿੰਘ ਝੁੰਬਾ, ਜਗਦੇਵ ਜੋਗੇਵਾਲਾ, ਰਾਮ ਸਿੰਘ ਕੋਟਗੁਰੂ ਦੀ ਅਗਵਾਈ ਹੇਠ ਕਿਸਾਨਾਂ ਨੇ ਖ਼ਰੀਦ ਏਜੰਸੀਆਂ ਦੇ ਇੰਸਪੈਕਟਰਾਂ ਘਿਰਾਓ ਕਰ ਲਿਆ ਅਤੇ ਜਬਰਦਸਤ ਨਾਅਰੇਬਾਜੀ ਸ਼ੁਰੂ ਕਰ ਦਿੱਤੀ।

ਕਿਸਾਨਾਂ ਨੇ ਖਰੀਦ ਇੰਸਪੈਕਟਰਾਂ ਅਤੇ ਮੌਕੇ ਤੇ ਸਥਿਤੀ ਸ਼ਾਂਤ ਕਰਨ ਪੁੱਜੇ ਤਹਿਸੀਲਦਾਰ ਨੂੰ ਬੰਦੀ ਬਣਾ ਲਿਆ। ਕਾਫੀ ਕੋਸ਼ਿਸ਼ ਕਰਨ ਦੇ ਬਾਵਜੂਦ ਜਦੋਂ ਸਥਿਤੀ ਕਾਬੂ ਹੇਠ ਨਾਂ ਆਈ ਤਾਂ ਪੁਲਿਸ ਨੇ ਬਲ ਪ੍ਰਯੋਗ ਸ਼ੁਰੂ ਕਰ ਦਿੱਤਾ। ਕਿਸਾਨਾਂ ਦੇ ਤਿੱਖੇ ਵਿਰੋਧ ਕਾਰਨ ਅਫਸਰਾਂ ਨੂੰ ਕਿਸਾਨਾਂ ਦੇ ਕਬਜੇ ਚੋਂ ਰਿਹਾ ਕਰਵਾਉਣ ਵੇਲੇ ਸਥਿਤੀ ਐਨੀ ਹੰਗਾਮਾ ਭਰਪੂਰ ਬਣ ਗਈ ਸੀ ਕਿ ਪੁਲਿਸ ਨੂੰ ਲਾਠੀਚਾਰਜ ਤੱਕ ਕਰਨਾ ਪਿਆ। ਪੁਲਿਸ ਦੀ ਇਸ ਕਾਰਵਾਈ ਦੌਰਾਨ ਕਈ ਕਿਸਾਨ ਆਗੂਆਂ ਦੇ ਸੱਟਾਂ ਵੀ ਲੱਗੀਆਂ ਹਨ। ਅੱਜ ਵੀ ਕਿਸਾਨਾਂ ਨੇ ਦੱਸਿਆ ਕਿ ਇੱਕ ਆੜ੍ਹਤੀਏ, ਜੋ ਸ਼ੈਲਰ ਮਾਲਕ ਵੀ ਹੈ, ਵੱਲੋਂ ਕਿਸਾਨਾਂ ਦੇ ਸੁੱਕੇ ਝੋਨੇ ਨੂੰ ਖਰੀਦਣ ਦੀ ਥਾਂ ਗਿੱਲਾ ਕਹਿ ਕਿ ਘੱਟ ਭਾਅ ਤੇ ਖਰੀਦ ਕਰਕੇ ਲੁੱਟ ਕੀਤੀ ਜਾ ਰਹੀ ਸੀ, ਜਿਸ ਕਾਰਨ ਜਥੇਬੰਦੀ ਨੂੰ ਇੰਸਪੈਕਟਰ ਦਾ ਘਿਰਾਓ ਕਰਨਾ ਪਿਆ।

**ਕਿਸਾਨ ਵਿਰੋਧੀ ਚਿਹਰਾ : ਕਿਸਾਨ ਆਗੂ**- ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਜ਼ਿਲ੍ਹਾ ਪ੍ਰਧਾਨ ਸ਼ਿੰਗਾਰਾ ਸਿੰਘ ਮਾਨ ਨੇ ਲਾਠੀਚਾਰਜ ਦੀ ਨਿਖੇਧੀ ਕਰਦਿਆਂ ਕਿਹਾ ਕਿ ਪੁਲਿਸ ਕਾਰਵਾਈ ਨਾਲ ਪੰਜਾਬ ਦੀ ਭਗਵੰਤ ਮਾਨ ਸਰਕਾਰ ਦਾ ਕਿਸਾਨ ਵਿਰੋਧੀ ਚਿਹਰਾ ਨੰਗਾ ਹੋ ਗਿਆ ਹੈ। ਉਨ੍ਹਾਂ ਕਿਹਾ ਕਿ ਅਨਾਜ ਮੰਡੀਆਂ 'ਚ ਕਿਸਾਨਾਂ ਦੀ ਹੁੰਦੀ ਲੁੱਟ ਬਰਦਾਸ਼ਤ ਨਹੀਂ ਕੀਤੀ ਜਾਏਗੀ ਅਤੇ ਜੇਕਰ ਕੋਈ ਮਾਮਲਾ ਸਾਹਮਣੇ ਆਉਂਦਾ ਹੈ ਤਾਂ ਜੱਥੇਬੰਦੀ ਦਖਲ ਦੇਵੇਗੀ।

**ਮਸਲੇ ਦਾ ਹੱਲ ਕਰੇ ਸਰਕਾਰ**- ਭਾਰਤੀ ਕਿਸਾਨ ਯੂਨੀਅਨ ਉਗਰਾਹਾਂ ਦੇ ਆਗੂ ਜਸਬੀਰ ਸਿੰਘ ਬੁਰਜ ਸੇਮਾ ਨੇ ਪੁਲਿਸ ਕੇਸ ਦਰਜ ਕਰਨ ਨੂੰ ਕਿਸਾਨੀ ਤਾਕਤ ਅੱਗੇ ਬਣੀ ਸਰਕਾਰ ਦੀ ਘਬਰਾਹਟ ਕਰਾਰ ਦਿੰਦਿਆਂ ਨਸੀਹਤ ਦਿੱਤੀ ਹੈ ਕਿ ਹਕੂਮਤ ਟਕਰਾਅ ਦੀ ਥਾਂ ਕਿਸਾਨਾਂ ਦੇ ਮਸਲੇ ਦਾ ਹੱਲ ਕੱਢੇ। ਉਨ੍ਹਾਂ ਕਿਹਾ ਕਿ ਸਰਕਾਰੀ ਨੀਤੀਆਂ ਅਤੇ ਵਿਵਹਾਰ ਕਿਸਾਨ ਵਿਰੋਧੀ ਹੋ ਗਿਆ ਹੈ।

**ਪੁਲਿਸ ਮੁਲਾਜਮ ਵੀ ਜਖਮੀ ਹੋਏ**- ਪੁਲਿਸ ਪ੍ਰਸ਼ਾਸ਼ਨ ਮੁਤਾਬਕ ਅਫਸਰਾਂ ਨੂੰ ਛੁਡਾਉਣ ਵੇਲੇ ਕਿਸਾਨਾਂ ਨੇ ਪੁਲਿਸ ਪਾਰਟੀ ਦੇ ਹਮਲਾ ਕੀਤਾ ਹੈ। ਇਸ ਹਮਲੇ ਦੌਰਾਨ ਸਹਾਇਕ ਥਾਣੇਦਾਰ ਪਰਮਜੀਤ ਕੁਮਾਰ ਦੇ ਤੇਜ ਧਾਰ ਹਥਿਆਰ ਨਾਲ ਸੱਟਾਂ ਮਾਰੀਆਂ ਗਈਆਂ ਹਨ। ਪੁਲਿਸ ਨੇ ਦੱਸਿਆ ਕਿ ਪੁਲਿਸ ਨੇ ਸਥਿਤੀ ਤੇ ਕਾਬੂ ਪਾ ?ਉਣ ਲਈ ਹਲਕੇ ਜਿਹੇ ਬਲ ਦਾ ਵਰਤੋਂ ਕੀਤੀ ਹੈ ਜਦੋਂਕਿ ਪੁਲਿਸ ਮੁਲਾਜਮਾਂ ਅਤੇ ਪੁਲਿਸ ਦੀਆਂ ਗੱਡੀਆਂ ਤੇ ਕੁਹਾੜੀ ਵਰਗੇ ਤੇਜ ਧਾਰ ਹਥਿਆਰਾਂ ਨਾਲ ਹਮਲਾ ਕੀਤਾ ਗਿਆ। ਇਸ ਹਮਲੇ ਦੌਰਾਨ ਪੁਲਿਸ ਦੀ ਇੱਕ ਗੱਡੀ ਵੀ ਨੁਕਸਾਨੀ ਗਈ ਹੈ।

## ਟੈਕਸ ਚੋਰੀ ਮਾਮਲੇ ਵਿਚ ਜਲੰਧਰ ਕਮਿਸ਼ਨਰੇਟ ਪੁਲਿਸ ਨੇ ਪੰਜ ਨੂੰ ਗ੍ਰਿਫ਼ਤਾਰ ਕੀਤਾ

ਪੰਜਾਬ ਦਾ ਖੁਲਾਸਾ

**ਜਲੰਧਰ 12 ਨਵੰਬਰ (ਅਮ੍ਰਿਤਪਾਲ ਸਿੰਘ)** ਟੈਕਸ ਚੋਰੀ ਰੋਕਣ ਲਈ ਜਲੰਧਰ ਕਮਿਸ਼ਨਰੇਟ ਪੁਲੀਸ ਨੇ ਪੰਜ ਵਿਅਕਤੀਆਂ ਨੂੰ ਗ੍ਰਿਫਤਾਰ ਕਰ ਕੇ ਡੱਬਾ ਵਪਾਰ ਵਿੱਚ ਸ਼ਾਮਲ ਇੱਕ ਸ਼ੱਕੀ ਗਰੋਹ ਦਾ ਪਰਦਾਫਾਸ਼ ਕੀਤਾ ਹੈ। ਇਸ ਸਬੰਧੀ ਪੁਲੀਸ ਕਮਿਸ਼ਨਰ ਸਵਪਨ ਸ਼ਰਮਾ ਨੇ ਕਿਹਾ ਕਿ ਡੱਬਾ ਵਪਾਰ ਦਾ ਇੱਕ ਗੈਰ-ਨਿਯੰਤ੍ਰਿਤ, ਗੈਰ-ਕਾਨੂੰਨੀ ਰੂਪ ਹੈ। ਉਨ੍ਹਾਂ ਦੱਸਿਆ ਕਿ ਮੁਲਜ਼ਮਾਂ ਦੀ ਪਛਾਣ ਜਤੀਸ਼ ਅਰੋੜਾ (ਉਰਫ਼ ਗੋਰੀ) ਵਾਸੀ ਮੁਹੱਲਾ ਨੰਬਰ 30 ਫਰੈਂਡਜ਼ ਕਲੋਨੀ ਜਲੰਧਰ, ਕਰਨ ਡੋਗਰਾ (ਉਰਫ਼ ਕਰਨ) ਵਾਸੀ ਐੱਚ.238, ਕਾਲੀਆ ਕਲੋਨੀ ਫੇਜ਼-2 ਜਲੰਧਰ, ਅਨਿਲ ਆਨੰਦ (ਉਰਫ਼ ਮੋਨੂੰ) ਵਾਸੀ 10 ਕਿਲਾ ਮੁਹੱਲਾ ਜਲੰਧਰ, ਦਰਪਨ ਸੇਠ (ਉਰਫ਼ ਰਿੰਕੂ ਸੇਠ) ਵਾਸੀ 129, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਨੇੜੇ ਟੈਗੋਰ ਹਸਪਤਾਲ ਜਲੰਧਰ ਅਤੇ ਤਰੁਣ ਭਾਰਦਵਾਜ (ਉਰਫ਼ ਕੰਨੂ) ਵਾਸੀ 357-ਏ ਵੀਨਸ ਵੈਲੀ ਕਾਲੀਆ ਕਲੋਨੀ ਜਲੰਧਰ ਵਜੋਂ ਹੋਈ ਹੈ। ਪੁਲੀਸ ਕਮਿਸ਼ਨਰ ਨੇ ਦੱਸਿਆ ਕਿ ਇਸ ਕੇਸ ਵਿੱਚ ਗੁਰਦਿਆਲ ਸਿੰਘ ਉਰਫ਼ ਰਾਜੂ ਵਾਸੀ ਜਲੰਧਰ ਅਤੇ ਮੰਗਲ ਨੂੰ ਵੀ ਨਾਮਜ਼ਦ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਕਮਿਸ਼ਨਰੇਟ ਪੁਲੀਸ ਨੂੰ ਸਾਈ ਸ਼ੇਅਰ ਬ੍ਰੋਕਰ ਦੇ ਨਾਂ ਹੇਠ ਨਾਜਾਇਜ਼ ਡੱਬਾ ਵਪਾਰ ਕਰਨ ਦੀ ਸੂਚਨਾ ਮਿਲੀ ਸੀ। ਸਵਪਨ ਸ਼ਰਮਾ ਨੇ ਦੱਸਿਆ ਕਿ ਸਕਿਓਰਿਟੀਜ਼ ਕੰਟਰੈਕਟ (ਰੈਗੂਲੇਸ਼ਨ) ਐਕਟ ਨੂੰ ਸ਼ਾਮਲ ਕਰਦੇ ਹੋਏ ਪੀ.ਐੱਸ. ਡਿਵੀਜ਼ਨ 1, ਜਲੰਧਰ ਵਿੱਚ ਇੱਕ ਐੱਫਆਈਆਰ (146-24) ਦਰਜ ਕੀਤੀ ਗਈ ਸੀ। ਪੁਲੀਸ ਕਮਿਸ਼ਨਰ ਨੇ ਦੱਸਿਆ ਕਿ ਗਰੋਹ ਦੇ ਸਰਗਨਾ ਜਤੀਸ਼ ਅਰੋੜਾ ਨੇ ਸਾਲ 2019 ਵਿੱਚ ਦਾਣਾ ਮੰਡੀ, ਜਲੰਧਰ ਵਿੱਚ ਸਥਿਤ ਬੀਅਰ ਬਲਦ ਦੇ ਦਫ਼ਤਰ ਤੋਂ ਸਟਾਕ ਮਾਰਕੀਟ ਬਾਰੇ ਜਾਣਕਾਰੀ ਪ੍ਰਾਪਤ ਕੀਤੀ ਸੀ। ਉਸਨੇ ਕਿਹਾ ਕਿ ਤਿੰਨ ਸਾਲਾਂ ਬਾਅਦ ਉਸਨੇ ਆਪਣੀ ਗੈਰ-ਰਜਿਸਟਰਡ ਦੁਕਾਨ ਸਾਈ ਸ਼ੇਅਰ ਬਰੋਕਰ ਖੋਲ੍ਹੀ ਅਤੇ ਏਂਜਲ ਬ੍ਰੋਕਿੰਗ ਐਪ ਰਾਹੀਂ ਡੱਬਾ ਵਪਾਰ ਸ਼ੁਰੂ ਕੀਤਾ ਅਤੇ ਹੋਰ ਗਾਹਕਾਂ ਨੂੰ ਜੋੜ ਕੇ ਅਤੇ ਸਟਾਕ ਟਿਪਸ ਦੀ ਪੇਸ਼ਕਸ਼ ਕਰ ਕੇ ਲਾਭ ਪ੍ਰਾਪਤ ਕੀਤਾ। ਇਹ ਸਾਰੇ ਮੁਲਜ਼ਮ ਬਿਨਾਂ ਕਿਸੇ ਲਾਇਸੈਂਸ ਦੇ ਕਾਰੋਬਾਰ ਕਰਦੇ ਸਨ।



ਪੰਜਾਬ ਦਾ ਖੁਲਾਸਾ



# ਜੇਐੱਸਡਬਲਿਊ ਐੱਮ ਜੀ ਮੋਟਰਜ਼ ਨੇ ਭਾਰਤ ਦੀ ਪਹਿਲੀ ਇੰਟਰਨੈੱਟ ਐਸਯੂਵੀ ਐਮਜੀ ਹੈਕਟੇਅਰ ਦੇ ਨਵੇਂ ਵਿਸਤਾਰ ਦਾ ਕੀਤਾ ਐਲਾਨ

ਪੰਜਾਬ ਦਾ ਖੁਲਾਸਾ

**ਜਲੰਧਰ 12 ਨਵੰਬਰ (ਅਮ੍ਰਿਤਪਾਲ ਸਿੰਘ):** ਜੇਐੱਸਡਬਲਿਊ ਐੱਮਜੀ ਮੋਟਰ ਇੰਡੀਆ ਨੇ ਭਾਰਤ ਦੀ ਪਹਿਲੀ ਇੰਟਰਨੈੱਟ ਐੱਸਯੂਵੀ ਐੱਮਜੀ ਹੈਕਟਰ ਦੇ ਵਿਸਤਾਰ ਦਾ ਐਲਾਨ ਕੀਤਾ ਹੈ, ਜਿਸ ਵਿੱਚ ਦੋ 7-ਸੀਟਰ ਨਵੇਂ ਵੇਰੀਐਂਟ ਹੈਕਟਰ ਪਲੱਸ 7-ਸੀਟਰ ਸਿਲੈਕਟ ਪ੍ਰੋ ਅਤੇ ਸਮਾਰਟ ਪ੍ਰੋ ਸ਼ਾਮਲ ਹਨ। ਜੇਐੱਸਡਬਲਿਊ ਐੱਮਜੀ ਮੋਟਰ ਇੰਡੀਆ ਦੇ ਚੀਫ ਕਮਰਸ਼ੀਅਲ ਅਫ਼ਸਰ ਸਤਿੰਦਰ ਸਿੰਘ ਬਾਜਵਾ ਨੇ ਕਿਹਾ ਕਿ ਨਵੇਂ ਵੇਰੀਐਂਟ ਸਾਡੇ ਗਾਹਕਾਂ ਦੀਆਂ ਉਭਰਦੀਆਂ ਲੋੜਾਂ ਨੂੰ ਪੂਰਾ ਕਰਨ ਲਈ ਜੇਐੱਸਡਬਲਿਊ ਐੱਮਜੀ ਮੋਟਰ ਇੰਡੀਆ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ।ਐੱਮਜੀ ਹੈਕਟਰ ਦੀ ਕਾਮਯਾਬੀ ਦੇ ਆਧਾਰ ‘ਤੇ ਇਹ ਨਵੇਂ ਵਾਧੇ ਗੁਣਵੱਤਾ, ਆਰਾਮ ਅਤੇ ਤਕਨੀਕੀ ਉੱਤਮਤਾ ਨਾਲ ਸਮਝੌਤਾ ਕੀਤੇ ਬਿਨਾਂ ਬਹੁਪੱਖੀ ਅਨੁਭਵ ਦਿੰਦੇ ਹਨ, ਜਿਸ ਨੇ ਹੈਕਟਰ ਨੂੰ ਮਨਪਸੰਦ ਚੋਣ ਬਣਾ ਦਿੱਤਾ ਹੈ।

# ਜਲੰਧਰ ਸਿਵਲ ਹਸਪਤਾਲਾਂ ਵਿੱਚ ਪ੍ਰਬੰਧਾਂ ਦੀ ਘਾਟ ਕਾਰਨ ਡੇਂਗੂ ਮਰੀਜ਼ਾਂ ਨੂੰ ਹੋਣਾ ਪੈ ਰਿਹਾ ਹੈ ਪ੍ਰੇਸ਼ਾਨ

ਪੰਜਾਬ ਦਾ ਖੁਲਾਸਾ

**ਜਲੰਧਰ 12 ਨਵੰਬਰ (ਅਮ੍ਰਿਤਪਾਲ ਸਿੰਘ)** ਇਲਾਕੇ ਵਿੱਚ ਡੇਂਗੂ ਦੇ ਮਾਮਲੇ ਚਿੰਤਾਜਨਕ ਪੱਧਰ ‘ਤੇ ਪਹੁੰਚ ਗਏ ਹਨ। ਜਾਣਕਾਰੀ ਮੁਤਾਬਕ ਜੁਲਾਈ ਤੋਂ ਹੁਣ ਤੱਕ 105 ਮਾਮਲਿਆਂ ਦੀ ਪੁਸ਼ਟੀ ਹੋ ਚੁੱਕੀ ਹੈ। ਡੇਂਗੂ ਮਰੀਜ਼ਾਂ ਦੀ ਵਧ ਰਹੀ ਗਿਣਤੀ ਦੌਰਾਨ ਸਿਵਲ ਹਸਪਤਾਲ ਨੂੰ ਅਣਉਚਿਤ ਸਹੂਲਤਾਂ ਤੇ ਦੇਖਭਾਲ ਦੀ ਘਾਟ ਦੀਆਂ ਸ਼ਿਕਾਇਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਹਸਪਤਾਲ ਵਿੱਚ ਦਾਖ਼ਲ ਮਰੀਜ਼ਾਂ ਵਿੱਚੋਂ ਇੱਕ ਨੇ ਦੱਸਿਆ ਕਿ ਐਤਵਾਰ ਨੂੰ ਉਸਦੀ ਪਲੇਟਲੈਟਸ ਦੀ ਗਿਣਤੀ ਘਟ ਕੇ 12,000 ਰਹਿ ਗਈ ਸੀ। ਉਸਦਾ ਪਰਿਵਾਰ ਉਸਦੇ ਇਲਾਜ ਲਈ ਜ਼ਰੂਰੀ ਸਿੰਗਲ ਡੋਨਰ ਪਲੇਟਲੈੱਟਸ ਐੱਸਡੀਪੀ ਕਿੱਟ ਲੱਭ ਰਹੇ ਸਨ, ਪਰ ਹਸਪਤਾਲ ਦੇ ਬਲੱਡ ਬੈਂਕ ਕੋਲ ਕੋਈ ਸਟਾਕ ਉਪਲਬਧ ਨਹੀਂ ਸੀ। ਪ੍ਰਾਈਵੇਟ ਹਸਪਤਾਲ ਕਿੱਟ ਲਈ 11,000 ਰੁਪਏ ਦੀ ਮੰਗ ਕਰ ਰਹੇ ਹਨ ਪਰ ਇੰਨੇ ਪੈਸੇ ਉਹ ਨਹੀਂ ਖਰਚ ਸਕਦੇ। ਭਾਵੇਂ ਹਸਪਤਾਲ ਦੇ ਮੈਡੀਕਲ ਸਟਾਫ਼ ਨੇ ਦਾਅਵਾ ਕੀਤਾ ਸੀ ਕਿ ਐੱਸਡੀਪੀ ਕਿੱਟਾਂ ਦੇ ਮੁੱਦੇ ਨੂੰ ਹੱਲ ਕੀਤਾ ਜਾ ਰਿਹਾ ਹੈ ਅਤੇ ਮੁਫ਼ਤ ਮੁਹੱਈਆ ਕਰਵਾਇਆ ਜਾਵੇਗਾ, ਪਰ ਦੇਰੀ ਨੇ ਸਿਹਤ ਵਿਭਾਗ ਦੀ ਤਿਆਰੀ ‘ਤੇ ਸਵਾਲ ਖੜ੍ਹੇ ਕਰ ਦਿੱਤੇ ਹਨ। ਸੂਤਰਾਂ ਤੋਂ ਪਤਾ ਲੱਗਾ ਹੈ ਕਿ ਐੱਸਡੀਪੀ ਕਿੱਟਾਂ ਦੀ ਘਾਟ ਬਾਰੇ ਮਹਿਕਮੇ ਨੂੰ ਇੱਕ ਮਹੀਨਾ ਪਹਿਲਾਂ ਤਜਵੀਜ਼ ਭੇਜੇ ਜਾਣ ਦੇ ਬਾਵਜੂਦ ਹਸਪਤਾਲ ਨੂੰ ਲੋੜੀਂਦੀਆਂ ਕਿੱਟਾਂ ਦੀ ਸਪਲਾਈ ਨਹੀਂ ਕੀਤੀ ਗਈ। ਇਸ ਦੌਰਾਨ ਸ਼ਿਕਾਇਤਾਂ ਵਧ ਰਹੀਆਂ ਹਨ। ਲੋਕਾਂ ਨੇ ਕੂੜਾ-ਕਰਕਟ, ਗੰਦੇ ਬਾਥਰੂਮਾਂ ਅਤੇ ਬੁਨਿਆਦੀ ਸਫਾਈ ਦੀ ਘਾਟ ਦਾ ਹਵਾਲਾ ਦਿੱਤਾ ਹੈ। ਮਰੀਜ਼ਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੇ ਆਪਣੀਆਂ ਮੁਸ਼ਕਲਾਂ ਦੱਸਦਿਆਂ ਕਿਹਾ ਕਿ ਸਿਵਲ ਹਸਪਤਾਲ ਵਿੱਚ ਜ਼ਰੂਰੀ ਦਵਾਈਆਂ ਅਕਸਰ ਉਪਲਬਧ ਨਹੀਂ ਹੁੰਦੀਆਂ। ਡੇਂਗੂ ਦੀ ਪੁਸ਼ਟੀ ਕਰਨ ਵਰਤਿਆ ਜਾਣ ਵਾਲਾ ਮਿਆਰੀ ਕੈਮੀਕਲ ਟੈਸਟ ਸਮਾਂ ਲੈਣ ਵਾਲਾ ਹੁੰਦਾ ਹੈ, ਜਿਸ ਕਾਰਨ ਇਲਾਜ ਵਿੱਚ ਦੇਰੀ ਹੁੰਦੀ ਹੈ।



ਇਸ ਤਰ੍ਹਾਂ ਹਸਪਤਾਲ ਨੇ ਐਮਰਜੈਂਸੀ ਕੇਸਾਂ ਵਿੱਚ ਸਮੇਂ ਸਿਰ ਇਲਾਜ ਨੂੰ ਯਕੀਨੀ ਬਣਾਉਣ ਲਈ ਸਰਕਾਰ ਤੋਂ ਰੈਪਿਡ ਕਿੱਟਾਂ ਦੀ ਮੰਗ ਕੀਤੀ ਹੈ।ਸਿਵਲ ਸਰਜਨ ਡਾ. ਗੁਰਮੀਤ ਲਾਲ ਨੇ ਦੱਸਿਆ ਕਿ ਡੇਂਗੂ ਦੇ ਮਰੀਜ਼ਾਂ ਨੂੰ ਜਾਗਰੂਕ ਕਰਨ ਅਤੇ ਉਨ੍ਹਾਂ ਦਾ ਸਹੀ ਇਲਾਜ ਕਰਨ ਲਈ 75 ਦੇ ਕਰੀਬ ਟੀਮਾਂ ਅਣਥੱਕ ਮਿਹਨਤ ਕਰ ਰਹੀਆਂ ਹਨ। ਉਨ੍ਹਾਂ ਭਰੋਸਾ ਦਿਵਾਇਆ ਕਿ ਸਥਿਤੀ ਕਾਬੂ ਹੇਠ ਹੈ ਅਤੇ ਪਲੇਟਲੈੱਟਸ ਦੀ ਘਾਟ ਬਾਰੇ ਕਿਹਾ ਕਿ ਪਲੇਟਲੈੱਟਸ ਦੀ ਵਰਤੋਂ ਨਾ ਹੋਣ ‘ਤੇ ਇਹ ਪੰਜ ਦਿਨਾਂ ਦੇ ਅੰਦਰ-ਅੰਦਰ ਖਤਮ ਹੋ ਜਾਂਦੀ ਹੈ। ਹਾਲਾਂਕਿ, ਉਨ੍ਹਾਂ ਕਿਹਾ ਕਿ ਇਹ ਮੰਗ ਨਿਯਮਿਤ ਖ਼ੂਨਦਾਨ ਕੈਂਪਾਂ ਰਾਹੀਂ ਪੂਰੀ ਕੀਤੀ ਜਾ ਰਹੀ ਹੈ। ਸਫ਼ਾਈ ਅਤੇ ਦਵਾਈਆਂ ਦੀ ਅਣਉਪਲਬਧਤਾ ਬਾਰੇ ਸ਼ਿਕਾਇਤਾਂ ਬਾਰੇ ਉਨ੍ਹਾਂ ਕਿਹਾ ਕਿ ਇਹ ਮੈਡੀਕਲ ਸੁਪਰਡੈਂਟ ਦੀ ਜ਼ਿੰਮੇਵਾਰੀ ਅਧੀਨ ਆਉਂਦੇ ਹਨ ਪਰ ਉਨ੍ਹਾਂ ਭਰੋਸਾ ਦਿਵਾਇਆ ਕਿ ਹਰ ਚੀਜ਼ ਨੂੰ ਠੀਕ ਰੱਖਣ ਲਈ ਹਦਾਇਤਾਂ ਜਾਰੀ ਕੀਤੀਆਂ ਜਾਣਗੀਆਂ।

# ਆਂਗਣਵਾੜੀ ਯੂਨੀਅਨ ਦੀ ਪ੍ਰਧਾਨ ਹਰਗੋਬਿੰਦ ਕੌਰ ਨੇ ਸ੍ਰੀ ਮੁਕਤਸਰ ਸਾਹਿਬ ਵਿਖੇ ਮਰਨ ਵਰਤ ਸ਼ੁਰੂ ਕੀਤਾ

ਪੰਜਾਬ ਦਾ ਖੁਲਾਸਾ

**ਸ੍ਰੀ ਮੁਕਤਸਰ ਸਾਹਿਬ , 12 ਨਵੰਬਰ (ਮਨਪ੍ਰੀਤ ਮੋਨੂੰ)-** ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦੀਆਂ ਮੰਗਾਂ ਅਤੇ ਆਪਣੀਆਂ ਖਤਮ ਕੀਤੀਆਂ ਗਈਆਂ ਸੇਵਾਵਾਂ ਦੀ ਬਹਾਲੀ ਨੂੰ ਲੈ ਕੇ ਆਲ ਪੰਜਾਬ ਆਂਗਣਵਾੜੀ ਮੁਲਾਜ਼ਮ ਯੂਨੀਅਨ ਦੀ ਸੂਬਾ ਪ੍ਰਧਾਨ ਹਰਗੋਬਿੰਦ ਕੌਰ ਨੇ ਅੱਜ ਡਿਪਟੀ ਕਮਿਸ਼ਨਰ ਦਫ਼ਤਰ ਅੱਗੇ ਮਰਨ ਵਰਤ ਸ਼ੁਰੂ ਕਰ ਦਿੱਤਾ ਹੈ । ਇਸ ਮੌਕੇ ਵੱਡੀ ਗਿਣਤੀ ਵਿੱਚ ਯੂਨੀਅਨ ਦੀਆਂ ਆਗੂ ਮੌਜੂਦ ਸਨ । ਮਰਨ ਵਰਤ ਰੱਖਣ ਤੋਂ ਪਹਿਲਾਂ ਪਹਿਲਾਂ ਪਾਠ ਕਰਕੇ ਅਰਦਾਸ ਕੀਤੀ ਗਈ । ਇਸ ਮੌਕੇ ਹਰਗੋਬਿੰਦ ਕੌਰ ਨੇ ਕਿਹਾ ਕਿ ਜਦੋਂ ਤੋਂ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਹੈ ਉਦੋਂ ਤੋਂ ਹੀ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨਾਲ ਮਤਰੇਈ ਮਾਂ ਵਾਲਾ ਸਲੂਕ ਕੀਤਾ ਜਾ ਰਿਹਾ ਹੈ ਤੇ ਕੋਈ ਵੀ ਮੰਗ ਮੰਨੀ ਨਹੀਂ ਗਈ । ਉਹਨਾਂ ਕਿਹਾ ਕਿ ਸੰਬੰਧਿਤ ਵਿਭਾਗ ਨੇ ਮੇਰੀਆਂ ਸੇਵਾਵਾਂ ਨੂੰ ਬਿਨਾਂ ਕਿਸੇ ਕਸੂਰ ਤੋਂ ਖਤਮ ਕੀਤਾ ਹੈ । ਉਹਨਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਆਂਗਣਵਾੜੀ ਵਰਕਰਾਂ ਨੂੰ ਪ੍ਰੀ ਨਰਸਰੀ ਟੀਚਰ ਦਾ ਦਰਜਾ ਦਿੱਤਾ ਜਾਵੇ ਅਤੇ ਹੈਲਪਰਾਂ ਨੂੰ ਗਰੇਡ ਦਿੱਤੇ ਜਾਣ । ਸਾਲ 2017 ਵਿੱਚ ਆਂਗਣਵਾੜੀ ਕੇਂਦਰਾਂ ਵਿੱਚੋਂ ਖੋਹ ਕੇ ਸਕੂਲਾਂ ਵਿੱਚ ਦਾਖਲ ਕੀਤੇ ਗਏ ਤਿੰਨ ਤੋਂ ਪੰਜ ਸਾਲ ਦੇ ਬੱਚੇ ਵਾਪਸ ਆਂਗਣਵਾੜੀ ਕੇਂਦਰਾਂ ਵਿੱਚ ਭੇਜੇ ਜਾਣ। ਆਂਗਣਵਾੜੀ ਕੇਂਦਰਾਂ ਵਿੱਚ ਭੇਜਿਆ ਜਾ ਰਿਹਾ ਰਾਸ਼ਨ ਪ੍ਰਾਈਵੇਟ ਕੰਪਨੀਆਂ ਦੀ ਥਾਂ ਤੇ ਸਰਕਾਰੀ ਅਦਾਰਿਆਂ ਦੁਆਰਾ ਸਪਲਾਈ ਕੀਤਾ ਜਾਵੇ ਅਤੇ ਤਿੰਨ ਜ਼ਿਲ੍ਹਿਆਂ ਦਾ ਰਾਸ਼ਨ ਜੋ ਐਨ ਜੀ ਓ ਨੂੰ ਦਿੱਤਾ ਗਿਆ ਹੈ ਉਹ ਵੀ ਵਾਪਸ ਸਰਕਾਰੀ ਅਦਾਰਿਆਂ ਰਾਹੀਂ ਭੇਜਿਆ ਜਾਵੇ । ਮਾੜਾ ਰਾਸ਼ਨ ਭੇਜਣ ਵਾਲਿਆਂ ਨੂੰ ਕਾਨੂੰਨ ਅਨੁਸਾਰ ਬਣਦੀ ਸਜ਼ਾ ਦਿੱਤੀ ਜਾਵੇ । ਆਂਗਣਵਾੜੀ ਵਰਕਰਾਂ ਹੈਲਪਰਾਂ ਦਾ ਮਾਣ ਭੱਤੇ ਦਾ ਕੱਟਿਆ ਹੋਇਆ ਬਕਾਇਆ ਤੁਰੰਤ ਜਾਰੀ ਕੀਤਾ ਜਾਵੇ। ਆਂਗਣਵਾੜੀ ਵਰਕਰਾਂ ਨੂੰ ਸਮਾਰਟ ਫੋਨ ਦਿੱਤੇ ਜਾਣ। ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦੇ ਪੋਸ਼ਨ ਟਰੈਕਰ ਐਪ ਤੇ ਕੰਮ ਕਰਨ ਬਦਲੇ ਉਤਸ਼ਾਹ ਵਰਧਕ ਰਾਸ਼ੀ ਦੇ ਬਕਾਏ ਤੁਰੰਤ ਜਾਰੀ ਕੀਤੇ ਜਾਣ। ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦਾ ਮਾਣ ਭੱਤਾ ਦੁੱਗਣਾ ਕੀਤਾ ਜਾਵੇ । ਖਬਰ ਲਿਖੇ ਜਾਣ ਤੱਕ ਜ਼ਿਲ੍ਹਾ ਪ੍ਰਸ਼ਾਸਨ ਦਾ ਕੋਈ ਅਧਿਕਾਰੀ ਉਹਨਾਂ ਦੇ ਕੋਲ ਨਹੀਂ ਪੁੱਜਾ ਸੀ । ਇਸ ਮੌਕੇ ਸ਼ਿੰਦਰਪਾਲ ਕੌਰ ਥਾਂਦੇਵਾਲਾ ਜ਼ਿਲ੍ਹਾ ਪ੍ਰਧਾਨ ਸ੍ਰੀ ਮੁਕਤਸਰ ਸਾਹਿਬ , ਗੁਰਮੀਤ ਕੌਰ ਗੋਨੇਆਣਾ ਜ਼ਿਲ੍ਹਾ ਪ੍ਰਧਾਨ ਬਠਿੰਡਾ , ਰੇਸ਼ਮਾਂ ਰਾਣੀ ਫਾਜ਼ਿਲਕਾ ਜ਼ਿਲਾ ਪ੍ਰਧਾਨ ਫਾਜ਼ਿਲਕਾ , ਗੁਰਮੀਤ ਕੌਰ ਦਬੜੀਖਾਨਾ ਜ਼ਿਲ੍ਹਾ ਪ੍ਰਧਾਨ ਫਰੀਦਕੋਟ , ਸ਼ੀਲਾ ਦੇਵੀ ਤੱਲੇਵਾਲਾ ਜ਼ਿਲ੍ਹਾ ਪ੍ਰਧਾਨ ਫਿਰੋਜ਼ਪੁਰ , ਜਸਵਿੰਦਰ ਕੌਰ ਬੱਬੂ ਦੋਦਾ , ਪਰਮਜੀਤ ਕੌਰ ਰੁਲਦੂ ਵਾਲਾ , ਕਿਰਪਾਲ ਕੌਰ ਰਾਮਪੁਰਾ ਫੂਲ , ਸੁਰਿੰਦਰ ਕੌਰ ਝੁਨੀਰ , ਸ਼ਰਨਜੀਤ ਕੌਰ ਫਰੀਦਕੋਟ , ਸਰਬਜੀਤ ਕੌਰ ਫਰੀਦਕੋਟ , ਲੀਲਾਵਤੀ ਬਠਿੰਡਾ , ਸ਼ੀਲਾ ਦੇਵੀ ਫਾਜ਼ਿਲਕਾ , ਗਿਆਨ ਕੌਰ ਦੂਹੇਵਾਲਾ , ਉਕਾਰ ਕੌਰ ਮਲੋਟ , ਬਲਜੀਤ ਕੌਰ ਮਲੋਟ , ਗੁਰਮੇਲ ਕੌਰ ਝੁਨੀਰ ਇੰਦਰਜੀਤ ਕੌਰ ਨਿਹਾਲ ਸਿੰਘ ਵਾਲਾ , ਗੁਰਮੀਤ ਕੌਰ ਮੱਖੂ , ਮਨਮੀਤ ਕੌਰ ਨਥਾਣਾ , ਨਰਿੰਦਰ ਕੌਰ ਕੋਟਲੀ ਸੰਘਰ , ਵੀਰਪਾਲ ਕੌਰ ਭਾਗਸਰ ਅਤੇ ਹਰਪ੍ਰੀਤ ਕੌਰ ਮੁਕਤਸਰ ਹਾਜ਼ਰ ਸਨ ।







# ਜਿਲਾ ਯੂਥ ਵੈਲਫੇਅਰ ਐਸੋਸੀਏਸ਼ਨ ਟੀ ਆਈ ਅਤੇ ਲਾਇਨ ਕਲੱਬ ਦੇ ਸਹਿਯੋਗ ਨਾਲ ਲਲਹੇੜੀ ਰੋਡ ਚੌਕ ਖੰਨਾ ਵਿਖੇ ਮੁਫਤ ਹੈਲਥ ਚੈੱਕ ਅੱਪ ਕੈਂਪ ਲਗਾਇਆ

ਪੰਜਾਬ ਦਾ ਖੁਲਾਸਾ

**ਖੰਨਾ 12 ਨਵੰਬਰ ( ਜੇ ਐਸ ਖੰਨਾ )** ਜਿਲ੍ਹਾ ਯੂਥ ਵੈਲਫ਼ੇਅਰ ਐਸੋਸੀਏਸ਼ਨ ਟੀ ਆਈ ਅਤੇ ਲਾਇਨ ਕਲੱਬ ਦੇ ਸਹਿਯੋਗ ਨਾਲ ਲਲਹੇੜੀ ਚੌਂਕ ਖੰਨਾ ਵਿਖੇ ਮੁੱਫਤ ਮੈਡੀਕਲ ਹੈਲਥ ਚੈੱਕਅੱਪ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਲੇਬਰ ਅਤੇ ਡਰਾਈਵਰਾਂ ਦਾ ਸ਼ੂਗਰ, ਐਚ ਆਈ ਵੀ,ਟੀ ਬੀ, ਐੱਸ ਟੀ ਆਈ ਦੇ ਟੈਸਟ ਫ੍ਰੀ ਕੀਤੇ ਗਏ।ਡਾ. ਸਤਪਾਲ ਸਿੰਘ ਨੇ 70 ਦੇ ਕਰੀਬ ਲੋਕਾਂ ਦਾ ਚੈੱਕਅੱਪ ਕੀਤਾ ਅਤੇ ਜਨਰਲ ਮੈਡੀਸਨ ਵੀ ਦਿਤੀ ਗਈ।ਗਗਨਦੀਪ ਸ਼ਰਮਾ ਵਲੋਂ ਮੌਸਮ ਬਦਲਣ ਦੇ ਨਾਲ ਹੋਣ ਵਾਲੀਆਂ ਬਿਮਾਰੀਆਂ ਬਾਰੇ ਵੀ ਵਿਸਥਾਰ ਵਿੱਚ ਜਾਣਕਾਰੀ ਦਿਤੀ ਗਈ।ਲਾਇਨ ਕਲੱਬ ਦੇ ਪ੍ਰਧਾਨ ਸੁਰੇਸ਼ ਜੋਸ਼ੀ ਨੇ ਦੱਸਿਆ ਕਿ ਐਚ ਆਈ ਵੀ ਕਿਸੇ ਨੂੰ ਵੀ ਹੋ ਸਕਦੀ ਹੈ ਇਹ ਅਮੀਰੀ ਗਰਬੀ ਨਹੀਂ ਦੇਖਦੀ।ਇਸ ਲਈ ਸਾਨੂੰ ਸਭ ਨੂੰ ਇਹ ਟੈਸਟ ਕਰਵਾਉਣਾ ਚਾਹੀਦਾ ਹੈ ਤਾਂ ਜੋ ਸਾਡਾ ਪਰਿਵਾਰ ਸੁਰੱਖਿਅਤ ਰਹੇ। ਪ੍ਰੋਜੈਕਟ ਮੈਨੇਜਰ ਬਲਜੀਤ ਸਿੰਘ ਨੇ ਟੀ ਬੀ ਦੇ ਬਾਰੇ ਵਿਸਥਾਰ ਵਿੱਚ ਜਾਣਕਾਰੀ ਦਿੱਤੀ। ਲਾਇਨ ਕਲੱਬ ਤੋਂ ਧਰਮਿੰਦਰ ਸਿੰਘ ਨੇ ਪੂਰੀ ਟੀਮ ਦਾ ਧੰਨਵਾਦ ਕੀਤਾ। ਕੈਂਪ ਵਿਚ ਸ਼ਾਮਿਲ ਅਮਨਦੀਪ ਕੌਰ, ਮਹੇਸ਼ ਕੁਮਾਰ ਕਾਉਂਸਲਰ, ਮਨਦੀਪ ਸਿੰਘ, ਗੁਰਤੇਜ ਸਿੰਘ ਅਤੇ ਲਾਇਨ ਕਲੱਬ ਦੇ ਸਾਰੇ ਮੈਂਬਰ ਸ਼ਾਮਿਲ ਹੋਏ।

# ਧਾਨਕ ਸਮਾਜ ਮਲੋਟ ਦੇ ਪ੍ਰਧਾਨ ਜੱਗਾ ਰਾਮ ਬਾਗੜੀ ਜੀ ਦੀ ਅਚਨਚੇਤ ਮੌਤ ਨਾਲ ਸਮਾਜ ਨੂੰ ਪਿਆ ਨਾ ਪੂਰਾ ਹੋਣ ਵਾਲਾ ਘਾਟਾ : ਸੁਦੇਸ਼ ਪਾਲ ਸਿੰਘ ਖਾਲਸਾ

ਪੰਜਾਬ ਦਾ ਖੁਲਾਸਾ

**ਗਿੱਦੜਬਾਹਾ, 12 (ਲਖਵੀਰ ਸਿੰਘ ਧੂਲਕੋਟੀਆ)-** ਜੱਗਾ ਰਾਮ ਬਾਗੜੀ ਦਾਨਾ ਮੰਡੀ ਮਲੋਟ ਦੀ ਫੂਲ ਚੰਦ ਵਿਜੈ ਕੁਮਾਰ ਆੜਤ ਦੇ ਖਰੀਦ ਕੇਂਦਰ ਸਿਖਵਾਲਾ ‘ਤੇ ਬਤੌਰ ਤੁਲਾਈ ਦਾ ਕੰਮ ਕਰਦਾ ਸੀ, ਮਿਤੀ 9 ਨਵੰਬਰ ਰਾਤ 8 ਵਜੇ ਆਪਣੇ ਭਤੀਜੇ ਲਾਲ ਚੰਦ ਨੁਗਰੀਆ ਨਾਲ ਪਿੰਡ ਸਿੱਖ ਵਾਲੇ ਤੋਂ ਆ ਰਹੇ ਸਨ, ਪਿੰਡ ਅਬੁਲ ਖੁਰਾਣਾ ਦੇ ਨੇੜੇ ਪਟਰੋਲ ਪੰਪ ਦੇ ਕੋਲ ਪਿਸ਼ਾਬ ਕਰਨ ਲਈ ਆਪਣੀ ਸਕੂਟਰੀ ਰੋਕੀ। ਪਿਸ਼ਾਬ ਕਰਨ ਤੋਂ ਬਾਅਦ ਉਨਾਂ ਦੀ ਸਕੂਟਰੀ ਸਮੇਤ ਇੱਕ ਅਣਪਛਾਤੀ ਜੀਪ ਨੇ ਫੇਟ ਮਾਰੀ ਜਿਸ ਕਾਰਨ ਜਗਾ ਰਾਮ ਬਾਗੜੀ ਜੀ ਦੀ ਮੌਕੇ ‘ਤੇ ਹੀ ਮੌਤ ਹੋ ਗਈ, ਭਤੀਜੇ ਲਾਲ ਚੰਦ ਦੇ ਕਾਫੀ ਸੱਟਾਂ ਲੱਗੀਆਂ ਜੋ ਸਰਕਾਰੀ ਹਸਪਤਾਲ ਜੇਰੇ ਇਲਾਜ ਹੈ। ਜੱਥੇਦਾਰ ਸੁਦੇਸ਼ ਪਾਲ ਸਿੰਘ ਖਾਲਸਾ ਕੌਮੀ ਪ੍ਰਧਾਨ ਧਾਨਕ ਸਿੱਖ ਭਾਈਚਾਰਾ ਨੇ ਬੜੇ ਹੀ ਦੁਖੀ ਹਿਰਦੇ ਨਾਲ ਦੱਸਿਆ ਕਿ ਜੱਗਾ ਰਾਮ ਬਾਗੜੀ ਜੀ ਦੀ ਅਚਨਚੇਤ ਮੌਤ ਨਾਲ ਧਾਨਕ ਸਮਾਜ ਮਲੋਟ ਅਤੇ ਸਮੁੱਚੇ ਬਾਗੜੀ ਪਰਿਵਾਰ ਨੂੰ ਕਦੇ ਵੀ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ, ਜਿਕਰਯੋਗ ਹੈ ਕਿ ਜੱਗਾ ਰਾਮ ਬਾਗੜੀ ਜੋ ਲਗਾਤਾਰ 21 ਸਾਲਾਂ ਤੋਂ ਧਾਨਕ ਸਮਾਜ ਮਲੋਟ ਦੇ ਪ੍ਰਧਾਨ ਦੀ ਸੇਵਾ ਨਿਭਾ ਰਹੇ ਸਨ। ਪ੍ਰਮਾਤਮਾ ਉਨਾਂ ਦੀ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਸਥਾਨ ਬਖਸ਼ੇ



# ਆਪ ਤੇ ਭਾਜਪਾ ਉਮੀਦਵਾਰਾਂ ਦੀਆਂ ਕੋਠੀਆਂ ਅੱਗੇ ਰੋਸ਼ ਪ੍ਰਦਰਸਨ ,ਤੇ ਪੱਕਾ ਮੋਰਚਾ ਦੀ ਸਮਾਪਤੀ, ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਬਠਿੰਡਾ ਰਾਏਕੇ ਕਲਾਂ ਦਾਣਾ ਮੰਡੀ ਵਿੱਚ ਕਿਸਾਨਾਂ ਮਜ਼ਦੂਰਾਂ ਤੇ ਪੁਲਿਸ ਲਾਠੀਚਾਰਜ ਚਾਰਜ ਦੀ ਨਿੰਦਾ, ਨਾਇਬ ਤਹਿਸੀਲਦਾਰ ਲੰਬੀ ਦਾ ਘਿਰਾਓ ਮੁਲਤਵੀ

ਪੰਜਾਬ ਦਾ ਖੁਲਾਸਾ

**ਗਿੱਦੜਬਾਹਾ, 12 ਨਵੰਬਰ (ਲਖਵੀਰ ਸਿੰਘ ਧੂਲਕੋਟੀਆ)** ਭਾਕਿਯੂ ਏਕਤਾ ਉਗਰਾਹਾਂ ਪੰਜਾਬ ਸੂਬਾ ਕਮੇਟੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਆਪ ਤੇ ਭਾਜਪਾ ਉਮੀਦਵਾਰਾਂ ਦੀਆਂ ਕੋਠੀਆਂ ਅੱਗੇ ਰੋਸ਼ ਪ੍ਰਦਰਸਨ ਤੇ ਪੱਕਾ ਮੋਰਚਾ ਦੀ ਸਮਾਪਤੀ ਭਾਕਿਯੂ ਏਕਤਾ ਉਗਰਾਹਾਂ ਵੱਲੋਂ ਝੋਨੇ ਦੀ ਰੋਕੀ ਅਦਾਇਗੀ ਸ਼ੁਰੂ ਕਰਨ ਅਤੇ ਪਰਾਲੀ ਸਾੜਨ ਦੇ ਦੁੱਗਣੇ ਕੀਤੇ ਜੁਰਮਾਨੇ ਰੱਦ ਕਰਨ ਤੋਂ ਇਲਾਵਾ ਖ਼ੀਦ ਅਤੇ ਚੁਕਾਈਂ ਹੋਰ ਤੇਜ਼ ਕਰਨ ਤੇ ਨਮੀਂ ਹੱਦ 22% ਕਰਨ ਦੀ ਮੰਗ ਕੀਤੀ। ਉਨ੍ਹਾਂ ਕਿਹਾ ਕਿ 15 ਨਵੰਬਰ,ਗਿੱਦੜਬਾਹਾ ਸ਼ਹਿਰ ਜ਼ਿਮਨੀ ਚੋਣ ਹਲਕਿਆਂ ਚ ਵੋਟ ਪਾਰਟੀਆਂ ਦੀ ਮੌਕਾਪ੍ਰਸਤੀ ਵਿਰੁੱਧ ਜ਼ੋਰਦਾਰ ਮੁਹਿੰਮ ਪਿੰਡ ਪਿੰਡ ਅਤੇ ਸ਼ਹਿਰਾਂ ਕਸਬਿਆਂ ਜਾ ਕੇ ਕਾਰਪੋਰੇਟ ਪੱਖੀ ਨੀਤੀਆਂ ਤੋਂ ਜਾਣੂ ਕਰਵਾਉਣ ਲਈ ਰੋਸ਼ ਮਾਰਚ ਦੌਰਾਨ ਕੀਤਾ ਜਾਵੇਗਾ ਜਾਗਰੂਕ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਸਹਾਇਕ ਸਕੱਤਰ ਗੁਰਮੀਤ ਸਿੰਘ ਬਿੱਟੂ ਮੱਲਣ ਬਲਾਕ ਗਿੱਦੜਬਾਹਾ ਦੇ ਕਮੇਟੀ ਮੈਂਬਰ ਹਰਪਾਲ ਸਿੰਘ ਚੀਮਾ ਧੂਲਕੋਟ ਨੇ ਦੱਸਿਆ ਕਿ ਕਿਸਾਨ ਤਾਂ ਪੂਰੀ ਤਰ੍ਹਾਂ ਪੱਕਿਆ ਝੋਨਾ ਹੀ ਵੱਢ ਕੇ ਮੰਡੀਆਂ ਵਿੱਚ ਲਿਆ ਰਹੇ ਹਨ। ਪਰ ਫਿਰ ਵੀ ਨਮੀਂ ਵੱਧ ਰਹਿਣ ਦਾ ਮੂਲ ਕਾਰਨ ਵਾਢੀ ਲੇਟ ਹੋਣ ਕਰਕੇ ਠੰਢ ਅਤੇ ਤ੍ਰੇਲ ਦਾ ਵਧਣਾ ਹੈ।ਲੇਟ ਵਾਢੀ ਦੀ ਜੁੰਮੇਵਾਰੀ ਪੰਜਾਬ ਸਰਕਾਰ ਸਿਰ ਆਉਂਦੀ ਹੈ। ਜਿਸ ਨੇ ਸ਼ਰਤਾਂ ਤਹਿਤ ਬਿਜਲੀ ਸਪਲਾਈ ਬਹੁਤ ਲੇਟ ਦੇ ਕੇ ਬਿਜਾਈ ਲੇਟ ਕਰਨ ਲਈ ਮਜਬੂਰ ਕੀਤਾ। ਉਨ੍ਹਾਂ ਦੱਸਿਆ ਕਿ ਪੰਜਾਬ ਭਰ ਵਿੱਚ ਜੁਝਾਰੂ ਕਿਸਾਨ ਕਾਫਲੇ ਹੁਣ ਮੰਡੀਆਂ ਵਿੱਚ ਡਟ ਕੇ ਪਹਿਰੇਦਾਰੀ ਕਰ ਰਹੇ ਹਨ। ਅਤੇ ਖ਼ੀਦ ਜਾਂ ਚੁਕਾਈਂ ਚ ਦੇਰੀ ਲਈ ਜ਼ਿੰਮੇਵਾਰ ਅਧਿਕਾਰੀਆਂ ਦੇ ਘਿਰਾਓ ਕੀਤੇ ਜਾਣਗੇ।

ਉਨ੍ਹਾਂ ਕਿਹਾ ਕਿ ਇਸੇ ਤਰ੍ਹਾਂ ਪਰਾਲੀ ਦੇ ਅੱਗ- ਰਹਿਤ ਨਿਪਟਾਰੇ ਲਈ ਲੋੜੀਂਦੀਆਂ ਮਸ਼ੀਨਾਂ ਕੌਮੀ ਗ੍ਰੀਨ ਟਿ ?ਬਿਊਨਲ ਦੇ ਫੈਸਲੇ ਅਨੁਸਾਰ ਸਰਕਾਰ ਵੱਲੋਂ ਛੋਟੇ ਤੇ ਸੀਮਾਂਤ ਕਿਸਾਨਾਂ ਨੂੰ ਮਿਸ਼ਨਰੀ ਮੁੱਹਈਆ ਨਹੀਂ ਕਰਵਾਈਆਂ ਗਈਆਂ, ਜਿਸ ਕਾਰਨ ਉਹ ਪਰਾਲੀ ਸਾੜਨ ਲਈ ਮਜਬੂਰ ਹਨ ਕੋਈ ਸ਼ੌਕ ਨਹੀਂ।ਉਨ੍ਹਾਂ ਦੋਸ਼ ਲਾਇਆ ਕਿ ਕੇਂਦਰ ਸਰਕਾਰ ਵੱਲੋਂ ਪਰਾਲੀ ਸਾੜਨ ਦੇ ਜ਼ੁਰਮਾਨੇ ਦੁੱਗਣੇ ਕਰਨ ਦਾ ਫੈਸਲਾ ਅਤੇ ਪੰਜਾਬ ਦੇ ਚੌਲਾਂ ਦੇ ਨਮੂਨੇ ਫੇਲ੍ਹ ਹੋਣ ਦਾ ਘਰਾਟ-ਰਾਗ ਮੁੜ ਦੁਹਰਾਉਣ ਕਿਸਾਨਾਂ ਨਾਲ਼ ਦੁਸ਼ਮਣੀ ਦੇ ਦੋ ਅਹਿਮ ਸਬੂਤ ਹਨ। ਜਥੇਬੰਦੀ ਵੱਲੋਂ ਇਨ੍ਹਾਂ ਜ਼ੁਰਮਾਨਿਆਂ ਦੀ ਵਸੂਲੀ ਦਾ ਸਖ਼ਤ ਵਿਰੋਧ ਕਰਨ ਦਾ ਫੈਸਲਾ ਕੀਤਾ ਗਿਆ ਹੈ ਇਸ ਸਬੰਧੀ ਮੁਕੱਦਮੇ ਅਤੇ ਲਾਲ਼ ਐਂਟਰੀਆਂ ਰੱਦ ਕਰਾਉਣ ਲਈ ਵੀ ਸੰਬੰਧਿਤ ਅਧਿਕਾਰੀਆਂ ਦੇ ਘਿਰਾਓ ਕੀਤੇ ਜਾਣਗੇ ਉਨ੍ਹਾਂ ਕਿਹਾ ਕਿ ਮੰਗਾਂ ਲਾਗੂ ਕਰਵਾਉਣ ਤੱਕ ਸੰਘਰਸ਼ ਜਾਰੀ ਰਹੇਗਾ



# ਧੂਰੀ ਦੇ ਸਾਬਕਾ ਵਿਧਾਇਕ ਦਲਵੀਰ ਸਿੰਘ ਗੋਲਡੀ ਗਿੱਦੜਬਾਹਾ ‘ਚ ਕਾਂਗਰਸ ਦੇ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੂੰ ਮਿਲਣ ਪਹੁੰਚੇ

ਪੰਜਾਬ ਦਾ ਖੁਲਾਸਾ

**ਗਿੱਦੜਬਾਹਾ, 12 ਨਵੰਬਰ (ਲਖਵੀਰ ਸਿੰਘ ਧੂਲਕੋਟੀਆ)** ਧੂਰੀ ਦੇ ਸਾਬਕਾ ਵਿਧਾਇਕ ਦਲਵੀਰ ਸਿੰਘ ਗੋਲਡੀ, ਜੋ ਹਾਲ ਹੀ ‘ਚ ‘ਆਪ’ ਤੋਂ ਨਾਰਾਜ਼ ਹੋ ਕੇ ਪਾਰਟੀ ਛੱਡ ਚੁੱਕੇ ਹਨ, ਚੋਣ ਪ੍ਰਚਾਰ ਦ ੌ ਰਾ ਨ ਗਿੱਦੜਬਾਹਾ ‘ਚ ਕਾਂਗਰਸ ਦੇ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੂੰ ਮਿਲਣ ਪਹੁੰਚੇ। ਰਾਜਾ ਵੜਿੰਗ ਦੇ ਨਾਲ ਗੋਲਡੀ ਨੇ ਵੀ ਪਿੰਡ ਦੌਲਾ ਵਿੱਚ ਚੋਣ ਪ੍ਰਚਾਰ ਵਿੱਚ ਹਿੱਸਾ ਲਿਆ।ਜ਼ਿਕਰਯੋਗ ਹੈ ਕਿ ਸਾਬਕਾ ਵਿਧਾਇਕ ਗੋਲਡੀ ਕਾਂਗਰਸ ਛੱਡ ਕੇ ‘ਆਪ’ ‘ਚ ਸ਼ਾਮਲ ਹੋ ਗਏ ਸਨ। ਉਸ ਦੌਰਾਨ ਗੋਲਡੀ ਨੇ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਖਿਲਾਫ ਕਾਫੀ ਕੁਝ ਬੋਲਿਆ ਸੀ। ਹਾਲ ਹੀ ਵਿੱਚ ਬਰਨਾਲਾ ਤੋਂ ਜ਼ਿਮਨੀ ਚੋਣ ਲਈ ਗੋਲਡੀ ਟਿਕਟ ਦਾ ਦਾਅਵੇਦਾਰ ਸੀ ਪਰ ਉਨ੍ਹਾਂ ਨੂੰ ਟਿਕਟ ਨਹੀਂ ਮਿਲੀ, ਜਿਸ ਤੋਂ ਬਾਅਦ ਉਨ੍ਹਾਂ ਨੇ ਪਰੇਸ਼ਾਨ ਹੋ ਕੇ ਪਾਰਟੀ ਛੱਡ ਦਿੱਤੀ। ਇਸ ਤੋਂ ਬਾਅਦ ਗੋਲਡੀ ਨੇ ਬਿਆਨ ਦਿੱਤਾ ਕਿ ਉਹ 2027 ‘ਚ ਕਾਂਗਰਸ ਦੀ ਤਰਫੋਂ ਧੂਰੀ ਤੋਂ ਚੋਣ ਲੜਨਗੇ ਹਾਲਾਂਕਿ ਗੋਲਡੀ ਦੇ ਇਸ ਬਿਆਨ ਤੋਂ ਬਾਅਦ ਪ੍ਰਤਾਪ ਬਾਜਵਾ ਨੇ ਕਿਹਾ ਸੀ ਕਿ ਗੋਲਡੀ ਨੂੰ ਮੁੱਖ ਮੰਤਰੀ ਭਗਵੰਤ ਮਾਨ ਨਾਲ ਪਾਈ ਜੱਫੀ ਦਾ ਆਨੰਦ ਲੈਣਾ ਚਾਹੀਦਾ ਹੈ। ਕਾਂਗਰਸ ਵਿੱਚ ਉਸ ਲਈ ਕੋਈ ਥਾਂ ਨਹੀਂ ਹੈ। ਹੁਣ ਗੋਲਡੀ ਦੇ ਗਿੱਦੜਬਾਹਾ ‘ਚ ਰਾਜਾ ਵੜਿੰਗ ਨੂੰ ਮਿਲਣ ਆਉਣ ਤੋਂ ਬਾਅਦ ਸਿਆਸੀ ਹਲਕਿਆਂ ‘ਚ ਚਰਚਾ ਸ਼ੁਰੂ ਹੋ ਗਈ ਹੈ ਕਿ ਗੋਲਡੀ ਜਲਦ ਹੀ ਕਾਂਗਰਸ ‘ਚ ਵਾਪਸੀ ਕਰ ਸਕਦਾ ਹੈ।



# ਰਗਬੀ ਵਿੱਚ ਬਠਿੰਡਾ ਜ਼ਿਲ੍ਹੇ ਨੇ ਸਟੇਟ ਲੈਵਲ ਵਿੱਚ ਤੀਜੀ ਪੁਜੀਸ਼ਨ ਹਾਸਲ ਕੀਤੀ

ਪੰਜਾਬ ਦਾ ਖੁਲਾਸਾ

**ਰਾਮੇਆਣਾ 12 ਨਵੰਬਰ (ਮਾਸਟਰ ਸਰਬਜੀਤ ਸਿੰਘ ਮਲਹੋਤਰਾ)-** ਰਗਬੀ ਐਸੋਸੀਏਸ਼ਨ, ਅੰਮ੍ਰਿਤਸਰ ਵੱਲੋਂ ਸਟੇਟ ਲੈਵਲ ਦੀਆਂ ‘ ਖੇਡਾਂ ਵਤਨ ਪੰਜਾਬ ਦੀਆਂ 2024 ‘ ਹੇਠ ‘ ਖਾਲਸਾ ਕਾਲਜ ਅੰਮ੍ਰਿਤਸਰ ਦੇ ਗਰਾਊਂਡ ਵਿੱਚ ਆਯੋਜਿਤ ਹੋਈਆਂ। ਰਗਬੀ ਈਵੈਂਟ ਵਿੱਚ ਪੰਜਾਬ ਭਰ ਤੋਂ ਲਗਭਗ 12 ਟੀਮਾਂ ਨੇ ਹਿੱਸਾ ਲਿਆ। ਸਾਰੀਆਂ ਟੀਮਾਂ ਨੇ ਬਹੁਤ ਹੀ ਹੌਸਲੇ ਤੇ ਮਿਹਨਤ ਦਾ ਮੁਜ਼ਾਹਰਾ ਕੀਤਾ। ਰਗਬੀ ਵਿੱਚ ਅੰਡਰ 17, 21, 30 ਆਦਿ ਮੁਕਾਬਲੇ ਕਰਵਾਏ ਗਏ।

ਬਠਿੰਡਾ ਜ਼ਿਲ੍ਹੇ ਤੋਂ ਅਲੱਗ - ਅਲੱਗ ਕੈਟਾਗਰੀ ਅਧੀਨ ਟੀਮਾਂ ਨੇ ਟੂਰਨਾਮੈਂਟ ਵਿਚ ਭਾਗ ਲਿਆ, ਪਰ ਅੰਡਰ 21 ਅਧੀਨ ਬਠਿੰਡਾ ਜ਼ਿਲ੍ਹੇ ਦੀ ਲੜਕੀਆਂ ਦੀ ਰਗਬੀ ਟੀਮ ਨੇ ਸਟੇਟ ਲੈਵਲ ਤੇ ਤੀਜਾ ਸਥਾਨ ਹਾਸਲ ਕਰਕੇ ਜ਼ਿਲੇ ਦਾ ਮਾਣ ਵਧਾਇਆ। ਲੜਕੀਆਂ ਨੇ ਜ਼ਿਲੇ ਪ੍ਰਤੀਨਿਧਤਾ ਕਰਦੇ ਹੋਏ ਬਹੁਤ ਹੀ ਵਧੀਆ ਪ੍ਰਦਰਸ਼ਨ ਕੀਤਾ ਅਤੇ ਪੰਜਾਬ ਭਰ ਤੋਂ ਤੀਜਾ ਸਥਾਨ ਪ੍ਰਾਪਤ ਕਰਨ ਵਿੱਚ ਸਫਲਤਾ ਹਾਸਲ ਕੀਤੀ। ਬਠਿੰਡਾ ਜ਼ਿਲ੍ਹੇ ਤੋਂ ਰਗਬੀ ਐਸੋਸੀਏਸ਼ਨ ਦੇ ਜਨਰਲ ਸੈਕਟਰੀ ਜਸ਼ਨਪ੍ਰੀਤ ਸਿੰਘ ਨੇ ਖੁਸ਼ੀ ਜ਼ਾਹਿਰ ਕਰਦਿਆਂ ਦੱਸਿਆ ਕਿ ਇਹ ਉਹਨਾਂ ਲਈ ਮਾਣ ਵਾਲੀ ਗੱਲ ਹੈ। ਉਹਨਾਂ ਕਿਹਾ ਕਿ ਵੱਖ ਵੱਖ ਮੌਕੇ ਤੇ ਜ਼ਿਲ੍ਹੇ ਦੀਆਂ ਟੀਮਾਂ ਟੂਰਨਾਮੈਂਟ ਵਿੱਚ ਭਾਗ ਲੈਂਦੀਆਂ ਰਹਿੰਦੀਆਂ ਹਨ , ਪਰ ਇਸ ਵਾਰ ਰਗਬੀ ਟੀਮ ਦੀ ਪ੍ਰਾਪਤੀ ਲਈ ਲੜਕੀਆਂ ਦੀ ਟੀਮ ਦੀ ਕੋਚ ਮੈਡਮ ਮਨਪ੍ਰੀਤ ਕੌਰ ਵਧਾਈ ਦੇ ਪਾਤਰ ਹਨ। ਉਹਨਾਂ ਦੀ ਦਿੱਤੀ ਸਿਖਲਾਈ ਤੇ ਮਾਰਗ ਦਰਸ਼ਨ ਹਮੇਸ਼ਾ ਹੀ ਸ਼ਲਾਘਾਯੋਗ ਹੁੰਦਾ ਹੈ। ਇਸ ਸਮੇਂ ਦੌਰਾਨ ਲੜਕੀਆਂ ਦੀ ਟੀਮ ਦੀ ਅਗਵਾਈ ਬੜੇ ਹੀ ਵਧੀਆ ਤਰੀਕੇ ਨਾਲ ਲੈਕਚਰਾਰ ਮੈਡਮ ਪਵਿੱਤਰ ਕੌਰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ,ਮਾਲ ਰੋਡ, ਬਠਿੰਡਾ ਨੇ ਨਿਭਾਈ।





# ਕਾਰ ਦੀ ਫੇਟ ਨਾਲ 2 ਵਿਅਕਤੀ ਹੋਏ ਜ਼ਖ਼ਮੀ , ਕਾਰ ਚਾਲਕ ਫ਼ਰਾਰ

ਪੰਜਾਬ ਦਾ ਖੁਲਾਸਾ

**ਜੈਤੋ ,12 ਨਵੰਬਰ (ਰਘੁਨੰਦਨ ਪਰਾਸ਼ਰ ):** ਇਲਾਕੇ ਦੀ ਪ੍ਰਸਿੱਧ ਮਾਨਵਤਾ ਨੂੰ ਸਮਰਪਿਤ 24 ਘੰਟੇ ਨਿਸ਼ਕਾਮ ਸੇਵਾ ਕਰਨ ਵਾਲ਼ੀ ਸੰਸਥਾ ਨੌਜਵਾਨ ਵੈਲਫੇਅਰ ਸੁਸਾਇਟੀ ਇਕਾਈ ਜੈਤੋ ਦੇ ਐਮਰਜੰਸੀ ਨੰਬਰ ਤੇ ਸੰਪਰਕ ਕਰ ਇਕ ਰਾਹਗੀਰ ਦੁਆਰਾ ਸੂਚਨਾ ਦਿੱਤੀ ਗਈ ਕਿ ਜੈਤੋ- ਬਾਜਾਖਾਨਾ ਰੋਡ ਤੇ ਪੈਂਦੇ ਪਿੰਡ ਸੇਢਾਵਾਲਾ ਬੱਸ ਸਟੈਂਡ ਤੇ 2 ਬਾਈਕ ਚਾਲਕ ਸੜਕ ਉਪਰ ਜ਼ਖ਼ਮੀ ਹਾਲਤ ਵਿਚ ਡਿੱਗੇ ਪਏ ਹਨ।ਜਿਸ ਦੀ ਸੂਚਨਾ ਮਿਲਦੇ ਹੀ ਸੰਸਥਾ ਦੇ ਟੀਮ ਮੈਂਬਰ ਮੌਕੇ ਤੇ ਪਹੁੰਚੇ।। ਉਨ੍ਹਾਂ ਵੱਲੋਂ ਜ਼ਖ਼ਮੀ ਹੋਏ ਵਿਅਕਤੀਆਂ ਨੂੰ ਚੁੱਕ ਕੇ ਸੇਠ ਰਾਮ ਨਾਥ ਸਿਵਲ ਹਸਪਤਾਲ ਜੈਤੋ ਵਿੱਚ ਦਾਖਲ ਕਰਵਾਇਆ ਜਿੱਥੇ ਮੌਜੂਦਾ ਸਟਾਫ਼ ਵੱਲੋਂ ਉਨ੍ਹਾਂ ਨੂੰ ਮੁੱਢਲੀ ਸਹਾਇਤਾ ਦੇਣ ਉਪਰੰਤ ਉਨ੍ਹਾਂ ਨੂੰ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਅਤੇ ਹਸਪਤਾਲ ਫਰੀਦਕੋਟ ਰੈਫਰ ਕਰ ਦਿੱਤਾ ਗਿਆ।ਪ੍ਰੰਤੂ ਮੌਕੇ ਤੇ ਮੌਜੂਦ ਪਰਿਵਾਰ ਮੈਂਬਰਾਂ ਦੁਆਰਾ ਦੋਹਾਂ ਵਿਅਕਤੀਆ ਨੂੰ ਉਨ੍ਹਾਂ ਦੀ ਮਰਜੀ ਨਾਲ ਘਰ ਲਿਜਾਇਆ ਗਿਆ।ਜਖਮੀ ਹੋਏ ਵਿਅਕਤੀ ਨੇ ਦਸਿਆ ਕਿ ਉਹ ਸੜਕ ਦੇ ਕਿਨਾਰੇ ਆਪਣੇ ਮੋਟਰਸਾਇਕਲ ਤੇ ਆ ਰਹੇ ਸੀ ਕਿ ਅਚਾਨਕ ਪਿੱਛੋਂ ਆ ਰਹੀ ਤੇਜ਼ ਰਫਤਾਰ ਕਾਰ ਨੇ ਉਨ੍ਹਾਂ ਨੂੰ ਟਕਰ ਮਾਰ ਦਿੱਤੀ ਅਤੇ ਮੌਕੇ ਤੋ ਫਰਾਰ ਹੋ ਗਿਆ।ਜਿਸ ਕਾਰਨ ਉਹ ਜਖਮੀ ਹੋ ਗਏ।ਜਖਮੀ ਹੋਏ ਵਿਅਕਤੀਆ ਦੀ ਪਛਾਣ ਜੀਵਨ ਸਿੰਘ (48 ) ਪੁੱਤਰ ਕਰਤਾਰ ਸਿੰਘ ਅਤੇ ਵੀਰੂ ਸਿੰਘ (38) ਪੁੱਤਰ ਪ੍ਰੀਤਮ ਸਿੰਘ ਵਜੋ ਹੋਈ ਹੈ।



# ਗਿੱਦੜਬਾਹਾ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਹਰਦੀਪ ਸਿੰਘ ਡਿੰਪੀ ਢਿੱਲੋ ਨੇ ਨੁੱਕੜ ਮੀਟਿੰਗਾਂ ਰਾਹੀਂ ਪ੍ਰਚਾਰ ਕੀਤਾ ਤੇਜ

ਪੰਜਾਬ ਦਾ ਖੁਲਾਸਾ

**ਗਿੱਦੜਬਾਹਾ, 10 ਨਵੰਬਰ (ਲਖਵੀਰ ਸਿੰਘ ਧੂਲਕੋਟੀਆ)** ਆਮ ਆਦਮੀ ਪਾਰਟੀ ਦੇ ਉਮੀਦਵਾਰ ਹਰਦੀਪ ਸਿੰਘ ਡਿੰਪੀ ਢਿੱਲੋਂ ਨੇ ਆਪਣੇ ਚੋਣ ਪ੍ਰਚਾਰ ਨੂੰ ਹੋਰ ਤੇਜ਼ ਕਰਦੇ ਹੋਏ ਹਲਕੇ ਦੇ ਪਿੰਡਾਂ ਵਿੱਚ ਵਰਕਰਾਂ ਤੇ ਆਗੂਆਂ ਨਾਲ ਨੁੱਕੜ ਮੀਟਿੰਗਾਂ ਤੇ ਚੋਣ ਜਲਸੇ ਸ਼ੁਰੂ ਕੀਤੇ ਹਲਕੇ ਦੇ ਪਿੰਡ ਭਾਰੂ ਬੁੱਟਰ ਬਖੂਆ ਅਤੇ ਕੋਟਭਾਈ ਵਿਖੇ ਲੋਕਾਂ ਨੂੰ ਸੰਬੋਧਨ ਕਰਦੇ ਹੋਏ ਡਿੰਪੀ ਢਿੱਲੋਂ ਨੇ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਲੋਕਾਂ ਨਾਲ ਕੀਤੇ ਗਏ ਸਾਰੇ ਵਾਅਦੇ ਪੂਰੇ ਕੀਤੇ ਜਾ ਰਹੇ ਹਨ ਅਤੇ ਪੰਜਾਬ ਦੀ ਤਰੱਕੀ ਤੇ ਖੁਸ਼ਹਾਲੀ ਲਈ ਸਿਹਤ ਸਹੂਲਤਾਂ ਚੰਗੀ ਸਿੱਖਿਆ ਅਤੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਸਰਕਾਰ ਵੱਲੋਂ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ ਉਨਾਂ ਕਿਹਾ ਕਿ ਗਿੱਦੜਵਾਹ ਹਲਕੇ ਦੇ ਲੋਕ ਮੇਰੇ ਪਰਿਵਾਰਿਕ ਮੈਂਬਰ ਹਨ ਤੇ ਮੈਂ ਇਹਨਾਂ ਦੀਆਂ ਮੁਸ਼ਕਿਲਾਂ ਨੂੰ ਦੂਰ ਕਰਨ ਲਈ ਹਰ ਸਮੇਂ ਤਤਪਰ ਰਹਿੰਦਾ ਹਾਂ ਕਿਉਂਕਿ ਮੈਂ ਹਰ ਸਮੇਂ ਇਹਨਾਂ ਲੋਕਾਂ ਦੇ ਵਿੱਚ ਰਹਿ ਰਿਹਾ ਹਾਂ ਤੇ ਬਾਕੀ ਉਮੀਦਵਾਰ ਬਾਹਰ ਦੇ ਰਹਿਣ ਵਾਲੇ ਹਨ ਉਹਨਾਂ ਨੂੰ ਹਲਕੇ ਦੇ ਲੋਕਾਂ ਨਾਲ ਕੋਈ ਤਲਕ ਵਾਸਤਾ ਨਹੀਂ ਹੈ ਉਹ ਤਾਂ ਸਿਰਫ ਵੋਟਾਂ ਲੈਣ ਲਈ ਵੱਡੇ ਵੱਡੇ ਝੂਠ ਅਤੇ ਲਾਰੇ ਲਾ ਕੇ ਲੋਕਾਂ ਨੂੰ ਲਭਾਉਣ ਦੀ ਕੋਸ਼ਿਸ਼ ਕਰ ਰਹੇ ਹਨ ਇਸ ਮੌਕੇ ਹਰਦੀਪ ਸਿੰਘ ਡਿੰਪੀ ਢਿੱਲੋ ਨੂੰ ਸਮਰਥਕਾਂ ਨੇ ਲੱਡੂਆਂ ਅਤੇ ਕੇਲਿਆਂ ਨਾਲ ਤੋਲਿਆ ਗਿਆ ਇਸ ਮੌਕੇ ਕਈ ਪਰਿਵਾਰ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਏ ਇਸ ਮੌਕੇ ਸੁਖਮੰਦਰ ਸਿੰਘ ਹਰਮਿੰਦਰ ਸਿੰਘ ਮਲਕੀਤ ਸਿੰਘ ਜਗਜੀਤ ਸਿੰਘ ਬੇਅੰਤ ਸਿੰਘ ਹਰਮੀਤ ਸਿੰਘ ਜਗਜੀਤ ਸਿੰਘ ਮੁਨਸੀ ਸਿੰਘ ਸ਼ਿੰਪੀ ਬੰਸਲ ਜਗਸੀਰ ਸਿੰਘ ਸੀਰਾ ਸਰਪੰਚ ਕੋਲ ਭਾਈ ਰਣਧੀਰ ਸਿੰਘ ਧੀਰਾ ਕੋਠੇ ਦਸ਼ਮੇਸ਼ ਨਗਰ ਪਵਨ ਕੁਮਾਰ ਸ਼ਰਮਾ ਮਨਪ੍ਰੀਤ ਸ਼ਰਮਾ ਅਮਨਦੀਪ ਸਿੰਘ ਕਸ਼ਮੀਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਵਰਕਰ ਤੇ ਆਗੂ ਹਾਜਰ ਸਨ



# ਹੱਕੀ ਮੰਗਾਂ ਨਾ ਮੰਨਣ ਕਰਕੇ ਜਲ ਸਪਲਾਈ ਸ੍ਰੀ ਮੁਕਤਸਰ ਸਾਹਿਬ ਦੇ ਕਾਰਜਕਾਰੀ ਇੰਜੀਨੀਅਰ ਮੰਡਲ 2 ਦੇ ਖਿਲਾਫ ਆਊਟਸੋਰਸ ਮੁਲਾਜ਼ਮ ਵੱਲੋ ਧਰਨਾ ਦਿੱਤਾ ਗਿਆ

## ਮਿਨੀਮਮ -ਵੇਜਸ ਤੋਂ ਘੱਟ ਤਨਖਾਹਾਂ ਦੇ ਜਲ ਸਪਲਾਈ ਵਿਭਾਗ ਵਰਕਰਾਂ ਦੇ ਹੱਕ ਦੱਬ ਰਿਹਾ - ਭੱਟੀ

ਪੰਜਾਬ ਦਾ ਖੁਲਾਸਾ

**ਸ੍ਰੀ ਮੁਕਤਸਰ ਸਾਹਿਬ, 12 ਨਵੰਬਰ (ਮਨਪ੍ਰੀਤ ਮੋਨੂੰ )** ਅੱਜ ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ ਯੂਨੀਅਨ ਰਜਿ 31 ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵੱਲੋਂ ਹੱਕੀ ਮੰਗਾਂ ਨਾ ਮੰਨਣ ਕਰਕੇ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਸ੍ਰੀ ਮੁਕਤਸਰ ਸਾਹਿਬ ਦੇ ਕਾਰਜਕਾਰੀ ਇੰਜੀਨੀਅਰ ਮੰਡਲ ਨੰਬਰ 2 ਦੇ ਖਿਲਾਫ ਧਰਨਾ ਦਿੱਤਾ ਗਿਆ । ਇਸ ਮੌਕੇ ਤੇ ਜੱਥੇਬੰਦੀ ਦੇ ਸੂਬਾ ਪ੍ਰਚਾਰ ਸਕੱਤਰ ਅਤੇ ਜ਼ਿਲ੍ਹਾ ਪ੍ਰਧਾਨ ਬਲਜੀਤ ਸਿੰਘ ਭੱਟੀ, ਜ਼ਿਲ੍ਹਾ ਜਨਰਲ ਸਕੱਤਰ ਸੁਰਜੀਤ ਸਿੰਘ ਤੱਖੀ, ਜ਼ਿਲ੍ਹਾ ਪ੍ਰੈਸ ਸਕੱਤਰ ਬਿਕਰਮਜੀਤ ਸਿੰਘ ਕਪੂਰ ਅਤੇ ਸੋਰਵ ਮਿਗਲਾਨੀ ਨੇ ਕਿਹਾ ਕਿ ਉਹ ਪਿਛਲੇ 10-15 ਸਾਲਾਂ ਤੋਂ ਇਸ ਵਿਭਾਗ ਵਿਚ ਬਹੁਤ ਹੀ ਨਿਗੁਣੀਆ ਤਨਖਾਹਾਂ ਤੇ ਆਪਣੀ ਸੇਵਾ ਦੇ ਰਹੇ ਹਨ, ਸਮੇਂ ਸਮੇਂ ਦੀਆਂ ਸਰਕਾਰਾਂ ਵੱਲੋਂ ਇਹਨਾਂ ਮੁਲਾਜ਼ਮਾ ਨੂੰ ਪੱਕਾ ਕਰਨ ਦਾ ਵਾਅਦਾ ਕੀਤਾ ਗਿਆ ਸੀ ਪਰ ਕਿਸੇ ਵੀ ਸਰਕਾਰ ਵੱਲੋਂ ਇਹਨਾਂ ਮੁਲਾਜ਼ਮਾ ਦੀ ਸਾਰ ਨਹੀਂ ਲਈ ਗਈ। ਇਸੇ ਤਰ੍ਹਾਂ ਹੀ ਆਮ ਆਦਮੀ ਪਾਰਟੀ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀ ਵੋਟਾ ਤੋਂ ਪਹਿਲਾਂ ਇਹਨਾਂ ਮੁਲਾਜ਼ਮਾ ਨੂੰ ਪੱਕਾ ਕਰਨ ਦਾ ਵਾਅਦਾ ਕੀਤਾ ਸੀ ਪਰ ਬਾਕੀ ਸਰਕਾਰਾ ਦੀ ਤਰ੍ਹਾਂ ਆਮ ਆਦਮੀ ਪਾਰਟੀ ਦੀ ਸਰਕਾਰ ਲਾਰੇ ਲੱਪੇ ਲਾ ਕੇ ਆਪਣਾ ਸਮਾਂ ਬਤੀਤ ਕਰ ਰਹੀ ਹੈ । ਪਿਛਲੇ ਤਕਰੀਬਨ ਢਾਈ ਸਾਲ ਦੇ ਸਮੇਂ ਵਿੱਚ ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਪੰਜਾਬ ਦੀ ਤਕਰੀਬਨ 26 ਵਾਰ ਮੁੱਖ ਮੰਤਰੀ ਪੰਜਾਬ ਨਾਲ ਲਿਖਤੀ ਮੀਟਿੰਗ ਦਿੱਤੀ ਗਈ ਪਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਇਕ ਵਾਰ ਵੀ ਮੀਟਿੰਗ ਨਹੀਂ ਕੀਤੀ ਅਤੇ ਨਾ ਇਹਨਾਂ ਮੁਲਾਜ਼ਮਾ ਦੇ ਰੁਜ਼ਗਾਰ ਦਾ ਕੋਈ ਪ੍ਰਬੰਧ ਕੀਤਾ ਗਿਆ। ਇਸੇ ਤਰ੍ਹਾਂ ਹੀ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੀ ਮਨੇਜਮੈਂਟ ਵੀ ਇਹਨਾਂ ਠੇਕਾ ਆਧਾਰਿਤ ਮੁਲਾਜ਼ਮਾ ਦੇ ਹੱਕ ਦੱਬ ਰਹੀ ਹੈ। ਇਹਨਾਂ ਮੁਲਾਜ਼ਮਾ ਨੂੰ ਬਹੁਤ ਹੀ ਨਿਗੁਣੀਆ ਤਨਖਾਹਾਂ ( ਡੀ ਸੀ ਰੇਟ) ਦਿੱਤੇ ਜਾਂਦੇ ਹਨ ਜ਼ੋ ਕਿ ਬਹੁਤ ਘੱਟ ਹਨ ,ਪਰ ਇਸ ਵਿਭਾਗ ਦੀ ਮਨੇਜਮੈਟ ਇਹਨਾਂ ਮੁਲਾਜ਼ਮਾ ਨੂੰ ਉਹ ਡੀ ਸੀ ਰੇਟ ਤੋਂ ਵੀ ਘੱਟ ਤਨਖਾਹਾਂ ਦੇ ਰਹੀ ਹੈ। ਜ਼ਿਕਰਯੋਗ ਹੈ ਕਿ ਡੀ ਸੀ ਰੇਟਾਂ ਵਿੱਚ ਇਸ ਸਾਲ ਮਾਰਚ ਤੋਂ 163 ਰੁਪਏ ਵਾਧਾ ਹੋਇਆ ਹੈ ਜ਼ੋ ਕਿ ਪਹਿਲਾਂ ਹੀ ਬਹੁਤ ਘੱਟ ਹੈ ਪਰ ਜਲ ਸਪਲਾਈ ਦੀ ਮੈਨੇਜਮੈਂਟ ਨੇ ਇਹਨਾਂ ਮੁਲਾਜ਼ਮਾ ਦੀਆ ਤਨਖਾਹਾਂ ਵਿੱਚ ਅਜੇ ਤੱਕ ਇਹ ਵਾਧਾ ਨਹੀਂ ਕੀਤਾ ਅਤੇ ਨਾ ਇਹਨਾਂ ਦਾ ਬਣਦਾ ਏਰੀਅਰ ਦਿੱਤਾ ਜਾ ਰਿਹਾ ਹੈ। ਕਿਰਤ ਵਿਭਾਗ ਦੇ ਰੂਲਾ ਮੁਤਾਬਕ ਇਹਨਾਂ ਮੁਲਾਜ਼ਮਾ ਨੂੰ ਹਰ ਸਾਲ ਬੋਨਸ ਦੇਣਾ ਬਣਦਾ ਪਰ ਉਹ ਬੋਨਸ ਵੀ ਅਜੇ ਤੱਕ ਇਕ ਵਾਰ ਵੀ ਨਹੀਂ ਦਿੱਤਾ ਗਿਆ। ਆਗੂਆਂ ਨੇ ਇਹ ਵੀ ਦੱਸਿਆ ਕਿ ਪਿਛਲੇ ਸਾਲ ਜਿਹੜਾ ਡੀ ਸੀ ਰੇਟ ਵੱਧਿਆ ਸੀ ਉਸ ਦਾ ਏਰੀਅਰ ਵਿਭਾਗ ਨੇ ਠੇਕਾਦਾਰਾ ਨੂੰ ਦੇ ਦਿੱਤਾ ਸੀ ਪਰ ? ਠੇਕੇਦਾਰਾ ਨੇ ਵਰਕਰਾ ਨੂੰ ਬਣਦਾ ਪੂਰਾ ਏਰੀਅਰ ਅਜੇ ਤੱਕ ਨਹੀਂ ਦਿੱਤਾ ਗਿਆ ਅਤੇ ਸਾਲ 2023 ਤੋਂ ਇਹਨਾਂ ਆਊਟਸੋਰਸ ਮੁਲਾਜ਼ਮ ਦੀ ਤਨਖਾਹ ਵਿੱਚੋਂ ਠੇਕੇਦਾਰਾ ਵੱਲੋਂ ਵੈਲਫ਼ੇਅਰ ਫੰਡ ਕੱਟਿਆ ਜਾ ਰਿਹਾ ਹੈ ਪਰ ਇਹ ਫੰਡ ਕਿਰਤ ਵਿਭਾਗ ਨੂੰ ਜਮਾਂ ਨਹੀ ਕਰਵਾਇਆ ਜਾ ਰਿਹਾ ਹੈ ਜਿਸ ਕਰਕੇ ਵਰਕਰ ਨੂੰ ਉਹਨਾਂ ਦੀਆ ਬਣਦੀਆਂ ਸਹੂਲਤਾਂ ਨਹੀਂ ਦਿੱਤੀਆ ਜਾ ਰਹੀਆ ,ਜਿਸ ਕਰਕੇ ਵਰਕਰਾ ਵਿਚ ਭਾਰੀ ਰੋਸ ਪਾਇਆ ਜਾ ਰਿਹਾ ਸੀ ।ਇਸ ਲਈ ਜੱਥੇਬੰਦੀ ਵੱਲੋਂ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੇ ਕਾਰਜਕਾਰੀ ਇੰਜੀਨੀਅਰ ਮੰਡਲ 2 ਸ੍ਰੀ ਮੁਕਤਸਰ ਸਾਹਿਬ ਦੇ ਖਿਲਾਫ ਧਰਨਾ ਦਿੱਤਾ ਗਿਆ ਪਰ ਧਰਨਾ ਲੱਗਣ ਦੇ ਬਾਵਜੂਦ ਵੀ ਜਲ ਸਪਲਾਈ ਦੀ ਮੈਨੇਜਮੈਂਟ ਨੇ ਮੰਗਾਂ ਸਬੰਧੀ ਨਾ ਤਾਂ ਕੋਈ ਹੱਲ ਕੀਤਾ ਅਤੇ ਵਰਕਰਾ ਦੀਆ ਹੱਕੀ ਮੰਗਾਂ ਸਬੰਧੀ ਨਾ ਤਾਂ ਕੋਈ ਭਰੋਸਾ ਨਹੀਂ ਦਿੱਤਾ ਜਿਸ ਕਰਕੇ ਵਰਕਰਾ ਵਿਚ ਰੋਸ ਪਾਇਆ ਜਾ ਰਿਹਾ ਹੈ। ਇਸ ਮੌਕੇ ਤੇ ਗੁਰਸੇਵਕ ਸਿੰਘ, ਜਸਵਿੰਦਰ ਸਿੰਘ, ਗੁਰਦੇਵ ਸਿੰਘ, ਜਸਬੀਰ ਕੌਰ, ਹਰਪ੍ਰੀਤ ਕੌਰ, ਗੁਰਦੀਪ ਕੌਰ, ਸੁਖਵਿੰਦਰ ਕੌਰ, ਤਰਲੋਕ ਸਿੰਘ, ਹਰਜੀਤ ਸਿੰਘ, ਬਲਵਿੰਦਰ ਸਿੰਘ, ਰਾਧੇ ਸ਼ਾਮ, ਦਵਿੰਦਰ ਸਿੰਘ, ਅਜੇ ਕੁਮਾਰ, ਗਗਨਦੀਪ ਸਿੰਘ, ਨਿਰਮਲ ਸਿੰਘ ਸਾਹਿਬ ਸਿੰਘ ਅਤੇ ਪਰਮਿੰਦਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਹਾਜ਼ਰ ਹੋਏ



ਮੁਦਰਕ, ਪ੍ਰਕਾਸ਼ਕ ਅਤੇ ਸਵਾਮੀ ਮਨਪ੍ਰੀਤ ਸਿੰਘ ਨੇ ਪੰਜਮਨਾ ਆਰਟ ਪ੍ਰੈਸ, ਨੇੜੇ ਪੀ.ਐਨ.ਬੀ. ਬੈਂਕ, ਅਬੋਹਰ ਰੋਡ, ਸ੍ਰੀ ਮੁਕਤਸਰ ਸਾਹਿਬ ਤੋਂ ਛਪਵਾ ਕੇ ਪੰਜਾਬ ਦਾ ਖੁਲਾਸਾ ਦਫਤਰ, ਹਾਊਸ ਨੰਬਰ 236/3, ਨਾਕਾ ਨੰ.2 ਦਰਬਾਰ ਸਾਹਿਬ, ਸ੍ਰੀ ਮੁਕਤਸਰ ਸਾਹਿਬ ਤੋਂ ਪ੍ਰਕਾਸ਼ਿਤ ਕੀਤਾ। ਸੰਪਾਦਕ ਮਨਪ੍ਰੀਤ ਸਿੰਘ
Owner, Publisher & Printer Manpreet Singh Printed at Panjmana Art Press Near PNB Bank, Abohar Road Sri Muktsar Sahib Published from House No 236/3 Naka No 2, Darbar Sahib Sri Muktsar Sahib. Editor Manpreet Singh

ਪੰਜਾਬ ਦਾ ਖੁਲਾਸਾ



# ਡਾ.ਘੁੰਮਣ ਦੀ ਕਿਤਾਬ ਸੁਲਤਾਨਪੁਰ ਲੋਧੀ ਦੂਸਰਾ ਨਨਕਾਣਾ ਸਾਹਿਬ ਦੀ ਘੁੰਡ ਚੁਕਾਈ 15 ਨੂੰ

ਪੰਜਾਬ ਦਾ ਖੁਲਾਸਾ



**ਕਪੂਰਥਲਾ , 12 ਨਵੰਬਰ (ਕੌੜਾ)**- ਉੱਘੇ ਚਿੰਤਕ ਤੇ ਲੇਖਕ ਡਾਕਟਰ ਆਸਾ ਸਿੰਘ ਘੁੰਮਣ ਦੁਆਰਾ ਡੂੰਘੀ ਖੋਜ ਉਪਰੰਤ ਲਿਖੀ ਗਈ ਕਿਤਾਬ "ਸੁਲਤਾਨਪੁਰ ਲੋਧੀ-ਦੂਸਰਾ ਨਨਕਾਣਾ ਸਾਹਿਬ" ਦੇ ਲੋਕ ਅਰਪਣ ਸਬੰਧੀ ਸਮਾਗਮ ਸਾਹਿਤ ਸਭਾ ਸੁਲਤਾਨਪੁਰ ਲੋਧੀ ਵੱਲੋਂ 15 ਨਵੰਬਰ 2024 ਨੂੰ ਸ਼ਾਮ 5 ਵਜੇ ਨਿਰਮਲ ਕੁਟੀਆ (ਪਵਿੱਤਰ ਵੇਈ ਕੰਢੇ) ਵਿਖੇ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸਾਹਿਤ ਸਭਾ ਦੇ ਪ੍ਰਧਾਨ ਡਾਕਟਰ ਸਵਰਨ ਸਿੰਘ ਅਤੇ ਸਕੱਤਰ ਮੁਖਤਾਰ ਸਿੰਘ ਚੰਦੀ ਨੇ ਦੱਸਿਆ ਕਿ ਇਸ ਕਿਤਾਬ ਦੀ ਪ੍ਰਕਾਸ਼ਨਾ ਯੂਰਪੀਅਨ ਪੰਜਾਬੀ ਸੱਥ ਵਾਲਸਾਲ ਯੂਕੇ ਵੱਲੋਂ ਕੀਤੀ ਗਈ ਹੈ। ਉਨਾਂ ਦੱਸਿਆ ਕਿ ਇਹ ਸਮਾਗਮ ਸ੍ਰੀ ਗੁਰੂ ਨਾਨਕ ਦੇਵ ਜੀ ਦੇ 555ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਹੋਵੇਗਾ ਜਿਸ ਦੇ ਮੁੱਖ ਮਹਿਮਾਨ ਰਾਜਸਭਾ ਮੈਂਬਰ ਪਦਮ ਸ਼੍ਰੀ ਸੰਤ ਬਲਬੀਰ ਸਿੰਘ ਸੀਚੇਵਾਲ ਅਤੇ ਵਿਸ਼ੇਸ਼ ਮਹਿਮਾਨ ਯੂਰਪੀ ਪੰਜਾਬੀ ਸੱਥ ਦੇ ਸੰਚਾਲਕ ਸਰਦਾਰ ਮੋਤਾ ਸਿੰਘ ਸਰਾਏ ਹੋਣਗੇ। ਉਨਾਂ ਸਮੂਹ ਸਾਹਿਤ ਪ੍ਰੇਮੀਆਂ ਤੇ ਸੰਗਤਾਂ ਨੂੰ ਇਸ ਸਮਾਗਮ ਵਿੱਚ ਪਹੁੰਚਣ ਦੀ ਅਪੀਲ ਕੀਤੀ।

# ਕਮਿਊਨਿਟੀ ਹੈਲਥ ਸੈਂਟਰ ਬੜਾ ਪਿੰਡ ਵੱਲੋਂ ਵਿਸ਼ਵ ਨਿਮੋਨੀਆ ਦਿਵਸ ਮਨਾਇਆ

ਪੰਜਾਬ ਦਾ ਖੁਲਾਸਾ

**ਫਗਵਾੜਾ 12 ਨਵੰਬਰ (ਪ੍ਰੀਤ ਕੌਰ ਪ੍ਰੀਤੀ)** ਸਿਵਲ ਸਰਜਨ ਜਲੰਧਰ ਡਾ ਗੁਰਮੀਤ ਲਾਲ ਦੇ ਦਿਸ਼ਾ ਨਿਰਦੇਸ਼ਾਂ ਦੇ ਮੁਤਾਬਿਕ ਕਮਿਊਨਿਟੀ ਹੈਲਥ ਸੈਂਟਰ ਬੜਾ ਪਿੰਡ ਵੱਲੋਂ ਵਿਸ਼ਵ ਨਿਮੋਨੀਆ ਦਿਵਸ ਸਰਕਾਰੀ ਸਕੂਲ ਮਸਾਣੀ ਵਿੱਖੇ ਮਨਾਇਆ ਗਿਆ। ਸੀਨੀਅਰ ਮੈਡੀਕਲ ਅਫ਼ਸਰ ਡਾ ਅਮਿਤਾ ਲੂਨਾ ਨੇ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਨਿਮੋਨੀਆ ਦੀ ਰੋਕਥਾਮ ਲਈ ਸਾਨਸ ਪ੍ਰੋਗਰਾਮ ਚਲਾਇਆ ਜਾ ਰਿਹਾ ਹੈ । ਉਨ੍ਹਾਂ ਦੱਸਿਆ ਹਰ ਸਾਲ ਭਾਰਤ ਵਿੱਚ 5 ਸਾਲ ਤੋਂ ਘੱਟ 14 ਫੀਸਦੀ ਬੱਚਿਆਂ ਦੀ ਮੌਤ ਸਿਰਫ ਨਿਮੋਨੀਆ ਕਰਕੇ ਹੁੰਦੀ ਹੈ।ਇਸ ਮੌਕੇ ਤੇ ਆਯੁਰਵੈਦਿਕ ਮੈਡੀਕਲ ਅਫ਼ਸਰ ਡਾ ਵਰੁਣ ਨੇ ਨਿਊਮੋਨੀਆ ਦੇ ਕਾਰਨ, ਲੱਛਣ, ਅਤੇ ਇਲਾਜ ਬਾਰੇ ਵਿਸਤ੍ਰਿਤ ਜਾਣਕਾਰੀ ਦਿੱਤੀ। ਉਨ੍ਹਾਂ ਨੇ ਦੱਸਿਆ ਕਿ ਨਿਊਮੋਨੀਆ ਫੇਫੜਿਆਂ ਦੀ ਗੰਭੀਰ ਬਿਮਾਰੀ ਹੈ ਜੋ ਖ਼ਾਸ ਕਰਕੇ ਬੱਚਿਆਂ, ਬਜ਼ੁਰਗਾਂ ਅਤੇ ਕਮਜ਼ੋਰ ਪ੍ਰਤੀਰੋਧਕ ਸ਼ਕਤੀ ਵਾਲੇ ਲੋਕਾਂ ਵਿੱਚ ਇਸ ਦੀ ਹੋਣ ਦੀ ਵਿਧੇਰੇ ਸੰਭਾਵਨਾ ਹੁੰਦੀ ਹੈ। ਉਨ੍ਹਾਂ ਨੇ ਵੱਖ-ਵੱਖ ਕਿਸਮਾਂ ਦੇ ਨਿਊਮੋਨੀਆ, ਜਿਵੇਂ ਕਿ ਬੈਕਟੀਰੀਆ, ਵਾਇਰਲ ਅਤੇ ਫੰਗਲ ਨਿਊਮੋਨੀਆ ਬਾਰੇ ਵੀ ਜਾਣਕਾਰੀ ਸਾਂਝੀ ਕੀਤੀ।ਬਲਾਕ



ਐਕਸਟੈਨਸ਼ਨ ਐਜੂਕੇਟਰ ਪ੍ਰੀਤਇੰਦਰ ਸਿੰਘ ਨੇ ਦੱਸਿਆ ਕਿ ਖਾਂਸੀ, ਉੱਚ ਬੁਖ਼ਾਰ, ਸਾਹ ਲੈਣ ਵਿੱਚ ਤਕਲੀਫ ਅਤੇ ਛਾਤੀ ਵਿਚ ਦਰਦ ਨਿਊਮੋਨੀਆ ਦੇ ਲੱਛਣ ਹੋ ਸਕਦੇ ਹਨ। ਉਨ੍ਹਾਂ ਨੇ ਇਸ ਦੀ ਰੋਕਥਾਮ ਲਈ ਟੀਕਾਕਰਣ, ਸਫਾਈ ਅਤੇ ਸਿਹਤਮੰਦ ਜੀਵਨ ਸ਼ੈਲੀ ਅਪਨਾਓ 'ਤੇ ਜ਼ੋਰ ਦਿੱਤਾ। ਇਸ ਮੌਕੇ 'ਤੇ ਸਿਹਤ ਵਿਭਾਗ ਵੱਲੋਂ ਬੱਚਿਆਂ ਅਤੇ ਬਜ਼ੁਰਗਾਂ ਨੂੰ ਵੈਕਸੀਨੇਸ਼ਨ ਲਗਵਾਉਣ ਲਈ ਪ੍ਰੇਰਿਤ ਕੀਤਾ, ਤਾਂ ਜੋ ਨਿਮੋਨੀਆ ਵਰਗੀਆਂ ਬਿਮਾਰੀਆਂ ਤੋਂ ਬਚਾਅ ਕੀਤਾ ਜਾ ਸਕੇ।

# ਕੀਰਤਪੁਰ ਸਾਹਿਬ ਦੇ ਸਰਵਪੱਖੀ ਵਿਕਾਸ ਤੇ ਖਰਚੇ ਜਾ ਰਹੇ ਹਨ ਕਰੋੜਾਂ ਰੁਪਏ- ਹਰਜੋਤ ਬੈਂਸ

ਪੰਜਾਬ ਦਾ ਖੁਲਾਸਾ



## ਕੈਬਨਿਟ ਮੰਤਰੀ ਹਰਜੋਤ ਬੈਂਸ ਨੇ ਦਰਗਾਹ ਸਾਈ ਪੀਰ ਬਾਬਾ ਬੁੱਢਣ ਸ਼ਾਹ ਵਿਖੇ ਸਲਾਨਾ ਉਰਸ ਵਿਚ ਕੀਤੀ ਸ਼ਿਰਕਤ

**ਕੀਰਤਪੁਰ ਸਾਹਿਬ 12 ਨਵੰਬਰ (ਕੰਵਲ ਜੋਤ ਸਿੰਘ)**- ਹਰਜੋਤ ਸਿੰਘ ਬੈਂਸ ਸੂਚਨਾ ਤੇ ਲੋਕ ਸੰਪਰਕ ਵਿਭਾਗ, ਸਕੂਲ ਸਿੱਖਿਆ, ਉਚੇਰੀ ਸਿੱਖਿਆ ਅਤੇ ਤਕਨੀਕੀ ਸਿੱਖਿਆ ਤੇ ਉਦਯੋਗਿਕ ਸਿਖਲਾਈ ਪੰਜਾਬ ਨੇ ਦਰਗਾਹ ਸਾਈ ਪੀਰ ਬਾਬਾ ਬੁੱਢਣ ਸ਼ਾਹ ਕੀਰਤਪੁਰ ਸਾਹਿਬ ਵਿਖੇ ਸਲਾਨਾ ਉਰਸ ਵਿੱਚ ਸ਼ਿਰਕਤ ਕੀਤੀ ਅਤੇ ਸਮੁੱਚੀ ਲੋਕਾਈ ਦੀ ਭਲਾਈ, ਤਰੱਕੀ ਤੇ ਖੁਸ਼ਹਾਲੀ ਲਈ ਅਰਦਾਸ ਕੀਤੀ। ਹਰਜੋਤ ਬੈਂਸ ਕੈਬਨਿਟ ਮੰਤਰੀ ਨੇ ਬਹੁਤ ਹੀ ਸ਼ਰਧਾ ਨਾਲ ਮੱਥਾ ਟੇਕਿਆ ਅਤੇ ਮਾਨਵਤਾ ਦੀ ਭਲਾਈ ਲਈ ਅੱਗੇ ਤੋ ਹੋਰ ਵਧੇਰੇ ਉਤਸ਼ਾਹ ਨਾਲ ਕੰਮ ਕਰਨ ਲਈ ਆਸ਼ੀਰਵਾਦ ਲਿਆ।

ਇਸ ਮੌਕੇ ਸ.ਬੈਂਸ ਨੇ ਕਿਹਾ ਕਿ ਉਹ ਆਪਣੇ ਆਪ ਨੂੰ ਬਹੁਤ ਹੀ ਭਾਗਾਂ ਵਾਲਾ ਸਮਝਦੇ ਹਨ ਜਿਨ੍ਹਾਂ ਨੂੰ ਇਸ ਮਹਾਨ ਪਵਿੱਤਰ ਧਰਤੀ ਦੀ ਸੇਵਾ ਕਰਨ ਦਾ ਮੌਕਾ ਮਿਲਿਆ ਹੈ। ਉਨ੍ਹਾਂ ਨੇ ਕਿਹਾ ਕਿ ਹਰ ਸਾਲ ਇਲਾਕੇ ਦੀ ਸਮੂਹ ਸੰਗਤਾਂ ਵੱਲੋਂ ਦਰਗਾਹ ਸਾਈ ਪੀਰ ਬਾਬਾ ਬੁੱਢਣ ਸ਼ਾਹ ਵਿਖੇ ਸਲਾਨਾ ਉਰਸ ਸ਼ਾਨੋ ਸ਼ੋਕਤ ਅਤੇ ਉਤਸ਼ਾਹ ਨਾਲ ਮਨਾਇਆ ਜਾਂਦਾ ਹੈ। ਇਸ ਮੌਕੇ ਕੈਬਨਿਟ ਮੰਤਰੀ ਨੇ ਸਮੁੱਚੀਆਂ ਸੰਗਤਾਂ ਨੂੰ ਇਸ ਪਵਿੱਤਰ ਦਿਹਾੜੇ ਦੀਆਂ ਵਧਾਈਆਂ ਦਿੱਤੀਆਂ।

ਹਰਜੋਤ ਸਿੰਘ ਬੈਂਸ ਨੇ ਕੀਰਤਪੁਰ ਸਾਹਿਬ ਦੇ ਵਿਕਾਸ ਦੀ ਗੱਲ ਕਰਦੇ ਹੋਏ ਕਿਹਾ ਕਿ ਪੰਜਾਬ ਸਰਕਾਰ ਵੱਲੋ ਦੋ ਗੁਰੂ ਸਾਹਿਬਾਨ ਦੇ ਜਨਮ ਅਸਥਾਨ ਅਤੇ ਛੇ ਗੁਰੂ ਸਾਹਿਬਾਨ ਦੀ ਚਰਨ ਛੋਹ ਪ੍ਰਾਪਤ ਧਾਰਮਿਕ ਨਗਰੀ ਕੀਰਤਪੁਰ ਸਾਹਿਬ ਨੂੰ ਧਾਰਮਿਕ ਟੂਰਿਜਮ ਵਜੋ ਵਿਕਸਿਤ ਕੀਤਾ ਜਾ ਰਿਹਾ ਹੈ, ਇਸ ਨਗਰੀ ਵਿਚ ਬਹੁਤ ਹੀ ਇਤਿਹਾਸਕ ਧਾਰਮਿਕ ਅਸਥਾਨ ਹਨ, ਅਸੀਂ ਚਾਹੁੰਦੇ ਹਾਂ ਕਿ ਬਾਹਰਲੇ ਦੇਸਾਂ ਅਤੇ ਹੋਰ ਰਾਜਾਂ ਦੇ ਲੋਕ ਇਸ ਨਗਰੀ ਵਿਚ ਆ ਕੇ ਇਹਨਾਂ ਧਾਰਮਿਕ ਅਸਥਾਨਾ ਦੇ ਦਰਸ਼ਨ ਕਰਨ। ਉਹਨਾਂ ਕਿਹਾ ਕਿ ਇਸ ਨਗਰੀ ਵਿਚ ਜਲਦ ਨਵੇਂ ਵਿਕਾਸ ਕਾਰਜ ਸ਼ੁਰੂ ਹੋਣਗੇ, ਜਦੋਂ ਕਿ 12 ਕਰੋੜ ਰੁਪਏ ਦੀ ਲਾਗਤ ਨਾਲ ਸਕੂਲ ਆਫ ਐਮੀਨੈਂਸ ਦਾ ਕੰਮ ਚੱਲ ਰਿਹਾ ਹੈ, 1.50 ਕਰੋੜ ਰੁਪਏ ਦੀ ਲਾਗਤ ਨਾਲ ਮੁੱਢਲੇ ਸਿਹਤ ਕੇਂਦਰ ਨੂੰ ਅਤਿ ਆਧੁਨਿਕ ਬਣਾਇਆ ਜਾ ਰਿਹਾ ਹੈ, ਪਤਾਲਪੁਰੀ ਚੌਕ ਦਾ ਸੁੰਦਰੀਕਰਨ ਕਰਵਾ ਕੇ ਉਥੇ ਰਬਾਬ ਸਥਾਪਿਤ ਕੀਤੀ ਗਈ ਹੈ। ਕੀਰਤਪੁਰ ਸਾਹਿਬ ਦੇ ਸੀਵਰੇਜ ਟ੍ਰੀਟਮੈਂਟ ਪਲਾਂਟ, ਬੱਸ ਅੱਡਾ, ਨੈਸ਼ਨਲ ਹਾਈਵੇ ਦੇ ਆਲੇ ਦੁਆਲੇ ਦੇ ਵਿਕਾਸ ਦੀ ਰੂਪ ਰੇਖਾ ਤਿਆਰ ਹੋ ਗਈ ਹੈ। ਉਨ੍ਹਾਂ ਨੇ ਕਿਹਾ ਕਿ ਵਿਕਾਸ ਦੀ ਲਹਿਰ ਪੂਰੇ ਹਲਕੇ ਵਿਚ ਚੱਲ ਰਹੀ ਹੈ। ਇਸ ਮੌਕੇ ਦਿਲਬਾਗ ਮੁਹੰਮਦ, ਸੁਜੈਨ ਸ਼ਾਹ, ਪ੍ਰਵੇਸ਼ ਸਾਹ ਵੱਲੋਂ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਦਾ ਵਿਸੇਸ਼ ਸਨਮਾਨ ਕੀਤਾ ਗਿਆ।

ਇਸ ਮੌਕੇ ਕਮਿੱਕਰ ਸਿੰਘ ਡਾਢੀ ਚੇਅਰਮੈਨ, ਰਾਮ ਕੁਮਾਰ ਮੁਕਾਰੀ ਚੇਅਰਮੈਨ ਇੰਮਪੂਰਵਮੈਂਟ ਟਰੱਸਟ, ਕੇਸਰ ਸਿੰਘ ਸੰਧੂ ਬਲਾਕ ਪ੍ਰਧਾਨ, ਦਰਸ਼ਨ ਸਿੰਘ ਬਲਾਕ ਪ੍ਰਧਾਨ, ਜਿੰਮੀ ਡਾਢੀ, ਜਗਜੀਤ ਸਿੰਘ ਜੱਗੀ ਬਲਾਕ ਪ੍ਰਧਾਨ, ਕੁਲਵੰਤ ਸਿੰਘ ਬਲਾਕ ਪ੍ਰਧਾਨ, ਬਲਵੀਰ ਸਿੰਘ ਮੋੜਾ, ਗਫੂਰ ਮੁਹੰਮਦ, ਅਸ਼ਰਫ ਖਾਨ, ਪ੍ਰਕਾਸ਼ ਕੌਰ, ਗੁਰਪ੍ਰੀਤ ਸਿੰਘ ਅਰੋੜਾ, ਅਰਮਾਨ ਖਾਨ ਤੇ ਵੱਡੀ ਗਿਣਤੀ ਵਿਚ ਪਤਵੰਤੇ ਹਾਜ਼ਰ ਸਨ।

# ਗੁਰਦੁਆਰਾ ਕੌਲਸਰ ਸਾਹਿਬ ਵਿਖੇ ਸਰਪੰਚ ਸੰਧੂ ਵੱਲੋਂ ਸਰਬੱਤ ਦੇ ਭਲੇ ਲਈ ਕਰਵਾਈ ਅਰਦਾਸ

ਪੰਜਾਬ ਦਾ ਖੁਲਾਸਾ



**ਅੰਮ੍ਰਿਤਸਰ,12 ਨਵੰਬਰ (ਦਿਨੇਸ਼ ਸੋਨੀ)** ਬਾਬਾ ਦਰਸ਼ਨ ਸਿੰਘ ਕਲੋਨੀ, ਰਾਮ ਤੀਰਥ ਰੋਡ ਤੋਂ ਚੁਣੇ ਗਏ ਸਰਪੰਚ ਅਮਨਦੀਪ ਸਿੰਘ ਸੰਧੂ ਵੱਲੋਂ ਪਰਮਾਤਮਾ ਦਾ ਓਟ ਆਸਰਾ ਲੈਂਦਿਆਂ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਦੀ ਚਰਨ ਛੋਹ ਪ੍ਰਾਪਤ ਗੁਰਦੁਆਰਾ ਕੌਲਸਰ ਸਾਹਿਬ ਵਿਖੇ ਸਰਬੱਤ ਦੇ ਭਲੇ ਲਈ ਅਰਦਾਸ ਕਰਵਾਈ ਗਈ। ਸ੍ਰੀ ਅਖੰਡ ਪਾਠ ਸਾਹਿਬ ਉਪਰੰਤ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਦੇ ਹਜ਼ੂਰੀ ਰਾਗੀ ਭਾਈ ਮਨਜਿੰਦਰ ਸਿੰਘ ਓਠੀਆਂ ਵੱਲੋਂ ਕੀਰਤਨ ਕਰਦਿਆਂ ਇਲਾਹੀ ਬਾਣੀ ਨਾਲ ਜੋੜਿਆ ਗਿਆ। ਸਰਪੰਚ ਅਮਨਦੀਪ ਸਿੰਘ ਸੰਧੂ ਨੇ ਆਈਆਂ ਹੋਈਆਂ ਸੰਗਤਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਹਲਕਾ ਪੱਛਮੀ ਤੋਂ ਵਿਧਾਇਕ ਡਾ. ਜਸਬੀਰ ਸਿੰਘ ਸੰਧੂ ਦੇ ਵਿਸ਼ੇਸ਼ ਯਤਨਾਂ ਸਦਕਾ ਜਲਦ ਹੀ ਬਾਬਾ ਦਰਸ਼ਨ ਸਿੰਘ ਕਲੋਨੀ ਦੀਆਂ ਸਮੂਹ ਵਾਰਡਾਂ ਦੇ ਵਿਕਾਸ ਕਾਰਜ ਕਰਵਾਏ ਜਾਣਗੇ। ਗੁਰਦੁਆਰਾ ਕਮੇਟੀ ਤੇ ਇਲਾਕਾ ਨਿਵਾਸੀਆਂ ਵੱਲੋਂ ਸਮੂਹ ਪੰਚਾਇਤ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ 'ਤੇ ਪ੍ਰਭ ਸੰਧੂ, ਕਰਨ ਮਾਰਬਲ, ਜਥੇਦਾਰ ਬਚਨ ਸਿੰਘ ਧੌਲ, ਸੁਰਜੀਤ ਸਿੰਘ ਸੰਧੂ, ਜਗਜੀਤ ਸਿੰਘ ਜੱਗੀ, ਡਾ. ਕੁਲਵੰਤ ਸਿੰਘ, ਐਡਵੋਕੇਟ ਸੰਦੀਪ ਸਿੰਘ, ਨਵਤੇਜ ਸਿੰਘ ਵਿਰਦੀ, ਅਰਮਾਨ ਕੰਗ, ਸਾਹਿਲ ਕੰਗ, ਵਰਿੰਦਰ ਕੁਮਾਰ ਵਿੱਕੀ, ਹੈਡ ਗ੍ਰੰਥੀ ਭਾਈ ਅੰਗਰੇਜ ਸਿੰਘ, ਗੁਰਦੀਪ ਸਿੰਘ ਸਾਬਕਾ ਫੌਜੀ, ਜਸਪਾਲ ਸਿੰਘ, ਸਤਨਾਮ ਸਿੰਘ, ਰਕੇਸ਼ ਕੁਮਾਰ ਵਰਮਾ, ਕੋਚ ਨੀਰਜ ਕੁਮਾਰ, ਕੈਪਟਨ ਸਿੰਘ ਚੰਦਰਪਾਲ, ਵਿਕਰਮ ਕੁਮਾਰ, ਹਰਜੀਤ ਸਿੰਘ, ਬਲਰਾਜ ਸਿੰਘ ਗਿੱਲ, ਠੇਕੇਦਾਰ ਸੁਖਜੀਤ ਸਿੰਘ, ਨਿਰਮਲ ਸਿੰਘ, ਜਗਰੂਪ ਸਿੰਘ, ਕੁਲਵੰਤ ਸਿੰਘ, ਪਰਮਜੀਤ ਸਿੰਘ, ਜੋਤ ਸੀਮੈਂਟ, ਗੁਰਬਖਸ਼ ਸਿੰਘ, ਨਿਸ਼ਾਂਤ ਭਗਤ, ਪੰਚ ਕੁਲਵੰਤ ਕੌਰ, ਪੰਚ ਕੈਪਟਨ ਸੁਲੱਖਣ ਸਿੰਘ, ਪੰਚ ਰਜਵੰਤ ਕੌਰ, ਪੰਚ ਬਲਵਿੰਦਰ ਕੌਰ, ਪੰਚ ਜਸਬੀਰ ਕੌਰ ਸਮੇਤ ਸੰਗਤਾਂ ਹਾਜ਼ਰ ਸਨ।

# ਭਗੌੜਾ ਐਲਾਨੇ ਮੁਲਜ਼ਮ ਨੂੰ ਪੁਲਸ ਨੇ ਕੀਤਾ ਗਿਫਤਾਰ

ਪੰਜਾਬ ਦਾ ਖੁਲਾਸਾ



**ਨੂਰਪੁਰਬੇਦੀ, 12 ਨਵੰਬਰ (ਦਲਜੀਤ ਚਨੌਲੀ)**-ਚੋਰੀ ਦੇ ਮਾਮਲੇ 'ਚ ਭਗੌੜਾ ਐਲਾਨੇ ਗਏ ਮੁਲਜ਼ਮ ਨੂੰ ਨੂਰਪੁਰਬੇਦੀ ਪੁਲਸ ਨੇ ਦੇਰ ਸ਼ਾਮ ਗਿ ?ਫਤਾਰ ਕਰਨ 'ਚ ਸਫਲਤਾ ਹਾਸਿਲ ਕੀਤੀ ਹੈ ਜ਼ਿਕਰਯੋਗ ਹੈ ਕਿ ਮੁਲਜ਼ਮ ਬਿਕਰਮਜੀਤ ਸਿੰਘ ਪੁੱਤਰ ਅਵਤਾਰ ਸਿੰਘ ਨਿਵਾਸੀ ਪਿੰਡ ਸਰਸਾ ਨੰਗਲ, ਥਾਨਾ ਕੀਰਤਪੁਰ ਸਾਹਿਬ ਨੂੰ ਨੂਰਪੁਰਬੇਦੀ ਪੁਲਸ ਵੱਲੋਂ 12 ਅਕਤੂਬਰ 2017 ਨੂੰ ਦਰਜ ਕੀਤੀ ਗਈ ਐੱਫ.ਆਈ.ਆਰ. ਨੰਬਰ 109 ਤਹਿਤ ਚੋਰੀ ਦੇ ਮਾਮਲੇ 'ਚ ਧਾਰਾ 379 ਅਤੇ 411 ਤਹਿਤ ਨਾਮਜ਼ਦ ਕੀਤਾ ਗਿਆ ਸੀ ਜੋ ਫਰਾਰ ਚੱਲਿਆ ਆ ਰਿਹਾ ਸੀ। ਇਸ ਸਬੰਧੀ ਥਾਨਾ ਮੁੱਖੀ ਗੁਰਵਿੰਦਰ ਸਿੰਘ ਢਿੱਲੋਂ ਨੇ ਦੱਸਿਆ ਕਿ ਮੁਲਜ਼ਮ ਤੋਂ ਚੋਰੀ ਕੀਤਾ ਇਕ ਪਾਣੀ ਵਾਲਾ ਟੈਂਕਰ ਤੇ ਮੋਟਰਸਾਈਕਲ ਵੀ ਬਰਾਮਦ ਹੋਇਆ ਸੀ ? ਜਿਸਨੂੰ ਸ਼੍ਰੀ ਅਨੰਦਪੁਰ ਸਾਹਿਬ ਦੀ ਕੋਰਟ ਵੱਲੋਂ ਜੇ.ਐੱਮ.ਆਈ.ਸੀ. ਮਾਨਯੋਗ ਜੱਜ ਗੁਰਪ੍ਰੀਤ ਕੌਰ ਨੇ 10 ਜਨਵਰੀ 2020 ਨੂੰ ਕਰੀਬ 4 ਸਾਲ ਪਹਿਲਾਂ ਭਗੌੜਾ ਐਲਾਨਿਆ ਸੀ ? ਉਨ੍ਹਾਂ ਦੱਸਿਆ ਕਿ ਉਕਤ ਮੁਲਜ਼ਮ ਨੂੰ ਏ.ਐੱਸ.ਆਈ. ਪ੍ਰਦੀਪ ਸ਼ਰਮਾ 'ਤੇ ਆਧਾਰਤ ਪੁਲਸ ਪਾਰਟੀ ਵੱਲੋਂ ਦੇਰ ਸ਼ਾਮ ਨੂਰਪੁਰਬੇਦੀ ਖੇਤਰ 'ਚੋਂ ਗਿ ?ਫਤਾਰ ਕੀਤਾ ਗਿਆ ? ਜਿਸਨੂੰ ਅੱਜ ਅਦਾਲਤ 'ਚ ਪੇਸ਼ ਕੀਤਾ ਜਾਵੇਗਾ ?

# ਪੜ੍ਹਾਈ ਦੇ ਨਾਲ ਨਾਲ ਬੱਚਿਆਂ ਦਾ ਮੰਨੋਰੰਜਨ ਵੀ ਜ਼ਰੂਰੀ : ਪ੍ਰਿੰਸੀਪਲ ਗੁਰਸੇਵਕ ਮਾਨ

## ਅਲਾਇੰਸ ਇੰਟਰਨੈਸ਼ਨਲ ਸਕੂਲ ਜੈਤੋ ਦੇ ਬੱਚਿਆਂ ਦਾ ਮੰਨੋਰੰਜਨ ਟੂਰ ਲਗਵਾਇਆ ਗਿਆ

ਪੰਜਾਬ ਦਾ ਖੁਲਾਸਾ

**ਜੈਤੋ,12 ਨਵੰਬਰ (ਮਨਜੀਤ ਸਿੰਘ ਢੱਲਾ)- ਸੱਭਿਆਚਾਰਕ ਦੌਰੇ 'ਤੇ ਵਿਦਿਆਰਥੀ** ਹਰ ਰੋਜ਼ ਵਧ ਰਹੇ ਬੱਚਿਆਂ 'ਤੇ ਪੜ੍ਹਾਈ ਦਾ ਬੋਝ ਘੱਟ ਕਰਨ ਅਤੇ ਉਨ੍ਹਾਂ ਨੂੰ ਭਾਰਤੀ ਸੱਭਿਆਚਾਰ ਨਾਲ ਜੋੜਨ ਲਈ ਵਿਦਿਆਰਥੀਆਂ ਦਾ ਮਨੋਰੰਜਨ ਕਰਨਾ ਵੀ ਜ਼ਰੂਰੀ ਹੈ ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਅਲਾਇੰਸ ਇੰਟਰਨੈਸ਼ਨਲ ਸਕੂਲ ਜੈਤੋ ਦੀ ਪ੍ਰਿੰਸੀਪਲ ਗੁਰਸੇਵਕ ਕੌਰ ਮਾਨ ਨੇ ਕੀਤਾ। ਉਨ੍ਹਾਂ ਕਿਹਾ ਕਿ ਅੱਜ ਅਲਾਇੰਸ ਇੰਟਰਨੈਸ਼ਨਲ ਵੱਲੋਂ 4ਵੀਂ ਤੋਂ 8ਵੀਂ ਜਮਾਤ ਤੱਕ ਦੇ ਬੱਚਿਆਂ ਦਾ ਟੂਰ ਲਗਾਇਆ ਗਿਆ ? ਉਹਨਾਂ ਨੂੰ ਇੱਕ ਮਸ਼ਹੂਰ ਰਾਜਸਥਾਨੀ ਥੀਮਡ ਰੈਸਟੋਰੈਂਟ ਅਤੇ ਸੱਭਿਆਚਾਰਕ ਪਿੰਡ ਚੋਕੀ ਢਾਣੀ ਵਿੱਚ ਲਿਜਾਇਆ ਗਿਆ ਜਿੱਥੇ ਉਹਨਾਂ ਨੂੰ ਰਾਜਸਥਾਨ ਦੇ ਅਮੀਰ ਸੱਭਿਆਚਾਰ ਵਿਰਸੇ ਤੇ ਭੋਜਨ ਅਤੇ ਪਰਾਹੁਣਚਾਰੀ ਦਾ ਅਨੁਭਵ ਹੋਇਆ। ਇਹ ਪੰਚਕੂਲੇ ਸ਼ਹਿਰ ਦੇ ਬਾਹਰਵਾਰ ਸਥਿਤ ਹੈ ਅਤੇ ਰਾਜਸਥਾਨ ਦੇ ਜੀਵੰਤ ਅਤੇ ਰੰਗੀਨ ਮਾਹੌਲ ਨੂੰ ਦਰਸਾਉਂਦਾ ਹੈ।

ਇੱਥੇ ਉਨ੍ਹਾਂ ਨੂੰ ਲੋਕ ਸੰਗੀਤ, ਨਾਚ ਪ੍ਰਦਰਸ਼ਨ, ਊਠ ਦੀ ਸਵਾਰੀ ਅਤੇ ਵੱਖ-ਵੱਖ ਰਵਾਇਤੀ ਖੇਡਾਂ ਦਾ ਆਨੰਦ ਲੈਣ ਦਾ ਮੌਕਾ



ਮਿਲਦਾ ਹੈ।ਚੋਖੀ ਢਾਣੀ ਵਿਖੇ ਤੁਹਾਨੂੰ ਅਸਲੀ ਰਾਜਸਥਾਨੀ ਭੋਜਨ ਦਾ ਸੁਆਦ ਵੀ ਮਿਲਦਾ ਹੈ, ਜੋ ਕਿ ਪਿੰਡ ਦੀ ਸ਼ੈਲੀ ਵਿੱਚ ਪਰੋਸਿਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਜਿਸ ਵਿੱਚ ਬੱਚਿਆਂ ਨੇ ਖੂਬ ਆਨੰਦ ਮਾਣਿਆ। ਪੰਜਾਬੀ ਸੱਭਿਆਚਾਰ ਤੋਂ ਜਾਣੂ ਕਰਵਾਇਆ ਗਿਆ।ਪੁਰਾਣੇ ਮੇਲਿਆਂ ਦੇ ਦ੍ਰਿਸ਼ ਦਿਖਾਏ ਗਏ, ਪੁਰਾਤਨ ਖੇਡਾਂ ਦਾ ਆਨੰਦ ਮਾਣਿਆ ਗਿਆ। ਇਸ ਦੌਰਾਨ ਬੱਚਿਆਂ ਨੇ ਖੂਬ ਮਸਤੀ ਕੀਤੀ ਅਤੇ ਸਕੂਲ ਦੇ ਪ੍ਰਿੰਸੀਪਲ ਅਤੇ ਮੈਨੇਜਮੈਂਟ ਮੈਂਬਰਾਂ ਨੇ ਭਵਿੱਖ ਵਿੱਚ ਅਜਿਹੇ ਹੋਰ ਟੂਰ ਕਰਵਾਉਣ ਦਾ ਵਾਅਦਾ ਕੀਤਾ। ਇਸ ਮੌਕੇ ਸਕੂਲ ਦੇ ਸਟਾਫ ਤੋਂ ਇਲਾਵਾ ਸਕੂਲ ਦੀ ਸਮੂਚੀ ਮੈਨੇਜਮੈਂਟ ਹਾਜ਼ਰ ਸੀ।

# ਸ਼੍ਰੀ ਖਾਟੂ ਸ਼ਾਮ ਜੀ ਮਹਾਰਾਜ ਦੇ ਜਨਮ ਦਿਹਾੜੇ ਮੌਕੇ ਖੀਰ ਦਾ ਲੰਗਰ ਲਗਾਇਆ

ਪੰਜਾਬ ਦਾ ਖੁਲਾਸਾ

**ਨੂਰਪੁਰਬੇਦੀ, 12 ਨਵੰਬਰ (ਦਲਜੀਤ ਚਨੌਲੀ)**-ਸ਼੍ਰੀ ਸ਼ਾਮ ਮਿੱਤਰ ਮੰਡਲ



ਨੂਰਪੁਰਬੇਦੀ ਵੱਲੋਂ ਅੱਜ ਨੂਰਪੁਰਬੇਦੀ ਸ਼ਹਿਰ ਦੇ ਮੁੱਖ ਬਾਜ਼ਾਰ 'ਚ ਸੰਗਤਾਂ ਲਈ ਖੀਰ ਦਾ ਲੰਗਰ ਲਗਾਇਆ ਗਿਆ ? ਇਸ ਦੌਰਾਨ ਸੰਸਥਾ ਦੇ ਮੈਂਬਰਾਂ ਵੱਲੋਂ ਰਾਹਗੀਰਾਂ ਨੂੰ ਰੋਕ ਕੇ ਖੀਰ ਦਾ ਪ੍ਰਸ਼ਾਦ ਵੰਡਿਆ ਗਿਆ ? ਇਸ ਤੋਂ ਪਹਿਲਾਂ ਮੰਡਲ ਦੇ ਪ੍ਰਧਾਨ ਪੰਡਿਤ ਬਲਵੀਰ ਚੰਦ ਅਤੇ ਸੇਠੀ ਉੱਪਲ ਦੀ ਅਗਵਾਈ ਹੇਠ ਸਮੂਹ ਮੈਂਬਰਾਂ ਨੇ ਸ਼ਿਵ ਮੰਦਰ ਨੂਰਪੁਰਬੇਦੀ ਵਿਖੇ ਕੀਰਤਨ ਕਰਕੇ ਸ਼੍ਰੀ ਖਾਟੂ ਸ਼ਾਮ ਜੀ ਮਹਾਰਾਜ ਦੀ ਮਹਿਮਾ ਦਾ ਗੁਣਗਾਨ ਕੀਤਾ ਸਮੁੱਚਾ ਦਿਨ ਚੱਲੇ ਇਸ ਲੰਗਰ ਦੌਰਾਨ ਮੰਡਲ ਦੇ ਪ੍ਰਧਾਨ ਪੰਡਿਤ ਬਲਵੀਰ ਚੰਦ ਤੋਂ ਇਲਾਵਾ ਸੇਠੀ ਉੱਪਲ, ਦਿਨੇਸ਼ ਜ਼ੋਲੀ, ਰਿੰਕੂ ਚੱਢਾ, ਅਸ਼ਵਨੀ ਕੁਮਾਰ, ਦੀਪੂ ਬਾਵਾ, ਸੇਵਕ ਕ੍ਰਿਸ਼ਨ ਮੁਰਾਰੀ, ਜੀਵਨ ਕੁਮਾਰ, ਰਾਜੇਸ਼ ਰਾਜੂ, ਅਮਿਤ ਕੁਮਾਰ, ਹਰਦੀਪ ਮਾਲੀਆ, ਮਲਕੀਤ ਸਿੰਘ, ਆਕਾਸ਼ ਰਾਣਾ, ਸੰਜੂ ਪੁਰੀ, ਗੌਰਵ ਪੁਰੀ, ਓਂਕਾਰੇਸ਼ਵਰ ਸ਼ਰਮਾ, ਸ਼ਾਮ ਲਾਲ, ਰਜੇਸ਼ ਪੱਪੀ, ਸ਼ਿਵ ਕੁੰਦਰਾ, ਸੰਦੀਪ ਦੀਵਾਨ ਅਤੇ ਦਿਨੇਸ਼ ਸ਼ਰਮਾ ਸਹਿਤ ਸੰਸਥਾ ਦੇ ਸਮੁੱਚੇ ਮੈਂਬਰਾਂ ਨੇ ਅਹਿਮ ਯੋਗਦਾਨ ਪਾਇਆ।

# ਸਿਹਤ ਵਿਭਾਗ ਵਲੋਂ ਗੁਰੂ ਪੂਰਬ ਦੀ ਆਮਦ ਤੇ ਸਿਵਲ ਹਸਪਤਾਲ ਸ਼੍ਰੀ ਮੁਕਤਸਰ ਸਾਹਿਬ ਨੂੰ ਪਲਾਸਟਿਕ ਮੁਕਤ ਕਰਨ ਲਈ ਕੀਤੀ ਗਈ ਮੀਟਿੰਗ

ਪੰਜਾਬ ਦਾ ਖੁਲਾਸਾ

**ਸ਼੍ਰੀ ਮੁਕਤਸਰ ਸਾਹਿਬ, 12 ਨਵੰਬਰ (ਮਨਪ੍ਰੀਤ ਮੋਨੂੰ)** ਡਾ ਜਗਦੀਪ ਚਾਵਲਾ ਸਿਵਲ ਸਰਜਨ ਸ਼੍ਰੀ ਮੁਕਤਸਰ ਸਾਹਿਬ ਦੀ ਪ੍ਰਧਾਨਗੀ ਹੇਠ ਸਿਵਲ ਹਸਪਤਾਲ ਸ਼੍ਰੀ ਮੁਕਤਸਰ ਸਾਹਿਬ ਨੂੰ ਪਲਾਸਟਿਕ ਮੁਕਤ ਕਰਨ ਲਈ ਸਮੂਹ ਸਟਾਫ ਦੀ ਮੀਟਿੰਗ ਕੀਤੀ ਗਈ ।ਇਸ ਮੀਟਿੰਗ ਦੋਰਾਨ ਡਾ ਜਗਦੀਪ ਚਾਵਲਾ ਨੇ ਕਿਹਾ ਕਿ ਜਿਲ੍ਹਾ ਅਤੇ ਸ਼ੈਸ਼ਣ ਜੱਜ ਸ਼੍ਰੀ ਮੁਕਤਸਰ ਸਾਹਿਬ ਸ਼੍ਰੀ ਰਾਜ ਕੁਮਾਰ ਜੀ ਵਲੋਂ ਸਮੂਹ ਵਿਭਾਗਾਂ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਨਾਲ ਲੈਕੇ 11 ਨਵੰਬਰ ਨੂੰ ਸ਼੍ਰੀ ਮੁਕਤਸਰ ਸਾਹਿਬ ਨੂੰ ਸਾਫ ਸੁਥਰਾ ਅਤੇ ਪਲਾਸਟਿਕ ਮੁਕਤ ਕਰਨ ਲਈ ਇਕ ਮੁਹਿੰਮ ਸ਼ੁਰੂ ਕੀਤੀ ਗਈ ਜੋ ਕਿ 14 ਨਵੰਬਰ ਤੱਕ ਜਾਰੀ ਰਹੇਗੀ, ਜਿਸ ਦੋਰਾਨ ਉਨ੍ਹਾ ਵਲੋਂ ਗੁਰੂ ਪੂਰਬ ਦੀ ਆਮਦ ਤੇ ਜਿਲ੍ਹੇ ਦੇ ਸਾਰੇ ਅਧਿਕਾਰੀਆਂ, ਕਰਮਚਾਰੀਆਂ ਅਤੇ ਨਾਗਰਿਕਾਂ ਨੂੰ ਪਵਿੱਤਰ ਸ਼ਹਿਰ ਸ਼੍ਰੀ ਮੁਕਤਸਰ ਸਾਹਿਬ ਨੂੰ ਪਲਾਸਟਿਕ ਮੁਕਤ ਕਰਨ ਲਈ ਆਪਣਾ ਯੋਗਦਾਨ ਪਾਉਣ ਲਈ ਕਿਹਾ ਗਿਆ ਸੀ ।ਡਾ ਜਗਦੀਪ ਚਾਵਲਾ ਨੇ ਕਿਹਾ ਕਿ ਸਿਵਲ ਹਸਪਤਾਲ ਸ਼੍ਰੀ ਮੁਕਤਸਰ ਸਾਹਿਬ ਨੂੰ ਅੱਜ ਤੋਂ ਹੀ ਪਲਾਸਟਿਕ ਮੁਕਤ ਕੀਤਾ ਜਾਵੇ ਅਤੇ ਸਮੂਹ ਸਟਾਫ ਇਸ ਵਿਚ ਯੋਗਦਾਨ ਪਾਏ ਅਤੇ ਨਾਲ ਹੀ ਸਿਵਲ ਹਸਪਤਾਲ ਵਿਚ ਆਉਣ ਵਾਲੇ ਮਰੀਜਾਂ ਅਤੇ ਆਮ ਨਾਗਰਿਕਾਂ ਨੂੰ ਅਪੀਲ ਕੀਤੀ ਜਾਵੇ ਤਾਂ ਜੋ ਸਿਵਲ ਹਸਪਤਾਲ ਨੂੰ ਪਲਾਸਟਿਕ ਮੁਕਤ ਅਤੇ ਪ੍ਰਦੂਸ਼ਣ ਮੁਕਤ ਕੀਤਾ ਜਾ ਸਕੇ।ਇਸ ਮੌਕੇ ਡਾ ਰਾਹੁਲ ਜਿੰਦਲ ਸੀਨੀਅਰ ਮੈਡੀਕਲ ਅਫਸਰ ਇੰਚ ਸਿਵਲ ਹਸਪਤਾਲ ਨੇ ਵਿਸ਼ਵਾਸ ਦਵਾਇਆ ਕਿ ਸਿਵਲ ਹਸਪਤਾਲ ਸ਼੍ਰੀ ਮੁਕਤਸਰ ਸਾਹਿਬ ਨੂੰ ਅੱਜ ਤੋਂ ਹੀ ਪਲਾਸਟਿਕ ਮੁਕਤ ਕੀਤਾ ਜਾਵੇਗਾ ਅਤੇ ਪ੍ਰਦੂਸ਼ਣ ਮੁਕਤ ਕਰਨ ਲਈ ਸਾਰਾ ਸਟਾਫ ਆਪਣਾ ਬਣਦਾ ਯੋਗਦਾਨ ਪਾਵੇਗਾ।ਇਸ ਮੌਕੇ ਡਾ ਜਗਦੀਪ ਚਾਵਲਾ ਸਿਵਲ ਸਰਜਨ ਵਲੋਂ ਸਿਵਲ ਹਸਪਤਾਲ ਦਾ ਰਾਊਂਡ ਕੀਤਾ ਗਿਆ ਅਤੇ ਸਾਫ ਸਫਾਈ ਦਾ ਜਾਇਜ਼ਾ ਵੀ ਲਿਆ ਗਿਆ।ਇਸ ਸਮੇਂ ਡਾ ਹਰਿੰਦਰ ਸਿੰਘ ਐਸ.ਐਮ.ਓ. ਲੰਬੀ, ਡਾ ਰਾਹੁਲ ਜਿੰਦਲ ਐਸ.ਐਮ.ਓ. ਸ਼੍ਰੀ ਮੁਕਤਸਰ ਸਾਹਿਬ, ਡਾ ਆਲਮਜੀਤ ਸਿੰਘ, ਹਰਸ਼ਪ੍ਰੀਤ ਕੌਰ, ਡਾ ਨੇਤਲੀ, ਡਾ ਗੀਤਾ, ਸੁਖਮੰਦਰ ਸਿੰਘ ਜਿਲ੍ਹਾ ਮਾਸ ਮੀਡੀਆ ਅਫਸਰ, ਲਾਲ ਚੰਦ ਜਿਲ੍ਹਾ ਸਿਹਤ ਇੰਸਪੈਕਟਰ ਅਤੇ ਸਿਵਲ ਹਸਪਤਾਲ ਦਾ ਸਮੂਹ ਸਟਾਫ ਹਾਜ਼ਰ ਸੀ।







# ਕਾਂਗਰਸ ਫਲਾਇੰਗ ਸਕਾਡ ਦੀ ਇੱਕ ਵਿਸ਼ੇਸ਼ ਬੈਠਕ ਮਿਤੀ 13 ਨੰਵਬਰ ਨੂੰ

ਪੰਜਾਬ ਦਾ ਖੁਲਾਸਾ

**ਫਗਵਾੜਾ 12ਨਵੰਬਰ (ਪ੍ਰੀਤ ਕੌਰ ਪ੍ਰੀਤੀ )** ਕਾਂਗਰਸ ਫਲਾਇੰਗ ਸਕਾਡ ਦੀ ਇੱਕ ਵਿਸ਼ੇਸ਼ ਬੈਠਕ ਮਿਤੀ 13 ਨੰਵਬਰ ਦਿਨ ਬੁੱਧਵਾਰ ਪ੍ਰੀਤ ਨਗਰ ਵਿਖੇ ਸ਼ਾਮ 4.30 ਵਜੇ ਰੱਖੀ ਗਈ ਹੈ ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਅਤੇ ਮੀਤ ਪ੍ਰਧਾਨ ਫਗਵਾੜਾ ਤੁਲਸੀ ਰਾਮ ਖੋਸਲਾ ਅਤੇ ਸੰਜੀਵ ਸ਼ਰਮਾ ਟੀਟੂੰ ਨੇ ਦੱਸਿਆ ਕਿ ਇਸ ਮੀਟਿੰਗ ਚ ਆਉਣ ਵਾਲੀਆਂ ਨਗਰ ਨਿਗਮ ਚੋਣਾਂ ਦੇ ਸੰਬੰਧ ਵਿੱਚ ਵਿਚਾਰ ਵਟਾਂਦਰਾ ਕੀਤਾ ਜਾਵੇਗਾ ਅਤੇ ਕਾਂਗਰਸ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਲਈ ਸਭਣਾ ਦੇ ਵਿਚਾਰ ਲਏ ਜਾਣਗੇ ਇਸ ਮੀਟਿੰਗ ਵਿੱਚ ਕਾਂਗਰਸ ਪਾਰਟੀ ਦੇ ਜਿਲ੍ਹਾ ਪ੍ਰਧਾਨ ਅਤੇ ਹਲਕਾ ਵਿਧਾਇਕ ਫਗਵਾੜਾ ਸ੍ਰ ਬਲਵਿੰਦਰ ਸਿੰਘ ਧਾਲੀਵਾਲ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਣਗੇ।

# ਨਵੇਂ ਬਣੇ ਸਰਪੰਚ ਨੇ ਗ੍ਰੰਥੀ ਸਿੰਘਾਂ ਨੂੰ ਪੰਜ ਸੋਨੇ ਦੀਆਂ ਮੁੰਦੀਆਂ ਨਾਲ ਕੀਤਾ ਸਨਮਾਨਿਤ

## ਗ੍ਰਹਿ ਵਿਖੇ ਕਰਵਾਇਆ ਸ੍ਰੀ ਅਖੰਡ ਪਾਠ ਸਾਹਿਬ

ਪੰਜਾਬ ਦਾ ਖੁਲਾਸਾ

**ਮਾਛੀਵਾੜਾ ਸਾਹਿਬ 12 ਨਵੰਬਰ (ਸੁੱਚਾ ਬੰਗੜ)**- "ਲੈ ਲਾ ਤੂੰ ਸਰਪੰਚੀ ਵੇ ਸਰਕਾਰੀ ਪੈਸਾ ਖਾਵਾਂਗੇ" ਇਹ ਗੀਤ ਅਕਸਰ ਜਦੋਂ ਪੰਚਾਇਤੀ ਵੋਟਾਂ ਆਉਂਦੀਆਂ ਨੇ ਤਾਂ ਉਦੋਂ ਕਈ ਵਾਰ ਸੁਣਨ ਨੂੰ ਮਿਲ ਜਾਂਦਾ ਹੈ। ਪਰ ਹੁਣ ਸਮਾਂ ਬਹੁਤ ਬਦਲਦਾ ਜਾ ਰਿਹਾ ਹੈ। ਸਰਪੰਚੀ ਸੂਝਵਾਨ ਨੌਜਵਾਨਾਂ ਦੇ ਹੱਥ ਵਿੱਚ ਆ ਰਹੀ ਹੈ। ਜੋ ਕਿ ਨੌਜਵਾਨ ਇਸ ਗੀਤ ਨੂੰ ਬਿਲਕੁਲ ਹੀ ਫੇਲ ਕਰ ਰਹੇ ਹਨ। ਨਵੇਂ ਬਣੇ ਸਰਪੰਚਾਂ ਦੀ ਸੋਚ ਆਪਣੇ ਪਿੰਡ ਪ੍ਰਤੀ ਵਿਕਾਸ ਦੀ ਲੀਹ ਤੇ ਲੈ ਕੇ ਜਾਣ ਦੀ ਹੈ। ਆਪਾਂ ਗੱਲ ਕਰਦੇ ਹਾਂ ਮਾਛੀਵਾੜਾ ਸਾਹਿਬ ਬਲਾਕ ਦੇ ਪਿੰਡ ਗੜ੍ਹੀ ਬੇਟ ਦੀ ਜੋ ਕੀ ਰੋਪੜ ਰੋਡ ਤੇ ਸਥਿਤ ਮਹਿਜ ਇੱਕ ਛੋਟਾ ਜਿਹਾ ਪਿੰਡ ਹੈ। ਇਸ ਵਾਰ ਪੰਚਾਇਤੀ ਚੋਣਾਂ ਵਿੱਚ ਪਿੰਡ ਦੇ ਲੋਕਾਂ ਨੇ ਸੱਤਬਲਿਹਾਰ ਸਿੰਘ ਨੂੰ ਆਪਣਾ ਸਰਪੰਚ ਚੁਣਿਆ। ਗੁਰੂ ਦਾ ਸ਼ੁਕਰਾਨਾ ਕਰਨ ਲਈ ਨਵੇਂ ਬਣੇ ਸਰਪੰਚ ਨੇ ਆਪਣੇ ਗ੍ਰਹਿ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਕਰਵਾਇਆ। ਜਿਸ ਵਿੱਚ ਸਮੂਹ ਪਿੰਡ ਵਾਸੀਆਂ ਨੇ ਸ਼ਮੂਲੀਅਤ ਕੀਤੀ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਗੁਰੂ ਕਾ ਕੀਰਤਨ ਹੋਇਆ। ਆਈਆਂ ਹੋਈਆਂ ਸੰਗਤਾਂ ਲਈ ਲੰਗਰ ਦਾ ਵੀ ਖਾਸ ਪ੍ਰਬੰਧ ਕੀਤਾ ਹੋਇਆ ਸੀ। ਗੱਲ ਇੱਥੇ ਨਹੀਂ ਖਤਮ ਹੁੰਦੀ,ਗੁਰੂ ਪ੍ਰਤੀ ਨਵੇਂ ਬਣੇ ਸਰਪੰਚ ਦਾ ਪਿਆਰ ਅਤੇ ਸਤਿਕਾਰ ਉਸ ਸਮੇਂ ਦੇਖਣ ਨੂੰ ਮਿਲਿਆ ਜਦੋਂ ਗੁਰੂ ਘਰ ਦੇ ਪੰਜ ਗ੍ਰੰਥੀ ਸਿੰਘਾਂ ਨੂੰ ਸਿਰੋਪਾ ਪਾ ਕੇ ਸੋਨੇ ਦੀਆਂ ਮੁੰਦੀਆਂ ਅਤੇ ਭੇਟਾ ਦੇ ਕੇ ਨਿਵਾਜਿਆ ਗਿਆ।



ਮਾਛੀਵਾੜਾ ਬਲਾਕ ਦਾ ਇਹ ਸ਼ਾਇਦ ਪਹਿਲਾ ਪਿੰਡ ਹੋਵੇਗਾ ਜਿਸ ਵਿੱਚ ਨਵੇਂ ਸਰਪੰਚ ਵੱਲੋਂ ਹਜੇ ਆਪਣਾ ਅਹੁਦਾ ਵੀ ਸੰਭਾਲਿਆ ਨਹੀਂ ਸੀ ਕਿ ਉਨਾਂ ਨੇ ਐਡੀ ਵੱਡੀ ਦਰਿਆ ਦਿਲੀ ਗ੍ਰੰਥੀ ਸਿੰਘਾਂ ਨੂੰ ਇਹ ਸਭ ਭੇਟਾ ਕਰਕੇ ਦਿਖਾਈ। ਇਸ ਪ੍ਰਤੀ ਜਦੋਂ ਸਰਪੰਚ ਸਤਬਲਿਹਾਰ ਸਿੰਘ ਨਾਲ ਗੱਲ ਕੀਤੀ ਤਾਂ ਉਹਨਾਂ ਨੇ ਕਿਹਾ ਕਿ ਅਸੀਂ ਵਿਆਹ ਸ਼ਾਦੀਆਂ ਤੇ ਲੱਖਾਂ ਰੁਪਏ ਹੀ ਖਰਚ ਦਿੰਨੇ ਹਾਂ। ਜਿਹੜੇ ਗ੍ਰੰਥੀ ਸਿੰਘ ਸਵੇਰੇ ਤੜਕ-ਸਾਰ ਆਪਣੀ ਡਿਊਟੀ ਤਨਦੇਹੀ ਨਾਲ ਨਿਭਾ ਕੇ ਸਾਨੂੰ ਗੁਰੂ ਨਾਲ ਜੋੜਦੇ ਹਨ ਅਸੀਂ ਉਨਾਂ ਨੂੰ ਹੀ ਅਕਸਰ ਭੁੱਲ ਜਾਂਦੇ ਹਾਂ। ਜੋ ਸਾਨੂੰ ਗੁਰੂ ਅਤੇ ਗੁਰੂ ਦੀ ਬਾਣੀ ਨਾਲ ਜੋੜਦੇ ਹਨ ਉਹਨਾਂ ਦਾ ਮਾਣ ਸਤਿਕਾਰ ਵੱਧ ਤੋਂ ਵੱਧ ਕਰਨਾ ਚਾਹੀਦਾ ਹੈ। ਜੋ ਮੈਂ ਮਾਣ ਸਤਿਕਾਰ ਗ੍ਰੰਥੀ ਸਿੰਘਾਂ ਦਾ ਕੀਤਾ ਹੈ ਉਹ ਮੇਰਾ ਨਹੀਂ ਉਹ ਵੀ ਗੁਰੂ ਦਾ ਹੀ ਦਿੱਤਾ ਹੋਇਆ ਹੈ,ਸੋ ਜੋ ਸਾਨੂੰ ਗੁਰੂ ਨਾਲ ਜੋੜਦੇ ਹਨ ਸਾਨੂੰ ਉਹਨਾ ਦਾ ਮਾਣ ਸਤਿਕਾਰ ਜਰੂਰ ਕਰਨਾ ਚਾਹੀਦਾ ਹੈ। ਸਰਪੰਚ ਬਣਨ ਤੇ ਪਿੰਡ ਦੇ ਲੋਕਾਂ ਦਾ ਵੀ ਉਹਨਾਂ ਨੇ ਤਹਿ ਦਿਲੋਂ ਧੰਨਵਾਦ ਕੀਤਾ। ਉਹਨਾਂ ਨੇ ਕਿਹਾ ਕਿ ਪਿੰਡ ਦੇ ਵਿਕਾਸ ਵਿੱਚ ਕਿਸੇ ਵੀ ਤਰ੍ਹਾਂ ਦੀ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਹਰ ਇੱਕ ਪਿੰਡ ਦੇ ਵਿਅਕਤੀ ਨੂੰ ਨਾਲ ਲੈ ਕੇ ਹੀ ਚੱਲਣਾ ਮੇਰਾ ਮਕਸਦ ਹੋਵੇਗਾ।

ਇਸ ਸਬੰਧੀ ਜਦੋਂ ਪਿੰਡ ਗੜ੍ਹੀ ਬੇਟ ਦੇ ਗੁਰਦੁਆਰਾ ਸਾਹਿਬ ਦੇ ਗ੍ਰੰਥੀ ਸੁਖਵਿੰਦਰ ਸਿੰਘ ਨਾਲ ਗੱਲ ਕੀਤੀ ਤਾਂ ਉਹਨਾਂ ਨੇ ਕਿਹਾ ਕਿ ਮੈਨੂੰ ਇਸ ਪਿੰਡ ਵਿੱਚ 24 ਸਾਲ ਹੋ ਗਏ ਹਨ ਗ੍ਰੰਥੀ ਸਿੰਘ ਵਜੋਂ ਡਿਊਟੀ ਕਰ ਰਹੇ ਨੂੰ ਪਰ ਇਹੋ ਜਿਹਾ ਮਾਣ ਸਤਿਕਾਰ ਸਾਨੂੰ ਅੱਜ ਤੱਕ ਨਹੀਂ ਦਿੱਤਾ ਗਿਆ। ਉਹਨਾਂ ਨੇ ਕਿਹਾ ਕਿ ਆਉਣ ਵਾਲੀ ਪੀੜ੍ਹੀ ਨੂੰ ਵੀ ਇਸ ਤਰ੍ਹਾਂ ਦੀ ਸੇਧ ਲੈਣੀ ਚਾਹੀਦੀ ਹੈ। ਹਰ ਪਿੰਡ ਵਿੱਚ ਗੁਰੂ ਘਰ ਦੇ ਵਜ਼ੀਰਾਂ ਨੂੰ ਵੱਧ ਤੋਂ ਵੱਧ ਸਨਮਾਨ ਦਿੱਤਾ ਜਾਣਾ ਚਾਹੀਦਾ ਹੈ। ਜਿਹੜਾ ਮਾਣ ਸਤਿਕਾਰ ਸਾਨੂੰ ਪਿੰਡ ਦੇ ਨਵੇਂ ਸਰਪੰਚ ਵੱਲੋਂ ਸੋਨੇ ਦੀਆਂ ਮੁੰਦੀਆਂ ਪਾ ਕੇ ਦਿੱਤਾ ਗਿਆ ਅਸੀਂ ਪਰਮਾਤਮਾ ਅੱਗੇ ਅਰਦਾਸ ਕਰਦੇ ਹਾਂ ਕਿ ਭਵਿੱਖ ਵਿੱਚ ਵੀ ਹਰ ਗ੍ਰੰਥੀ ਸਿੰਘ ਨੂੰ ਇਸ ਤਰ੍ਹਾਂ ਦਾ ਮਾਣ ਸਤਿਕਾਰ ਮਿਲੇ।

# ਡੀਟੀਐਫ ਨਿਹਾਲ ਸਿੰਘ ਵਾਲਾ ਵੱਲੋਂ 16 ਦੇ ਗਿੱਦੜਬਾਹਾ ਮੋਟਰਸਾਈਕਲ ਮਾਰਚ ਦਾ ਸੱਦਾ

ਪੰਜਾਬ ਦਾ ਖੁਲਾਸਾ

**ਨਿਹਾਲ ਸਿੰਘ ਵਾਲਾ,12 ਨਵੰਬਰ (ਮਨਿੰਦਰ ਧਾਲੀਵਾਲ)**:- ਪੰਜਾਬ ਸਰਕਾਰ ਪੁਰਾਣੀ ਪੈਨਸ਼ਨ ਜਲਦ ਬਹਾਲ ਕਰੇ; ਆਗੂ ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਦੀ ਪੁਰਾਣੀ ਪੈਨਸ਼ਨ ਬਹਾਲੀ ਦੇ ਅਹਿਮ ਮਸਲੇ ਨੂੰ ਠੰਡੇ ਬਸਤੇ ਵਿੱਚ ਪਾਉਣ ਅਤੇ ਹੱਕੀ ਮੰਗਾਂ ਪ੍ਰਤੀ ਡੰਗ ਟਪਾਊ ਨੀਤੀਆਂ ਖ਼ਿਲਾਫ਼ ਚੱਲ ਰਹੇ ਸੰਘਰਸ਼ ਨੂੰ ਹੋਰ ਤਿੱਖਾ ਕਰਨ ਲਈ ਅਧਿਆਪਕਾਂ ਦੀ ਪ੍ਰਤੀਨਿਧ ਜੱਥੇਬੰਦੀ ਡੀ.ਟੀ.ਐਫ. ਵੱਲੋਂ 16 ਨਵੰਬਰ ਨੂੰ ਗਿੱਦੜਬਾਹਾ ਵਿਖੇ ਸੂਬਾ ਪੱਧਰੀ ਮੋਟਰਸਾਈਕਲ ਰੈਲੀ ਕਰਨ ਦਾ ਫੈਸਲਾ ਕੀਤਾ ਗਿਆ ਹੈ।। ਇਸ ਸਬੰਧ ਵਿਚ ਬਲਾਕ ਨਿਹਾਲ ਸਿੰਘ ਵਾਲਾ ਦੀ ਇੱਕ ਜਰੂਰੀ ਮੀਟਿੰਗ ਬਲਾਕ ਪ੍ਰਧਾਨ ਅਮਨਦੀਪ ਮਾਛੀਕੇ ਦੀ ਪ੍ਰਧਾਨਗੀ ਵਿੱਚ ਕੀਤੀ ਹੋਈ । ਮੀਟਿੰਗ ਸੰਬੰਧੀ ਜਾਣਕਾਰੀ ਦਿੰਦੇ ਹੋਏ ਬਲਾਕ ਸਕੱਤਰ ਗੁਰਮੀਤ ਸਿੰਘ ਝੋਰੜਾ ਨੇ ਕਿਹਾ ਕਿ ਸਰਕਾਰ ਦੀਆਂ ਟਾਲ ਮਟੋਲ ਦੀਆਂ ਨੀਤੀਆਂ ਤੋਂ ਤੰਗ ਆ ਕੇ ਡੈਮੋਕਰੇਟਿਕ ਟੀਚਰ ਫਰੰਟ ਪੰਜਾਬ ਵੱਲੋਂ ਮੋਟਰਸਾਈਕਲ ਰੈਲੀ 16 ਨਵੰਬਰ ਨੂੰ ਗਿੱਦੜਬਾਹਾ ਵਿਖੇ ਕੀਤੀ ਜਾ ਰਹੀਹੈ ।ਉਹਨਾਂ ਨੇ ਦੱਸਿਆ ਕਿ ਜਨਵਰੀ 2004 ਤੋਂ ਬਾਅਦ ਭਰਤੀ ਕੀਤੇ ਗਏ ਮੁਲਾਜ਼ਮਾਂ ਅਤੇ ਅਧਿਆਪਕਾਂ ਦੀ ਹੱਕੀ ਮੰਗ ਪੁਰਾਣੀ



ਪੈਨਸ਼ਨ, ਆਪ ਸਰਕਾਰ ਵੱਲੋਂ ਢਾਈ ਸਾਲ ਬੀਤਣ ਦੇ ਬਾਵਜੂਦ ਵੀ ਪੂਰੀ ਨਹੀਂ ਕੀਤੀ ਗਈ। ਇਸ ਸਬੰਧੀ ਅਧੂਰਾ ਨੋਟੀਫਿਕੇਸ਼ਨ ਜਾਰੀ ਕਰਕੇ ਮਸਲਾ ਠੰਡੇ ਬਸਤੇ ਵਿੱਚ ਪਾਉਣ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹੈ ? ਬਲਾਕ ਵਿੱਤ ਸਕੱਤਰ ਜਸਵੀਰ ਸਿੰਘ ਸੈਦੋਕੇ ਅਤੇ ਬਲਾਕ ਕਮੇਟੀ ਮੈਂਬਰ ਕੁਲਵਿੰਦਰ ਸਿੰਘ ਚੁੱਘੇ ਨੇ ਕਿਹਾ ਕਿ ਕੇਂਦਰ ਅਤੇ ਸੂਬਾ ਸਰਕਾਰਾਂ ਦੀਆਂ ਕਾਰਪੋਰੇਟ ਪੱਖੀ ਨੀਤੀਆਂ ਕਾਰਨ ਆਮ ਲੋਕਾਂ ਅਤੇ ਮੁਲਾਜ਼ਮਾਂ ਦਾ ਲਗਾਤਾਰ ਸ਼ੋਸ਼ਣ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁਲਾਜ਼ਮ 1970 ਦੇ ਦਹਾਕੇ ਵਾਲੀ ਪੁਰਾਣੀ ਪੈਨਸ਼ਨ ਲਾਗੂ ਕਰਨ ਦੀ ਮੰਗ ਕਰ ਰਹੇ ਹਨ ਜਦੋਂ ਕਿ ਸਮੇਂ -ਸਮੇਂ ਦੀਆਂ ਸਰਕਾਰਾਂ ਵੱਲੋਂ ਕੰਟਰੀਬਿਊਟਰੀ ਸਕੀਮ ਤਹਿਤ ਨਵੀਂ ਐਨ. ਪੀ .ਐਸ. ਯੂ ,ਪੀ, ਐਸ,ਪ੍ਰਣਾਲੀ ਵਾਲੀ ਮਾਮੂਲੀ ਪੈਨਸ਼ਨ ਜਬਰੀ ਥੋਪੀ ਜਾ ਰਹੀ ਹੈ। ਉਨ੍ਹਾਂ ਦੋਸ਼ ਲਾਇਆ ਕਿ ਸਿੱਖਿਆ ਕ੍ਰਾਂਤੀ ਦਾ ਨਾਅਰਾ ਦੇ ਕੇ ਸੱਤਾ ਵਿੱਚ ਆਈ ਆਪ ਸਰਕਾਰ ਵੱਲੋਂ ਨਵੀਂ ਸਿੱਖਿਆ ਨੀਤੀ ਤਹਿਤ ਸੂਬੇ ਦੇ ਮਿੱਡਲ ਸਕੂਲਾਂ ਨੂੰ ਹਾਈ ਸਕੂਲਾਂ ਵਿੱਚ ਮਰਜ਼ ਕਰਨ ਦੀ ਕਵਾਇਦ ਜਾਰੀ ਹੈ। ਇਸ ਤੋਂ ਬਿਨਾਂ ਹਰ ਵਰਗ ਦੀਆਂ ਵਿਭਾਗੀ ਤਰੱਕੀਆਂ ਨੂੰ ਬੇਵਜ੍ਹਾ ਲਟਕਾਇਆ ਜਾ ਰਿਹਾ ਹੈ। ਪੰਜਾਬ ਦੇ ਮੁਲਾਜ਼ਮਾਂ ਦੇ ਪੇਂਡੂ ਭੱਤੇ ਸਮੇਤ 37 ਤਰ੍ਹਾਂ ਦੇ ਕੱਟੇ ਭੱਤੇ ਬਹਾਲ ਕਰਨ ਅਤੇ ਡੀ,ਏ, ਦੀਆਂ ਕਿਸ਼ਤਾਂ ਦੇ ਬਕਾਏ ਜਾਰੀ ਕਰਨ ਤੋਂ ਇਨਕਾਰੀ ਹੈ। ਆਗੂਆਂ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਵੱਲੋਂ ਹਰ ਵਾਰ ਚੋਣਾਂ ਦੌਰਾਨ ਪੈਨਸ਼ਨ ਬਹਾਲੀ ਸਮੇਤ ਮੁਲਾਜ਼ਮਾਂ ਨੂੰ ਗੱਲੀਂ ਬਾਤੀਂ ਰਿਉੜੀਆਂ ਵੰਡੀਆਂ ਜਾਂਦੀਆਂ ਹਨ। ਉਨ੍ਹਾਂ ਕਿਹਾ ਪੰਜਾਬ ਅਤੇ ਕੇਂਦਰ ਸਰਕਾਰ ਦੀਆਂ ਲੋਕ ਅਤੇ ਮੁਲਾਜ਼ਮ ਵਿਰੋਧੀ ਨੀਤੀਆਂ ਖ਼ਿਲਾਫ਼ ਡਟਵੇਂ ਵਿਸ਼ਾਲ ਅਤੇ ਲਗਾਤਾਰ ਸੰਘਰਸ਼ ਦੀ ਲੋੜ ਹੈ। ਸੰਦੀਪ ਕੁਮਾਰ ਅਤੇ ਨਵਦੀਪ ਸਿੰਘ ਧੂੜਕੋਟ ਨੇ ਡੈਮੋਕ੍ਰੇਟਿਕ ਟੀਚਰਜ਼ ਫਰੰਟ ਵੱਲੋਂ ਸਮੁੱਚੇ ਅਧਿਆਪਕ ਵਰਗ ਨੂੰ 16ਨਵੰਬਰ ਦੇ ਗਿੱਦੜਬਾਹਾ ਐਕਸ਼ਨ ਵਿੱਚ ਵੱਡੀ ਗਿਣਤੀ ਵਿੱਚ ਸ਼ਾਮਲ ਹੋਣ ਦੀ ਅਪੀਲ ਕਰਦਿਆਂ ਕਿਹਾ ਪੰਜਾਬ ਸਰਕਾਰ ਦੀਆਂ ਲੋਕ ਵਿਰੋਧੀ ਅਤੇ ਕਾਰਪੋਰੇਟ ਪੱਖੀ ਨੀਤੀਆਂ ਖ਼ਿਲਾਫ਼ ਵਿਸ਼ਾਲ ਸੰਘਰਸ਼ ਲਾਮਬੰਦ ਕੀਤੇ ਜਾਣਗੇ। ਉਨ੍ਹਾਂ ਮੰਗ ਕੀਤੀ ਕਿ ਪੁਰਾਣੀ ਪੈਨਸ਼ਨ ਬਹਾਲੀ ਸਮੇਤ ਕੱਟੇ ਹੋਏ ਭੱਤਿਆਂ ਦੀ ਬਹਾਲੀ, ਹਰ ਵਰਗ ਦੀਆਂ ਵਿਭਾਗੀ ਤਰੱਕੀਆਂ ਸਮੇਤ ਜੁਲਾਈ 2020 ਤੋਂ ਬਾਅਦ ਭਰਤੀ ਕੀਤੇ ਗਏ ਮੁਲਾਜ਼ਮਾਂ ਤੇ ਪੰਜਾਬ ਦਾ ਤਨਖਾਹ ਕਮਿਸ਼ਨ ਤੁਰੰਤ ਲਾਗੂ ਕੀਤਾ ਜਾਵੇ। ਉਹਨਾਂ ਨੇ ਕਿਹਾ ਕਿ ਬਲਾਕ ਨਿਹਾਲ ਸਿੰਘ ਵਾਲਾ ਤੋਂ ਵੱਡੀ ਗਿਣਤੀ ਵਿੱਚ ਅਧਿਆਪਕਾਂ ਦੀ ਸਮੂਲੀਅਤ ਕਰਵਾਈ ਜਾਵੇਗੀ । ਇਸ ਸਮੇਂ ਜਸਵਿੰਦਰ ਸਿੰਘ ਸੈਦੋਕੇ, ਸੁਨੀਲ ਕੁਮਾਰ, ਦਿਲਬਾਗ ਸਿੰਘ ਮਧੇਕੇ, ਇੰਦਰਜੀਤ ਸਿੰਘ,ਕੁਲਵੰਤ ਸਿੰਘ ਪੱਤੋ ਆਦਿ ਅਧਿਆਪਕ ਆਗੂ ਹਾਜ਼ਰ ਸਨ ?

# ਗੁਰਦੁਆਰਾ ਬਾਬਾ ਗੁਰਦਿੱਤਾ ਜੀ ਵਿਖੇ ਸ੍ਰੀ ਗੁਰੂ ਹਰਿ ਰਾਏ ਸਾਹਿਬ ਜੀ ਐਨ.ਆਰ.ਆਈ ਸਰਾਂ ਦਾ ਕੀਤਾ ਗਿਆ ਉਦਘਾਟਨ

ਪੰਜਾਬ ਦਾ ਖੁਲਾਸਾ

**ਕੀਰਤਪੁਰ ਸਾਹਿਬ 12 ਨਵੰਬਰ (ਕੰਵਲ ਜੋਤ ਸਿੰਘ)** ਕੀਰਤਪੁਰ ਸਾਹਿਬ ਦੇ ਇਤਿਹਾਸਿਕ ਗੁਰਦੁਆਰਾ ਬਾਬਾ ਗੁਰਦਿੱਤਾ ਜੀ ਵਿਖੇ ਸ੍ਰੀ ਗੁਰੂ ਹਰਰਾਏ ਸਾਹਿਬ ਜੀ ਐਨਆਰਆਈ ਸਰਾਂ ਦਾ ਅੱਜ ਰਸਮੀ ਤੌਰ ਤੇ ਉਦਘਾਟਨ ਤਖਤ ਸ਼੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ ਵਲੋਂ ਕੀਤਾ ਗਿਆ ਜ਼ਿਕਰ ਯੋਗ ਹੈ ਕਿ ਸ੍ਰੀ ਗੁਰੂ ਹਰਿਰਾਏ ਸਾਹਿਬ ਐਨਆਰਆਈ ਸਰਾਂ ਦੇ ਵਿੱਚ 12 ਕਮਰੇ ਬਣਾਏ ਗਏ ਹਨ ਜਿਸ ਵਿੱਚ ਵੱਖ ਵੱਖ ਤਰ੍ਹਾਂ ਦੀਆਂ ਸਹੂਲਤਾਂ ਦਿੱਤੀਆਂ ਗਈਆਂ ਹੈ ਉਕਤ ਕਮਰਿਆਂ ਨੂੰ ਬਹੁਤ ਹੀ ਸਾਫ ਸੁਥਰਾ ਅਤੇ ਸੁਚੱਜੇ ਢੰਗ ਨਾਲ ਬਣਾਇਆ ਗਿਆ ਹੈ ਇਸ ਮੌਕੇ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ ਨੇ ਦੱਸਿਆ ਕਿ ਉਕਤ ਬਿਲਡਿੰਗ ਮਹਿੰਦਰ ਸਿੰਘ ਚੱਠਾ ਬੁੱਢਾ ਜੋਹੜ ਸਾਹਿਬ ਦੇ ਪਰਿਵਾਰ ਵੱਲੋਂ ਇਸ ਦੀ ਸੇਵਾ ਕਰਵਾਈ ਗਈ ਹੈ ਉਹਨਾਂ ਦੱਸਿਆ ਕਿ ਕੀਰਤਪੁਰ ਸਾਹਿਬ ਦੇ ਇਤਿਹਾਸਿਕ ਗੁਰਦੁਆਰਾ ਬਾਬਾ ਗੁਰਦਿੱਤਾ ਜੀ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਕਰਵਾਉਣ ਵਾਲੀ ਸੰਗਤ ਲਈ ਰਿਹਾਇਸ਼



ਦੀ ਬਹੁਤ ਜਿਆਦਾ ਘਾਟ ਸੀ ਜਿਸ ਕਰਕੇ ਭਾਈ ਮਹਿੰਦਰ ਸਿੰਘ ਚੱਠਾ ਵੱਲੋਂ ਐਨਆਰਆਈ ਸਰਾਂ ਬਣਾਈ ਗਈ ਹੈ ਅਤੇ ਇਸ ਤੋਂ ਇਲਾਵਾ ਸੰਤ ਬਾਬਾ ਬਚਨ ਸਿੰਘ ਵੱਲੋਂ ਵੀ ਕਰੀਬ 100 ਕਮਰਿਆਂ ਦੀ ਸਰਾਹ ਗੁਰਦੁਆਰਾ ਬਾਬਾ ਗੁਰਦਿੱਤਾ ਜੀ ਵਿਖੇ ਬਣਾਈ ਜਾ ਰਹੀ ਹੈ ਜੋ ਕਿ ਆਉਣ ਵਾਲੇ ਦਿਨਾਂ ਵਿੱਚ ਬਣ ਕੇ ਤਿਆਰ ਹੋ ਜਾਵੇਗੀ ਅਤੇ ਸੰਗਤ ਦੀ ਸਹੂਲਤ ਲਈ ਉਕਤ ਸਰਾਂ ਦੇ ਕਮਰੇ ਖੋਲ ਦਿੱਤੇ ਜਾਣਗੇ ਇਸ ਮੌਕੇ ਮਹਿੰਦਰ ਸਿੰਘ ਚੱਠਾ ਨੇ ਕਿਹਾ ਕਿ ਉਹ ਵਿਦੇਸ਼ ਰਹਿੰਦੇ ਹਨ ਅਤੇ ਜਦੋਂ ਵੀ ਗੁਰਦੁਆਰਾ ਬਾਬਾ ਗੁਰਦਿੱਤਾ ਜੀ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਕਰਾਉਣ ਲਈ ਆਉਂਦੇ ਸਨ ਤਾਂ ਉਹਨਾਂ ਨੂੰ ਰਿਹਾਇਸ਼ ਦੀ ਦਿੱਕਤ ਆਉਂਦੀ ਸੀ ਜਿਸ ਕਰਕੇ ਉਨਾਂ ਦੇ ਉਨਾਂ ਦੀ ਇੱਛਾ ਸੀ ਕਿ ਉਹ ਗੁਰਦੁਆਰਾ ਬਾਬਾ ਗੁਰਦਿੱਤਾ ਜੀ ਵਿਖੇ ਐਨਆਰਆਈ ਸਰਾ ਬਣਾਈ ਜਾਵੇ ਅਤੇ ਉਨਾਂ ਦੀ ਉਕਤ ਇੱਛਾ ਨੂੰ ਅੱਜ ਬਾਬਾ ਗੁਰਦਿੱਤਾ ਜੀ ਦੇ ਆਸ਼ੀਰਵਾਦ ਸਦਕਾ ਬੂਰ ਪਿਆ ਹੈ ਅਤੇ ਇਹ ਬਿਲਡਿੰਗ ਬਣ ਕੇ ਤਿਆਰ ਹੋ ਚੁੱਕੀ ਹੈ। ਜਿਸ ਦੇ ਫਾਇਦਾ ਇੱਥੇ ਵਿਦੇਸ਼ ਤੋਂ ਆਉਣ ਵਾਲੀ ਸਿੱਖ ਸੰਗਤ ਨੂੰ ਮਿਲੇਗਾ ਇਸ ਮੌਕੇ ਉਕਤ ਬਿਲਡਿੰਗ ਨੂੰ ਤਿਆਰ ਕਰਨ ਵਾਲੇ ਠੇਕੇਦਾਰ ਤਰਲੋਚਨ ਸਿੰਘ ਰਾਜੂ ਨੇ ਦੱਸਿਆ ਕਿ ਉਕਤ ਬਿਲਡਿੰਗ ਤੇ ਕਰੀਬ ਸਵਾ ਕਰੋੜ ਰੁਪਏ ਤੋਂ ਵੱਧ ਖਰਚ ਕੀਤਾ ਗਿਆ ਹੈ। ਉਹਨਾਂ ਦੱਸਿਆ ਕਿ ਉਕਤ ਸਰਾਂ ਦੇ ਕਮਰਿਆਂ ਵਿੱਚ ਬਹੁਤ ਹੀ ਸ਼ਾਨਦਾਰ ਫਰਨੀਚਰ ਲਗਾਇਆ ਗਿਆ ਹੈ ਜੋ ਕਿ ਫਾਈਵ ਸਟਾਰ ਹੋਟਲਾਂ ਤੋਂ ਘੱਟ ਨਹੀਂ ਹੈ। ਇਸ ਮੌਕੇ ਗਿਆਨੀ ਜੋਗਿੰਦਰ ਸਿੰਘ ਹੈਡ ਗ੍ਰੰਥੀ ਤਖਤ ਸ਼੍ਰੀ ਕੇਸਗੜ੍ਹ ਸਾਹਿਬ ,ਮਹਿੰਦਰ ਸਿੰਘ ਚੱਠਾ , ਮਲਕੀਤ ਸਿੰਘ ਮੈਨੇਜਰ ਤਖਤ ਸ਼੍ਰੀ ਕੇਸਗੜ੍ਹ ਸਾਹਿਬ ,ਹਰਦੇਵ ਸਿੰਘ ਅਡੀਸ਼ਨਲ ਮੈਨੇਜਰ ਤਖਤ ਸ਼੍ਰੀ ਕੇਸਗੜ੍ਹ ਸਾਹਿਬ, ਅਮਰਜੀਤ ਸਿੰਘ ਵਾੜੀਆਂ ਮੈਨੇਜਰ ਗੁਰਦੁਆਰਾ ਬਾਬਾ ਗੁਰਦਿੱਤਾ ਜੀ , ਮਨਜੀਤ ਸਿੰਘ ਨੀਟੂ ਆਦਿ ਤੋਂ ਇਲਾਵਾ ਮਹਿੰਦਰ ਸਿੰਘ ਚੱਠਾ ਦਾ ਪਰਿਵਾਰ ਹਾਜ਼ਰ ਸੀ

# ਟਰੇਨੀ ਅਫ਼ਸਰਾਂ ਨੇ ਸਿਹਤ ਸਹੂਲਤਾਂ ਬਾਰੇ ਕੀਤੀ ਜਾਣਕਾਰੀ ਹਾਸਲ

ਪੰਜਾਬ ਦਾ ਖੁਲਾਸਾ

**ਫਗਵਾੜਾ ,12 ਨਵੰਬਰ (ਪ੍ਰੀਤ ਕੌਰ ਪ੍ਰੀਤੀ)**- ਸਿਹਤ ਵਿਭਾਗ ਕਪੂਰਥਲਾ ਵਿਖੇ ਅੱਜ ਫੀਲਡ ਸਟਡੀ ਐਂਡ ਰਿਸਰਚ ਪ੍ਰੋਗਰਾਮ ਤਹਿਤ ਆਈ.ਏ.ਐਸ ਦੇ trainees ਆਫਿਸਰਜ਼ ਦੇ ਬੈਚ ਵੱਲੋਂ ਵਿਜ਼ਿਟ ਕੀਤੀ ਗਈ। ਜ਼ਿਕਰਯੋਗ ਹੈ ਕਿ ਉਕਤ AB trainees ਅਫਸਰਾਂ ਵੱਲੋਂ ਪਹਿਲਾਂ ਸਿਵਲ ਸਰਜਨ ਕਪੂਰਥਲਾ ਡਾਕਟਰ ਰਿਚਾ ਭਾਟੀਆ ਨਾਲ ਮੁਲਾਕਾਤ ਕੀਤੀ। ਇਸ ਮੌਕੇ ਸਿਵਲ ਸਰਜਨ ਵੱਲੋਂ ਉਹਨਾਂ ਨੂੰ ਭਵਿੱਖ ਵਿਚ ਵਧੀਆ ਕੰਮ ਕਰਨ ਲਈ ਪ੍ਰੇਰਿਆ ਗਿਆ ਅਤੇ ਉਹਨਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ ਗਈ। ਇਸ ਤੋਂ ਇਲਾਵਾ ਉਹਨਾਂ ਨੂੰ ਸਿਵਲ ਹਸਪਤਾਲ ਦੀ ਵਿਜ਼ਿਟ ਵੀ ਕਰਵਾਈ ਗਈ ਅਤੇ ਸਿਹਤ ਪ੍ਰੋਗਰਾਮਾਂ ਦੀ ਜਾਣਕਾਰੀ ਵੀ ਦਿੱਤੀ ਗਈ। ਟ੍ਰੇਨੀ ਅਫਸਰਾਂ ਵੱਲੋਂ ਆਮ ਆਦਮੀ ਕਲੀਨਿਕ ਰਾਇਕਾ ਮੁਹੱਲਾ ਦਾ ਦੌਰਾ ਵੀ ਕੀਤਾ ਗਿਆ ਅਤੇ ਪੰਜਾਬ ਸਰਕਾਰ ਦੇ ਇਸ ਪ੍ਰੋਗਰਾਮ ਤਹਿਤ ਲੋਕਾਂ ਨੂੰ ਉਹਨਾਂ ਦੇ ਘਰਾਂ ਦੇ ਲਾਗੇ ਮਿਲ




ਰਹੀਆਂ ਸਿਹਤ ਸਹੂਲਤਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਲਈ ਗਈ। ਇਸ ਮੌਕੇ ਤੇ ਜਿਲਾ ਸਿਹਤ ਅਫ਼ਸਰ ਡਾਕਟਰ ਰਾਜੀਵ ਪ੍ਰਾਸ਼ਰ,ਜਿਲਾ ਪਰਿਵਾਰ ਭਲਾਈ ਅਫ਼ਸਰ ਡਾਕਟਰ ਅਸ਼ੋਕ ਕੁਮਾਰ, ਡਾਕਟਰ ਰਾਜੀਵ ਭਗਤ ਡਿਪਟੀ ਮਾਸ ਮੀਡੀਆ ਅਫ਼ਸਰ ਸ਼ਰਨਦੀਪ ਸਿੰਘ , ਸੁਖਦਿਆਲ ਸਿੰਘ,ਸੁਪ੍ਰਿੰਟੈਂਡੈਂਟ ਰਾਮ ਅਵਤਾਰ, ਜਯੋਤੀ ਅਨੰਦ,ਰਵਿੰਦਰ ਜੱਸਲ ਤੇ ਹੋਰ ਹਾਜ਼ਰ ਸਨ।

# 68ਵੀਂ ਵਿਸ਼ਵ ਸਿੱਖ ਵਿਦਿਅਕ ਕਾਨਫਰੰਸ ਦੇ ਪ੍ਰਬੰਧਾਂ ਦੀ ਸਮੀਖਿਆ ਨੂੰ ਲੈ ਕੇ ਖਾਲਸਾ ਸਕੂਲ ਵਿਖੇ ਹੋਈ ਮੀਟਿੰਗ

ਪੰਜਾਬ ਦਾ ਖੁਲਾਸਾ

**ਸ੍ਰੀ ਅਨੰਦਪੁਰ ਸਾਹਿਬ 12 ਨਵੰਬਰ (ਕੰਵਲ ਜੋਤ ਸਿੰਘ)**- ਚੀਫ ਖਾਲਸਾ ਦੀਵਾਨ ਵਲੋਂ ਗੁਰੂ ਨਗਰੀ ਸ੍ਰੀ ਅਨੰਦਪੁਰ ਸਾਹਿਬ ਦੇ ਐਸ.ਜੀ.ਐਸ. ਖਾਲਸਾ ਸੀਨੀਅਰ ਸੈਕੰਡਰੀ ਸਕੂਲ ਵਿਖੇ 21 ਤੋਂ 23 ਨਵੰਬਰ ਤੱਕ ਕਰਵਾਈ ਜਾਣ ਵਾਲੀ ਤਿੰਨ ਰੋਜਾ 68ਵੀਂ ਵਿਸ਼ਵ ਸਿੱਖ ਵਿਦਿਅਕ ਕਾਨਫਰੰਸ ਦੇ ਪ੍ਰਬੰਧਾਂ ਦੀ ਸਮੀਖਿਆ ਮੀਟਿੰਗ ਸੁਸਾਇਟੀ ਦੇ ਪ੍ਰਧਾਨ ਅਤੇ ਸਾਬਕਾ ਕੈਬਨਿਟ ਮੰਤਰੀ ਡਾ. ਇੰਦਰਬੀਰ ਸਿੰਘ ਨਿੱਝਰ ਦੀ ਪ੍ਰਧਾਨਗੀ ਹੇਠ ਮੀਟਿੰਗ ਹੋਈ। ਜਿਸ ਵਿੱਚ ਸੁਸਾਇਟੀ ਦੇ ਆਨਰੇਰੀ ਸਕੱਤਰ ਡਾ. ਅਮਰਜੀਤ ਸਿੰਘ ਦੂਆ, ਵਧੀਕ ਆਨਰੇਰੀ ਸਕੱਤਰ ਡਾ. ਸੁਖਜਿੰਦਰ ਸਿੰਘ ਅਤੇ ਮੀਤ ਪ੍ਰਧਾਨ ਜਗਜੀਤ ਸਿੰਘ ਵਿਸ਼ੇਸ਼ ਤੌਰ ਤੇ ਹਾਜਰ ਸਨ।

ਡਾ. ਨਿੱਝਰ ਨੇ ਕਿਹਾ ਕਿ ਇਹ ਕਾਨਫਰੰਸ ਇੱਕ ਵਿਲੱਖਣ ਕਾਨਫਰੰਸ ਹੋਵੇਗੀ। ਜਿਸ ਵਿੱਚ ਸਿੱਖ ਪੰਥ ਵਿੱਚ ਸਿੱਖਿਆ ਦੇ ਪ੍ਰਚਾਰ ਅਤੇ ਪ੍ਰਸਾਰ ਲਈ ਇਤਿਹਾਸਕ ਫੈਸਲੇ ਕੀਤੇ ਜਾਣਗੇ। ਜਿਸ ਲਈ ਪ੍ਰਬੰਧ ਮੁਕੰਮਲ ਹੋ ਚੁੱਕੇ ਹਨ।ਉਹਨਾ ਅੱਗੇ ਕਿਹਾ ਕਿ 19 ਨਵੰਬਰ ਨੂੰ ਖਾਲਸਾ ਸਕੂਲ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਸ਼ੁਰੂ ਹੋ ਜਾਣਗੇ।ਜਿਨ੍ਹਾ ਦੇ ਭੋਗ 21 ਨਵੰਬਰ ਨੂੰ ਪਾਏ ਜਾਣਗੇ। ਜਿਸ ਤੋਂ ਬਾਅਦ ਇਹ ਕਾਨਫਰੰਸ ਰਸਮੀ ਤੌਰ ਤੇ ਸ਼ੁਰੂ ਹੋ



ਜਾਵੇਗੀ।ਉਨ੍ਹਾ ਦੱਸਿਆ ਕਿ ਇਸ ਕਾਨਫਰੰਸ ਲਈ ਤਿੰਨ ਦਿਨ ਵੱਖੋ-ਵੱਖਰੇ ਸਮਾਗਮ ਉਲੀਕੇ ਜਾਣਗੇ।ਜਿਨ੍ਹਾ ਵਿੱਚ ਸੈਮੀਨਾਰ, ਨਗਰ ਕੀਰਤਨ ਤੋਂ ਇਲਾਵਾ ਪ੍ਰਦਰਸ਼ਨੀਆਂ ਵੀ ਲਗਾਈਆਂ ਜਾਣਗੀਆਂ।ਜੋ ਕਿ ਚੀਫ ਖਾਲਸਾ ਦੀਵਾਨ ਦੇ ਇਤਿਹਾਸ ਤੋਂ ਜਾਣੂ ਕਰਵਾਉਣਗੀਆਂ।

ਉਨ੍ਹਾ ਦੱਸਿਆ ਕਿ ਜੁਗੋ-ਜੁੱਗ ਅਟੱਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਸਿੱਖਿਆ ਦਾ ਵਿਸ਼ਾ ਵਿਸ਼ੇਸ਼ ਤੌਰ ਤੇ ਸ਼ਾਮਲ ਕੀਤਾ ਗਿਆ ਹੈ। ਜਦੋਂਕਿ ਪੰਜਾਬ ਭਾਸ਼ਾ ਅਤੇ ਖੇਤੀਬਾੜੀ ਵਿਸ਼ੇ ਤੇ ਵੀ ਵਿਸ਼ੇਸ਼ ਤੌਰ ਤੇ ਜ਼ੋਰ ਦਿੱਤਾ ਜਾਵੇਗਾ। ਇਸ ਤੋਂ ਬਿਨ੍ਹਾ ਸਕੂਲੀ ਮੁੱਖੀ ਪ੍ਰਿੰਸੀਪਲ ਸੁਖਪਾਲ ਕੌਰ ਵਾਲੀਆ ਨੇ ਚੱਲ ਰਹੇ ਵਿਕਾਸ ਕਾਰਜਾਂ ਦੀ ਸਮੁੱਚੀ ਕਾਰਗੁਜਾਰੀ ਰਿਪੋਰਟ ਪੇਸ਼ ਕੀਤੀ। ਅੰਤ ਵਿੱਚ ਸਮੁੱਚੀ ਟੀਮ ਵਲੋਂ ਕਾਨਫਰੰਸ ਵਾਲੀ ਥਾਂ ਦਾ ਦੌਰਾ ਵੀ ਕੀਤਾ ਅਤੇ ਪ੍ਰਬੰਧਾ ਤੇ ਤਸੱਲੀ ਦਾ ਪ੍ਰਗਟਾਵਾ ਵੀ ਕੀਤਾ। ਇਸ ਮੌਕੇ ਜ਼ਸਵੀਰ ਸਿੰਘ ਢਿੱਲੋ, ਡਾ. ਮਨਮੋਹਨ ਸਿੰਘ, ਡਾਇਰੈਕਟਰ ਸਿੱਖਿਆ ਅਮ੍ਰਿਤਪਾਲ ਸਿੰਘ ਚਾਵਲਾ, ਸਹਾਇਕ ਡਾਇਰੈਕਟਰ ਕਿਰਨਪ੍ਰੀਤ ਕੌਰ ਧਾਮੀ, ਮੈਂਬਰ ਇੰਚਾਰਜ ਇੰਦਰਜੀਤ ਸਿੰਘ ਅਤੇ ਪ੍ਰਿੰ: ਪ੍ਰਭਜੋਤ ਕੌਰ, ਹਰਜੋਤ ਸਿੰਘ ਸਾਹਨੀ, ਸਹਾਇਕ ਡਾਇਰੈਕਟਰ ਰੀਪੂਦਮਨ ਕੌਰ, ਗੁਰਪ੍ਰੀਤ ਕੌਰ, ਮਨੀਸ਼ਾ, ਪ੍ਰਿੰ: ਯਸਪ੍ਰੀਤ ਕੌਰ, ਪਾਖਰ ਸਿੰਘ ਭੱਠਲ, ਗੁਰਮਿੰਦਰ ਸਿੰਘ ਭੁੱਲਰ, ਮਹਿੰਦਰ ਸਿੰਘ ਵਾਲੀਆ, ਨੰਬਰਦਾਰ ਕੁਲਦੀਪ ਸਿੰਘ ਸਮੇਤ ਚੀਫ ਖਾਲਸਾ ਨਾਲ ਸਬੰਧਿਤ ਵਿਦਿਅਕ ਸੰਸਥਾਵਾਂ ਦੇ ਮੁੱਖੀ ਅਤੇ ਆਹੁਦੇਦਾਰ ਸ਼ਾਮਲ ਸਨ। ਸ੍ਰੀ ਅਨੰਦਪੁਰ ਸਾਹਿਬ ਦੇ ਖਾਲਸਾ ਸਕੂਲ ਵਿਖੇ ਪ੍ਰਬੰਧਾਂ ਦਾ ਜਾਇਜਾ ਲੈਂਦੇ ਹੋਏ ਚੀਫ ਖਾਲਸਾ ਦੀਵਾਨ ਸੁਸਾਇਟੀ ਦੇ ਪ੍ਰਧਾਨ ਡਾ. ਇੰਦਰਬੀਰ ਸਿੰਘ ਨਿੱਝਰ ਤੇ ਹੋਰ।

# ਪਹਿਲੇ ਪੰਜਾਬ ਕੇਸਰੀ ਕੁਸ਼ਤੀ ਦੰਗਲ ਦੀਆਂ ਤਿਆਰੀਆਂ ਮੁਕੰਮਲ, ਅੰਤਰਰਾਸ਼ਟਰੀ ਪਹਿਲਵਾਨ ਦਿਖਾਉਣਗੇ ਜੋਹਰ

## ਅੰਤਰਰਾਸ਼ਟਰੀ ਨਿਯਮਾਂ ਅਨੁਸਾਰ ਮੈਟ ਤੇ ਹੋਣਗੀਆਂ ਕੁਸ਼ਤੀਆਂ - ਬਿੱਲਾ ਪਾਜੀਆਂ

ਪੰਜਾਬ ਦਾ ਖੁਲਾਸਾ

**ਕਪੂਰਥਲਾ,12 ਨਵੰਬਰ ( ਕੌੜਾ )** - ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੇ 555 ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਰੈਸਲਿੰਗ ਐਸੋਸੀਏਸ਼ਨ ਕਪੂਰਥਲਾ ਵੱਲੋਂ ਕਰਵਾਏ ਜਾ ਰਹੇ ਪਹਿਲੇ ਪੰਜਾਬ ਕੇਸਰੀ ਕੁਸ਼ਤੀ ਦੰਗਲ ਦੀਆਂ ਤਿਆਰੀਆਂ ਮੁਕੰਮਲ ਹੋ ਗਈਆਂ ਹਨ। ਗੁਰੂ ਨਾਨਕ ਸਟੇਡੀਅਮ ਸੁਲਤਾਨਪੁਰ ਲੋਧੀ ਵਿਖੇ ਐਸੋਸੀਏਸ਼ਨ ਦੀ ਮੀਟਿੰਗ ਦੌਰਾਨ ਪ੍ਰਧਾਨ ਕੁਲਵੰਤ ਸਿੰਘ ਸ਼ਾਹ, ਪ੍ਰਵਾਸੀ ਭਾਰਤੀ ਨੱਥਾ ਸਿੰਘ ਢਿੱਲੋਂ ਨੇ ਦੱਸਿਆ ਕਿ ਪ੍ਰਵਾਸੀ ਪੰਜਾਬੀਆਂ ਅਤੇ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਕਰਵਾਏ ਜਾ ਰਹੇ ਪਹਿਲੇ ਕੁਸ਼ਤੀ ਦੰਗਲ ਵਿੱਚ ਜੇਤੂ ਪਹਿਲਵਾਨਾਂ ਨੂੰ ਆਕਰਸ਼ਿਤ ਇਨਾਮ ਦਿੱਤੇ ਜਾਣਗੇ। ਉਨ੍ਹਾਂ ਦੱਸਿਆ ਕਿ ਇਸ ਕੁਸ਼ਤੀ ਦੰਗਲ ਲਈ ਧਰਮ ਸਿੰਘ ਮੈਰੀਪੁਰ ਯੂ ਐਸ ਏ, ਨੱਥਾ ਸਿੰਘ



ਢਿੱਲੋਂ, ਬਲਬੀਰ ਸਿੰਘ ਡੇਰਾ ਨੰਦ, ਹਰਨੇਕ ਸਿੰਘ ਨੇਕਾ ਮੈਰੀਪੁਰ,ਦੇਵ ਥਿੰਦ ਸ਼ਿਕਾਰ ਪੁਰ, ਬਿੱਲਾ ਸੰਘੇੜਾ, ਕੁਲਦੀਪ ਸਿੰਘ ਟੁਰਨਾ, ਸਤਨਾਮ ਸਿੰਘ ਕਾਂਜਲੀ, ਜੋਤਿਸ਼ ਸੇਠੀ,ਸੰਜੇ ਸ਼ਰਮਾ,ਬਲਕਾਰ ਹਰਨਾਮਪੁਰ,ਧੀਰਾ ਪਹਿਲਵਾਨ ਕਪੂਰਥਲਾ ਆਦਿ ਵੱਲੋਂ ਵੱਡਾ ਸਹਿਯੋਗ ਦਿੱਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਕੁਸ਼ਤੀ ਦੰਗਲ ਦਾ ਉਦਘਾਟਨ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਕਰਨਗੇ ਅਤੇ ਅਰਜੁਨਾ ਐਵਾਰਡੀ ਸੱਜਣ ਸਿੰਘ ਚੀਮਾ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਣਗੇ।ਇਸ ਤੋਂ ਇਲਾਵਾ ਬਾਲ ਮੁਕੰਦ ਸ਼ਰਮਾ ਚੇਅਰਮੈਨ ਫੂਡ ਸਪਲਾਈ ਕਮਿਸ਼ਨ ਪੰਜਾਬ ਤੇ ਉੱਘੇ ਪਹਿਲਵਾਨ ਛਿੰਦਾ ਪੱਟੀ ਵੀ ਪਹੁੰਚ ਰਹੇ ਹਨ।ਇਸ ਮੌਕੇ ਐਸੋਸੀਏਸ਼ਨ ਦੇ ਜਨਰਲ ਸਕੱਤਰ ਸਾਬਕਾ ਡੀ ਐਸ ਪੀ ਪਿਆਰਾ ਸਿੰਘ ਬਿੱਲਾ ਪਾਜੀਆਂ, ਪਹਿਲਵਾਨ ਮਲਕੀਤ ਕਾਂਜਲੀ, ਲੈਕਚਰਾਰ ਬਲਦੇਵ ਸਿੰਘ ਟੀਟਾ ਨੇ ਦੱਸਿਆ ਕਿ ਸਾਰੀਆਂ ਕੁਸ਼ਤੀਆਂ ਅੰਤਰਰਾਸ਼ਟਰੀ ਨਿਯਮਾਂ ਅਨੁਸਾਰ ਮੈਟ ਤੇ ਕਰਵਾਈਆਂ ਜਾਣਗੀਆਂ। ਉਨ੍ਹਾਂ ਦੱਸਿਆ ਕਿ ਕੁੜੀਆਂ ਦੇ ਵਰਗ ਵਿੱਚ ਅੰਤਰਰਾਸ਼ਟਰੀ ਪੱਧਰ ਦੀਆਂ ਲੜਕੀਆਂ ਵਿਸ਼ੇਸ਼ ਤੌਰ ਤੇ ਪਹੁੰਚ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਦਰਸ਼ਕਾਂ ਲਈ ਵਿਸ਼ੇਸ਼ ਪ੍ਰਬੰਧ ਕੀਤੇ ਗਏ। ਇਲਾਕੇ ਭਰ ਦੇ ਸਰਪੰਚਾਂ ਤੇ ਹੋਰ ਸਮਾਜ ਸੇਵਕਾਂ ਦਾ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ ਜਾਵੇਗਾ। ਇਸ ਮੌਕੇ ਬਲਕਾਰ ਸਿੰਘ ਹਰਨਾਮ ਪੁਰ, ਕੁਲਦੀਪ ਸਿੰਘ ਡਡਵਿੰਡੀ,ਜਵਾਹਰ ਸਿੰਘ ਸੈਦੋਵਾਲ, ਉੱਘੇ ਕੋਚ ਸਰੂਪ ਟਿੱਬਾ, ਹਰਜਿੰਦਰ ਸਿੰਘ ਲਾਲੀ, ਸੁਰਿੰਦਰ ਸਿੰਘ ਇੰਸਪੈਕਟਰ, ਕੁਲਬੀਰ ਵਲਣੀ,ਰੌਣਕੀ ਤਲਵੰਡੀ ਚੌਧਰੀਆਂ, ਆਦਿ ਹਾਜ਼ਰ ਸਨ।

# ਸਰਕਾਰੀ ਕਾਲਜ ਸੁਖਚੈਨ ਬੱਲੂਆਣਾ ਵਿੱਚ ਪੰਜਾਬੀ ਮਹਾ 2024 ਮਨਾਇਆ ਗਿਆ

ਪੰਜਾਬ ਦਾ ਖੁਲਾਸਾ

**ਪੱਟੀ ਸਦੀਕ, 12 ਨਵੰਬਰ (ਬਲਕਰਨ ਸਿੰਘ ਮਸ਼ਾਲ)**- ਸਰਕਾਰੀ ਕਾਲਜ ਸੁਖਚੈਨ (ਬੱਲੂਆਣਾ) ਵਿੱਚ ਪੰਜਾਬੀ ਮਹਾ 2024 ਮਨਾਇਆ ਗਿਆ। ਪੰਜਾਬ ਸਰਕਾਰ ਵੱਲੋਂ ਭਾਸ਼ਾ ਵਿਭਾਗ ਪੰਜਾਬ ਦੇ ਆਦੇਸ਼ਾਂ ਦੇ ਅਨੁਸਾਰ ਇਹ ਸਰਕਾਰੀ ਸਕੂਲਾਂ, ਕਾਲਜਾਂ ਆਦਿ ਸਿੱਖਿਆ ਅਦਾਰਿਆਂ ਵਿੱਚ ਪੰਜਾਬੀ ਮਹਾਂ 2024 ਮਨਾਇਆ ਜਾ ਰਿਹਾ ਹੈ। ਅੱਜ ਸਰਕਾਰੀ ਕਾਲਜ ਸੁਖਚੈਨ



ਬੱਲੂਆਣਾ ਵਿਖੇ ਬੜੀ ਧੂਮਧਾਮ ਨਾਲ ਇਹ ਮਨਾਇਆ ਗਿਆ।ਇਸ ਮੁਕਾਬਲੇ ਵਿੱਚ ਕਵਿਤਾ ਗਾਇਨ ,ਸੁੰਦਰ ਲਿਖਾਈ ,ਲੇਖ ਰਚਨਾ ਆਦਿ ਦੇ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਦੇ ਵਿੱਚ ਕਾਲਜ ਦੇ ਕਰੀਬ 150 ਵਿਦਿਆਰਥੀਆਂ ਨੇ ਹਿੱਸਾ ਲਿਆ ਇਹਨਾਂ ਮੁਕਾਬਲਿਆਂ ਵਿੱਚ ਕਵਿਤਾ ਗਾਇਨ ਮੁਕਾਬਲੇ ਵਿੱਚੋਂ ਪਹਿਲਾ ਸਥਾਨ ਦਰਜ ਮਨਦੀਪ ਕੌਰ ਬੀ.ਏ ਭਾਗ ਪਹਿਲਾ, ਇਸ ਤਰ੍ਹਾਂ ਸੁੰਦਰ ਲਿਖਾਈ ਵਿੱਚੋਂ ਰਜਨੀ ਬੀ.ਏ ਭਾਗ ਦੂਜਾ ਪਹਿਲਾ ਦਰਜਾ ,ਲਖਵਿੰਦਰ ਕੌਰ ਬੀ.ਏ, ਭਾਗ ਪਹਿਲਾ ਦੂਜਾ ਦਰਜਾ, ਰਾਣੀ ਬੀ.ਏ, ਭਾਗ ਪਹਿਲਾ ਨੇ ਤੀਜਾ ਦਰਜਾ ਪ੍ਰਾਪਤ ਕੀਤਾ। ਲੇਖ ਰਚਨਾ ਵਿੱਚੋਂ ਅਮਨਦੀਪ ਕੌਰ ਬੀ.ਏ ਭਾਗ ਪਹਿਲਾ ਪਹਿਲਾ ਦਰਜਾ,ਅਰਸ਼ਦੀਪ ਕੌਰ ਬੀ.ਏ ਭਾਗ ਪਹਿਲਾ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਇਸ ਦੇ ਨਾਲ ਹੀ ਪ੍ਰਿੰਸੀਪਲ ਇੰਚਾਰਜ਼ ਡਾ. ਹਰਜੀਤ ਸਿੰਘ, ਅਸਿਸਟੈਂਟ ਪ੍ਰੋਫੈਸਰ ਡਾ. ਰਮੇਸ਼ ਸਿੰਘ ਪ੍ਰੋਫੈਸਰ ਪ੍ਰਨੀਤ ਕੌਰ, ਪ੍ਰੋਫੈਸਰ ਅਜੇ ਸਿੰਘ, ਪ੍ਰੋ.ਰੇਨੂ ਬਾਲਾ ਆਦਿ ਮੌਜੂਦ ਸਨ ਇਹਨਾਂ ਦੀ ਰਹਿਨੁਮਾਈ ਹੇਠ ਇਹ ਪੰਜਾਬੀ ਮਹਾਂ ਸਫਲਤਾ ਪੂਰਵ ਮਨਾਇਆ ਗਿਆ।

# ਸਕੂਲੀ ਬੱਚਿਆਂ ਨੂੰ ਪਰਾਲੀ ਨੂੰ ਅੱਗ ਨਾ ਲਗਾਉਣ ਅਤੇ ਵਾਤਾਵਰਨ ਦੀ ਸਾਂਭ ਸੰਭਾਲ ਸਬੰਧੀ ਕੀਤਾ ਜਾਗਰੂਕ

ਪੰਜਾਬ ਦਾ ਖੁਲਾਸਾ

**ਰਾਮਪੁਰਾ ਫੂਲ ( ਜਸਵੰਤ ਦਰਦ ਪ੍ਰੀਤ)**- ਬਠਿੰਡਾ ਦੇ ਡਿਪਟੀ ਕਮਿਸ਼ਨਰ ਸ੍ਰੀ ਸ਼ੌਕਤ ਅਹਿਮਦ ਪਰੇ ਜੀ ਵੱਲੋਂ ਮਿਲੇ ਹੁਕਮਾਂ ਅਤੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੇ ਕ੍ਰਿਸ਼ੀ ਵਿਗਿਆਨ ਕੇਂਦਰ ਬਠਿੰਡਾ ਦੇ ਪੌਦ ਸੁਰੱਖਿਆ ਦੇ ਸਹਾਇਕ ਪ੍ਰੋਫੈਸਰ ਡਾ. ਵਿਨੈ ਸਿੰਘ ਅਤੇ ਫਲ ਵਿਗਿਆਨ ਦੇ ਸਹਾਇਕ ਪ੍ਰੋਫੈਸਰ ਡਾ.ਸਰਵਪ੍ਰਿਆ ਸਿੰਘ ਦੇ ਦਿਸ਼ਾ ਉੱਦਮ ਸਦਕਾ ਅਤੇ ਪ੍ਰਿੰਸੀਪਲ ਚਮਕੌਰ ਸਿੰਘ ਸਿੱਧੂ ਦੀ ਯੋਗ ਅਗਵਾਈ ਅਤੇ ਅਤੇ ਲੈਕਚਰਾਰ ਸ਼੍ਰੀ ਪਰਮਵੀਰ ਸਿੰਘ ਅਤੇ ਸ਼੍ਰੀਮਤੀ ਬਲਦੇਵ ਕੌਰ ਦੀ ਨਿਗਰਾਨੀ ਹੇਠ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮੰਡੀ ਕਲਾਂ ਦੇ ਬੱਚਿਆਂ ਨੂੰ ਪਰਾਲੀ ਦੀ ਸਾਂਭ- ਸੰਭਾਲ ,ਇਸ ਨੂੰ ਅੱਗ ਨਾ ਲਗਾਉਣ ਸਬੰਧੀ ਅਤੇ ਵਾਤਾਵਰਨ ਨੂੰ ਪਰਦੂਸ਼ਿਤ ਹੋਣ ਤੋ ਬਚਾਉਣ ਲਈ ਜਾਗਰੂਕਤਾ ਕੈਂਪ ਲਗਾਇਆ ਗਿਆ।

ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੀ ਬਠਿੰਡਾ ਇਕਾਈ ਤੋਂ ਆਏ ਪ੍ਰੋਫੈਸਰਾਂ ਵੱਲੋਂ ਪਰਾਲੀ ਨੂੰ ਅੱਗ ਲਗਾਉਣ 'ਤੇ ਖੇਤ ਦੀ ਮਿੱਟੀ ਅਤੇ ਮਨੁੱਖੀ ਸਿਹਤ 'ਤੇ ਪੈਂਦੇ ਮਾੜੇ ਪ੍ਰਭਾਵ ਬਾਰੇ ਵਿਸਥਾਰ ਨਾਲ਼ ਵਿਚਾਰ ਸਾਂਝੇ ਕੀਤੇ ਗਏ।

ਉਨ੍ਹਾਂ ਨੇ ਦੱਸਿਆ ਕਿ ਕਿਵੇਂ ਕਿਸਾਨ ਆਪਣੇ ਖੇਤ ਵਿੱਚ ਮੌਜੂਦ ਸੂਖਮ ਜੀਵਾਂ




ਅਤੇ ਪਰਾਲੀ ਵਿੱਚ ਮੌਜੂਦ ਖਾਦ ਨੂੰ ਅੱਗ ਲਗਾ ਕੇ ਲੱਖਾਂ ਦਾ ਨੁਕਸਾਨ ਕਰ ਰਹੇ ਹਨ । ਉਹਨਾਂ ਅਨੁਸਾਰ ਇਸ ਵਾਰ ਅੱਗ ਲੱਗਣ ਦੀਆਂ ਘਟਨਾਵਾਂ ਵਿੱਚ ਕਾਫੀ ਕਮੀ ਆਈ ਹੈ ਅਤੇ ਸਾਡੇ ਦੇਸ਼ ਦੇ ਕਿਸਾਨ ਸਮੇਂ ਦੇ ਨਾਲ਼-ਨਾਲ਼ ਪਰਾਲੀ ਦੀ ਅਹਿਮੀਅਤ ਨੂੰ ਸਮਝ ਰਹੇ ਹਨ ਅਤੇ ਇਸ ਨੂੰ ਖੇਤ ਵਿੱਚ ਹੀ ਮਿਲਾ ਰਹੇ ਹਨ। ਇਸ ਸਮੇਂ ਸਕੂਲ ਦੇ ਪ੍ਰਿੰਸੀਪਲ ਚਮਕੌਰ ਸਿੰਘ ਜੀ ਵੱਲੋਂ ਵੀ ਅਹਿਮ ਭੂਮਿਕਾ ਨਿਭਾਈ ਗਈ। ਉਹਨਾਂ ਦੀ ਟੀਮ ਵੱਲੋਂ ਤਿਆਰ ਬੱਚਿਆਂ ਦੇ ਪਰਾਲੀ ਨੂੰ ਸਾਂਭਣ ਅਤੇ ਅੱਗ ਨਾ ਲਗਾਉਣ ਸਬੰਧੀ ਕਵਿਤਾ ਅਤੇ ਭਾਸ਼ਣ ਮੁਕਾਬਲੇ ਕਰਵਾਏ ਗਏ। ਕਵਿਤਾ ਅਤੇ ਭਾਸ਼ਣ ਮੁਕਾਬਲਿਆਂ ਵਿੱਚੋਂ ਪਹਿਲੀ ਅਤੇ ਦੂਜੀ ਪੁਜੀਸ਼ਨ ਤੇ ਆਉਣ ਵਾਲੇ ਵਿਦਿਆਰਥੀਆਂ ਨੂੰ ਇਨਾਮ ਦੇ ਕੇ ਹੌਸਲਾ ਅਫ਼ਜਾਈ ਕੀਤੀ ਗਈ।ਸਮੂਹ ਵਿਦਿਆਰਥੀਆਂ ਨੇ ਸਮੂਹ ਸਟਾਫ਼ ਮੈਂਬਰਾਂ ਅਤੇ ਆਏ ਹੋਏ ਖੇਤੀਬਾੜੀ ਅਫ਼ਸਰਾਂ ਦੇ ਸਾਹਮਣੇ ਪ੍ਰਣ ਕੀਤਾ ਕਿ ਉਹ ਘਰ ਜਾ ਕੇ ਆਪਣੇ ਮਾਪਿਆਂ ਨੂੰ ਵੀ ਪਰਾਲੀ ਨਾ ਸਾੜਨ ਲਈ ਪ੍ਰੇਰਿਤ ਕਰਨਗੇ। ਪ੍ਰਿੰਸੀਪਲ ਚਮਕੌਰ ਸਿੰਘ ਅਤੇ ਸਮੂਹ ਸਟਾਫ ਮੈਂਬਰਾਂ ਵੱਲੋਂ ਆਏ ਹੋਏ ਖੇਤੀਬਾੜੀ ਅਫਸਰਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ।

# ਸੈਂਕੜੇ ਸੇਜਲ ਅੱਖਾਂ ਨਾਲ ਚੰਨਣ ਸਿੰਘ ਮਹਿਰਵਾਲਾ ਨੂੰ ਅੰਤਿਮ ਵਿਦਾਇਗੀ

## ਵੱਖ ਵੱਖ ਸ਼ਖਸ਼ੀਅਤਾਂ ਵੱਲੋਂ ਦੁੱਖ ਦਾ ਪ੍ਰਗਟਾਵਾ

ਪੰਜਾਬ ਦਾ ਖੁਲਾਸਾ

**ਕਪੂਰਥਲਾ, 12 ਨਵੰਬਰ (ਕੌੜਾ/ਅਮਨਦੀਪ ਕੌਰ)**- ਪੱਤਰਕਾਰ ਬਲਜੀਤ ਸਿੰਘ, ਰਸ਼ਪਾਲ ਸਿੰਘ ਵੜੈਚ ਸੂਬਾਈ ਆਗੂ ਈ ਟੀ ਟੀ ਅਧਿਆਪਕ ਯੂਨੀਅਨ ਪੰਜਾਬ ਦੇ ਤਾਇਆ, ਸਾਬਕਾ ਸਰਪੰਚ ਸਤਨਾਮ ਸਿੰਘ, ਹਰਜਿੰਦਰ ਸਿੰਘ, ਰਜਿੰਦਰ ਦੇ ਪਿਤਾ, ਜਗਤਾਰ ਸਿੰਘ,ਕਿਰਤੀ ਕਿਸਾਨ ਯੂਨੀਅਨ ਪੰਜਾਬ ਦੇ ਸੂਬਾ ਮੀਤ ਪ੍ਰਧਾਨ ਰਘਬੀਰ ਸਿੰਘ ਮਹਿਰਵਾਲ, ਸਲਵਿੰਦਰ ਸਿੰਘ ਅਤੇ ਸਵਰਗਵਾਸੀ ਦਰਸ਼ਨ ਸਿੰਘ ਦੇ ਭਰਾ ਚੰਨਣ ਸਿੰਘ ਜਿੰਨ੍ਹਾਂ ਦਾ ਬੀਤੇ ਦਿਨੀਂ ਦਿਹਾਂਤ ਹੋ ਗਿਆ ਸੀ। ਉਨ੍ਹਾਂ ਦਾ ਪਿੰਡ ਮਹਿਰਵਾਲ ਵਿਖੇ ਸੈਂਕੜੇ ਸੇਜਲ ਅੱਖਾਂ ਨਾਲ ਅੰਤਿਮ ਸੰਸਕਾਰ ਕੀਤਾ ਗਿਆ।ਇਸ ਮੌਕੇ ਚਿਖਾ ਨੂੰ ਅਗਨੀ ਉਨ੍ਹਾਂ ਦੇ ਵੱਡੇ ਸਪੁੱਤਰ ਸਾਬਕਾ ਸਰਪੰਚ ਸਤਨਾਮ ਸਿੰਘ ਨੇ ਵਿਖਾਈ।ਇਸ ਮੌਕੇ ਬਾਰ ਐਸੋਸੀਏਸ਼ਨ ਸੁਲਤਾਨਪੁਰ ਲੋਧੀ ਦੇ ਸਾਬਕਾ ਪ੍ਰਧਾਨ ਤੇ ਸੰਯੁਕਤ ਕਿਸਾਨ ਮੋਰਚੇ ਦੇ ਆਗੂ ਐਡਵੋਕੇਟ ਰਜਿੰਦਰ ਸਿੰਘ ਰਾਣਾ , ਗੌਰਮਿੰਟ ਪੈਨਸ਼ਨਰਜ਼ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਮਾਸਟਰ ਸੁੱਚਾ ਸਿੰਘ, ਸਟੇਟ ਐਵਾਰਡੀ ਸੁਖਵਿੰਦਰ ਸਿੰਘ ਚੀਮਾ, ਸਾਬਕਾ ਬਲਾਕ ਸੰਮਤੀ ਮੈਂਬਰ ਹਜ਼ਾਰਾਂ ਸਿੰਘ, ਸਰਪੰਚ ਦਵਿੰਦਰ ਸਿੰਘ ਮੁੰਡੀ,ਬਲਾਕ ਪ੍ਰਧਾਨ ਕਿਰਤੀ ਕਿਸਾਨ ਯੂਨੀਅਨ



ਪੰਜਾਬ ਜਸਵਿੰਦਰ ਸਿੰਘ, ਸਾਬਕਾ ਸਰਪੰਚ ਸ਼ਰਧਾ ਸਿੰਘ, ਦਵਿੰਦਰ ਸਿੰਘ ਬਾਊ, ਮੰਗਲ ਸਿੰਘ ਮੁੰਡੀ, ਸਾਬਕਾ ਸਰਪੰਚ ਗੁਰਦੀਪ ਸਿੰਘ, ਸਾਬਕਾ ਸਰਪੰਚ ਸਵਰਨ ਸਿੰਘ, ਨੰਬਰਦਾਰ ਸੁਖਵਿੰਦਰ ਸਿੰਘ,ਸਰਪੰਚ ਗੁਰਮੇਲ ਸਿੰਘ, ਮਾਸਟਰ ਰੇਸ਼ਮ ਸਿੰਘ,ਮਾਂ ਨਿਰੰਜਣ ਸਿੰਘ, ਮਾਸਟਰ ਦੇਸ ਰਾਜ, ਮਾਸਟਰ ਰਾਮ ਸਿੰਘ, ਮਾਸਟਰ ਜਸਬੀਰ ਸਿੰਘ,ਯਾਦਵਿੰਦਰ ਸਿੰਘ, ਸਰਪੰਚ ਸੁਖਵਿੰਦਰ ਸਿੰਘ ਨੱਥੂਪੁਰ, ਮਲਕੀਤ ਸਿੰਘ, ਹਰਨੇਕ ਸਿੰਘ ਬੂਹ, ਅਨੂਪ ਸਿੰਘ, ਮਨਪ੍ਰੀਤ ਸਿੰਘ ਬੂਹ, ਗੁਲਜ਼ਾਰ ਸਿੰਘ, ਰਣਧੀਰ ਸਿੰਘ, ਗੁਰਦੀਪ ਸਿੰਘ ਫੱਤੂਢੀਗਾ, ਬਾਬਾ ਸਵਰਨ ਸਿੰਘ, ਜਸਪਾਲ ਸਿੰਘ ਸੈਕਟਰੀ ਨਿਰਮਲ ਸਿੰਘ ਆਦਿ ਸਮੇਤ ਵੱਡੀ ਗਿਣਤੀ ਵਿਚ ਇਲਾਕੇ ਭਰ ਤੋਂ ਪ੍ਰਮੁੱਖ ਸਖਸ਼ੀਅਤਾਂ ਹਾਜ਼ਰ ਸਨ। ਜਿਹਨਾਂ ਨੇ ਪਰਿਵਾਰ ਨਾਲ ਚੰਨਣ ਸਿੰਘ ਮਹਿਰਵਾਲਾ ਦੇ ਦੇਹਾਂਤ ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ।

# ਪ੍ਰਕਾਸ਼ ਪੂਰਬ ਦੇ ਮੱਦੇਨਜ਼ਰ ਨਗਰ ਕੀਰਤਨ ਦੇ ਰੂਟ ਉੱਪਰ ਮੀਟ ਤੇ ਸ਼ਰਾਬ ਦੀਆਂ ਦੁਕਾਨਾਂ ਬੰਦ ਰੱਖਣ ਦੇ ਹੁਕਮ

ਪੰਜਾਬ ਦਾ ਖੁਲਾਸਾ

**ਕਪੂਰਥਲਾ, 12 ਨਵੰਬਰ(ਕੌੜਾ)**- ਡਿਪਟੀ ਕਮਿਸ਼ਨਰ ਕਮ ਜਿਲ੍ਹਾ ਮੈਜਿਸਟ੍ਰੇਟ ਸ਼੍ਰੀ ਅਮਿਤ ਕੁਮਾਰ ਪੰਚਾਲ ਵਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਜਾਏ ਜਾ ਰਹੇ ਨਗਰ ਕੀਰਤਨ ਦੇ ਮੱਦੇਨਜ਼ਰ



13 ਨਵੰਬਰ ਨੂੰ ਫਗਵਾੜਾ ਵਿਖੇ ਨਗਰ ਕੀਰਤਨ ਦੇ ਰੂਟ ਉੱਪਰ ਪੈਂਦੇ ਮੀਟ ਤੇ ਸ਼ਰਾਬ ਦੀਆਂ ਦੁਕਾਨਾਂ ਬੰਦ ਰੱਖਣ ਦੇ ਹੁਕਮ ਦਿੱਤੇ ਗਏ ਹਨ। ਇਸ ਤੋਂ ਇਲਾਵਾ ਮਿਤੀ 15 ਨਵੰਬਰ ਨੂੰ ਪ੍ਰਕਾਸ਼ ਪੁਰਬ ਵਾਲੇ ਦਿਨ ਵੀ ਫਗਵਾੜਾ ਸਬ ਡਵੀਜ਼ਨ ਵਿਚ ਧਾਰਮਿਕ ਸਥਾਨ ਵਾਲੀ ਜਗ੍ਹਾ ਦੇ ਨੇੜੇ ਮੀਟ ਤੇ ਸ਼ਰਾਬ ਦੀਆਂ ਦੁਕਾਨਾਂ ਬੰਦ ਰੱਖਣ ਦੇ ਹੁਕਮ ਦਿੱਤੇ ਗਏ ਹਨ। ਇਹ ਹੁਕਮ ਭਾਰਤੀ ਨਾਗਰਿਕ ਸੁਰਕਸ਼ਾ ਸੰਹਿਤਾ 2023ਦੀ ਧਾਰਾ 163 ਤਹਿਤ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜਾਰੀ ਕੀਤੇ ਗਏ ਹਨ।

# ਸਿਹਤ ਵਿਭਾਗ ਵਲੋਂ ਆਮ ਆਦਮੀ ਕਲੀਨਿਕਾਂ ਦੀ ਕੀਤੀ ਅਚਨਚੇਤ ਚੈਕਿੰਗ

## ਸਿਹਤ ਵਿਭਾਗ ਲੋਕਾਂ ਦੀ ਨਿਰੋਈ ਸਿਹਤ ਲਈ ਹਮੇਸ਼ਾਂ ਹੀ ਵਚਨਬੱਧ : ਡਾ ਕਿਰਨਦੀਪ ਕੌਰ

ਪੰਜਾਬ ਦਾ ਖੁਲਾਸਾ

**ਅੰਮ੍ਰਿਤਸਰ12 ਨਵੰਬਰ ( ਦਿਨੇਸ਼ ਸੋਨੀ)**ਮਾਨਯੋਗ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਪੰਜਾਬ ਡਾ ਬਲਬੀਰ ਸਿੰਘ ਜੀ ਦੇ ਹੁਕਮਾਂ ਅਨੁਸਾਰ ਸਿਵਲ ਸਰਜਨ ਡਾ ਕਿਰਨਦੀਪ ਕੌਰ ਵਲੋਂ ਸਿਹਤ ਵਿਭਾਗ ਦੇ ਵੱਖ-ਵੱਖ ਅਧਿਕਾਰੀਆਂ ਦੀਆਂ ਟੀਮਾਂ ਬਣਾ ਕੇ ਸਮੂਹ ਆਮ ਆਦਮੀਂ ਕਲੀਨਿਕਾਂ ਦੀ



ਅਚਨਚੇਤ ਚੈਕਿੰਗ ਕੀਤੀ ਗਈ। ਇਸ ਚੈਕਿੰਗ ਦੌਰਾਨ ਸਿਵਲ ਸਰਜਨ ਡਾ ਕਿਰਨਦੀਪ ਕੌਰ ਵਲੋਂ ਆਮ ਆਦਮੀਂ ਕਲਿਨਿਕ ਫਤਾਹਪੁਰ ਅਤੇ ਭਰਾੜੀਵਾਲ ਵਿਖੇ ਸਹਾਇਕ ਸਿਵਲ ਸਰਜਨ ਡਾ ਰਜਿੰਦਰ ਪਾਲ ਕੌਰ ਵਲੋਂ ਰਾਮ ਬਾਗ, ਸਕਤਰੀ ਬਾਗ, ਮੁਸਲਿਮਗੰਜ, ਅਤੇ ਚਾਟੀਵਿੰਡ ਵਿਖੇ ਜਿਲ੍ਹਾ ਪਰਿਵਾਰ ਭਲਾਈ ਅਫਸਰ ਡਾ ਨੀਲਮ ਭਗਤ ਵਲੋਂ ਕਬੀਰ ਪਾਰਕ, ਸੁੰਦਰ ਨਗਰ, ਹਰੀਪੁਰਾ, ਪੁਤਲੀਗਰ, ਅਤੇ ਰਣਜੀਤ ਐਵੀਨਿਓ ਵਿਖੇ। ਜਿਲ੍ਹਾ ਟੀਕਾਕਰਣ ਅਫਸਰ ਡਾ ਭਾਰਤੀ ਧਵਨ ਵਲੋਂ ਮੁਸਤਫਾਬਾਦ, ਰਣਜੀਤ ਐਵੀਨਿਓ, ਗੁਰੂ ਕੀ ਵਡਾਲੀ ਅਤੇ ਬਸੰਤ ਐਵੀਨਿਓ ਵਿਖੇ ਅਚਨਚੇਤ ਚੈਕਿੰਗ ਕੀਤੀ ਗਈ। ਇਸ ਚੈਕਿੰਗ ਦੌਰਾਣ ਸਟਾਫ ਦੀ ਹਾਜਰੀ, ਓ.ਪੀ.ਡੀ. ਸੇਵਾਵਾਂ, ਦਵਾਈਆਂ, ਲੈਬ ਟੈਸਟ ਅਤੇ ਆਨ ਲਾਈਨ ਰਿਕਾਰਡ ਦੀ ਜਾਂਚ ਕੀਤੀ ਗਈ, ਮਰੀਜਾਂ ਕੋਲੋ ਵੀ ਪੁੱਛ-ਗਿੱਛ ਕੀਤੀ ਗਈ ਅਤੇ ਮਰੀਜਾਂ ਦੇ ਫੋਨ ਨੰਬਰ ਲੈਕੇ ਖੁਦ ਵੇਰੀਫਿਕੇਸ਼ਨ ਕੀਤੀ ਗਈ। ਸਿਵਲ ਸਰਜਨ ਡਾ ਕਿਰਨਦੀਪ ਕੌਰ ਵਲੋਂ ਇਸ ਅਵਸਰ ਤੇ ਹੋਰ ਬੇਹਤਰ ਸੇਵਾਵਾਂ ਦੇਣ ਲਈ ਸਮੂਹ ਸਟਾਫ ਨੂੰ ਹਿਦਾਇਤਾਂ ਦਿੱਤੀਆਂ ਅਤੇ ਕਿਹਾ ਸਿਹਤ ਵਿਭਾਗ ਅੰਮ੍ਰਿਤਸਰ ਲੋਕਾਂ ਦੀ ਨਿਰੋਈ ਸਿਹਤ ਲਈ ਹਮੇਸ਼ਾਂ ਹੀ ਵਚਨਬੱਧ ਹੈ ਇਸ ਲਈ ਸਮੂਹ ਸਟਾਫ ਸਮੇਂ ਦੇ ਪਾਬੰਦ ਰਹਿਣ, ਸਾਫ ਸਫਾਈ ਦਾ ਧਿਆਨ ਰੱਖਣ, ਮਰੀਜਾਂ ਨਾਲ ਚੰਗਾ ਵਿਵਹਾਰ ਕਰਨ ਅਤੇ ਸੇਵਾ ਭਾਵ ਨਾਲ ਕੰਮ ਕਰਨ ਨੂੰ ਤਰਜੀਹ ਦੇਣ। ਇਸ ਮੌਕੇ ਜਿਲਾ? ਐਮ.ਈ. ਆਈ.ਓ. ਅਮਰਦੀਪ ਸਿੰਘ ਹਾਜਰ ਸਨ।

# ਐਸ.ਕੇ.ਐਮ..ਗੈਰ ਰਾਜਨੀਤਿਕ ਭਾਰਤ ਵੱਲੋਂ ਪੰਜਾਬ ਸਰਕਾਰ ਵੱਲੋਂ ਬਠਿੰਡਾ ਦੇ ਰਾਏ ਕੇ ਕਲਾਂ ਵਿੱਚ ਕਿਸਾਨਾਂ ਉੱਪਰ ਕੀਤੇ ਲਾਠੀਚਾਰਜ ਦੀ ਸਖ਼ਤ ਸ਼ਬਦਾਂ ਵਿੱਚ ਕੀਤੀ ਨਿਖੇਧੀ

ਪੰਜਾਬ ਦਾ ਖੁਲਾਸਾ

**ਜੈਤੋ,12 ਨਵੰਬਰ (ਰਘੂਨੰਦਨ ਪਰਾਸ਼ਰ )**: ਅੱਜ ਖਨੌਰੀ ਬਾਰਡਰ ਉੱਪਰ ਐਸ.ਕੇ.ਐਮ. ਗੈਰ ਰਾਜਨੀਤਕ ਦੀ ਮਹੱਤਵਪੂਰਨ ਮੀਟਿੰਗ ਹੋਈ! ਜਿਸ ਵਿੱਚ ਪੰਜਾਬ ਸਰਕਾਰ ਵੱਲੋਂ 11 ਨਵੰਬਰ ਨੂੰ ਬਠਿੰਡਾ ਦੇ ਰਾਏ ਕੇ ਕਲਾਂ ਵਿਖੇ ਪੁਲਿਸ ਬਲ ਦਾ ਪ੍ਰਯੋਗ ਕਰਦੇ ਹੋਏ ਨਿਰਦੋਸ਼ ਕਿਸਾਨਾਂ ਉੱਪਰ ਕੀਤੇ ਗਏ ਲਾਠੀਚਾਰਜ ਦੀ ਪੁਰਜੋਰ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ। ਕਿਸਾਨ ਆਗੂਆਂ ਨੇ ਗੱਲਬਾਤ ਕਰਦੇ ਹੋਏ ਆਖਿਆ ਕਿ ਇਸ ਸਾਰੇ ਘਟਨਾਕ੍ਰਮ ਦੀ ਪੜਤਾਲ ਕਰਨ 'ਤੇ ਪਤਾ ਲੱਗਦਾ ਹੈ ਕਿ ਸਾਰੇ ਹਾਲਾਤ ਪੈਦਾ ਕਰਨ ਦਾ ਦੋਸ਼ੀ ਖ਼ਰੀਦ ਏਜੰਸੀ ਦਾ ਇੰਸਪੈਕਟਰ ਹੈ! ਜਿਸ ਵੱਲੋਂ ਕਿਸਾਨਾਂ ਦੀ 17% ਤੋਂ ਥੱਲੇ ਨਮੀਂ ਵਾਲੇ ਝੋਨੇ ਨੂੰ ਐੱਮ.ਐੱਸ.ਪੀ. ਉੱਪਰ ਖ਼ਰੀਦਣ ਦੀ ਬਜਾਏ ਸੱਤ ਤੋਂ ਅੱਠ ਕਿਲੋ ਕਾਟ ਦੀ ਮੰਗ ਕਰ ਰਹੇ ਨੇ ਸ਼ੈਲਰਾਂ ਅਤੇ ਆੜ੍ਹਤੀਆਂ ਦਾ ਪੱਖ ਪੂਰਿਆ ਗਿਆ ਸੀ ਅਤੇ ਉੱਚ ਪ੍ਰਸ਼ਾਸਨਿਕ ਅਧਿਕਾਰੀਆਂ ਵੱਲੋਂ ਇਸ ਲੁੱਟ ਨੂੰ ਰੋਕਣ ਦੀ ਬਜਾਏ ਆੜ੍ਹਤੀਆਂ ਅਤੇ ਸ਼ੈਲਰ ਮਾਲਕਾਂ ਵੱਲੋਂ ਕੀਤੀ ਜਾ ਰਹੀ ਲੁੱਟ ਨੂੰ ਸ਼ਹਿ ਦਿੰਦੇ ਹੋਏ ਮਾਹੌਲ ਨੂੰ ਵਿਗਾੜ ਕੇ ਕਿਸਾਨਾਂ ਉੱਪਰ ਲਾਠੀਚਾਰਜ ਕੀਤਾ ਗਿਆ। ਕਿਸਾਨ ਆਗੂਆਂ



ਨੇ ਕਿਹਾ ਕਿ ਪੰਜਾਬ ਸਰਕਾਰ ਆਪਣੇ ਰਾਜ ਧਰਮ ਦਾ ਪਾਲਣ ਕਰਦੇ ਹੋਏ ਆਪਣੇ ਲੋਕਾਂ ਦੀ ਮੰਡੀਆਂ ਵਿੱਚ ਹੋ ਰਹੀ ਲੁੱਟ ਨੂੰ ਰੋਕਿਆ ਤੇ ਦੋਸ਼ੀ ਅਧਿਕਾਰੀਆਂ ਸ਼ੈਲਰ ਮਾਲਕਾਂ ਅਤੇ ਆੜ੍ਹਤੀਆਂ ਉੱਪਰ ਸਖਤ ਕਾਰਵਾਈ ਕਰੇ। ਕਿਸਾਨ ਆਗੂਆਂ ਨੇ ਅੱਗੇ ਗੱਲਬਾਤ ਕਰਦੇ ਹੋਏ ਆਖਿਆ ਕਿ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਮੁੱਖ ਰੱਖਦਿਆਂ ਹੋਇਆਂ 15 ਨਵੰਬਰ ਨੂੰ ਖਨੌਰੀ ਬਾਰਡਰ ਉੱਪਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪ੍ਰਕਾਸ਼ ਕਰਵਾਏ ਜਾਣਗੇ ਅਤੇ 17 ਨਵੰਬਰ ਨੂੰ ਭੋਗ ਪਾਏ ਜਾਣਗੇ। ਜਿਸ ਵਿੱਚ ਵੱਡੀ ਗਿਣਤੀ ਵਿੱਚ ਸੰਗਤਾਂ ਵੱਲੋਂ ਸ਼ਮੂਲੀਅਤ ਕੀਤੀ ਜਾਵੇਗੀ ਅਤੇ ਗੁਰੂ ਸਾਹਿਬ ਅੱਗੇ ਕਿਸਾਨਾਂ ਮਜ਼ਦੂਰਾਂ ਦੇ ਭਵਿੱਖ ਨੂੰ ਬਚਾਉਣ ਲਈ 13 ਫ਼ਰਵਰੀ ਤੋਂ ਲੜੇ ਜਾ ਰਹੇ ਮੋਰਚੇ ਦੀ ਚੜ੍ਹਦੀ ਕਲਾ ਲਈ ਅਰਦਾਸ ਬੇਨਤੀ ਕੀਤੀ ਜਾਵੇਗੀ। ਕਿਸਾਨ ਆਗੂਆਂ ਨੇ ਅੱਗੇ ਗੱਲਬਾਤ ਕਰਦੇ ਹੋਏ ਦੱਸਿਆ ਕਿ 14 ਨਵੰਬਰ ਨੂੰ ਕਿਸਾਨ ਭਵਨ ਚੰਡੀਗੜ੍ਹ ਵਿੱਚ ਮੋਰਚੇ ਵੱਲੋਂ skm ਗ਼ੈਰ ਸਿਆਸੀ ਦੀ ਮੀਟਿੰਗ ਕੀਤੀ ਜਾਵੇਗੀ! ਜਿਸ ਉਪਰੰਤ ਪ੍ਰੈੱਸ ਕਾਨਫਰੰਸ ਕਰਕੇ ਅੱਗੇ ਦੇ ਪ੍ਰੋਗਰਾਮ ਦਾ ਐਲਾਨ ਕੀਤਾ ਜਾਵੇਗਾ! ਜਿਸ ਤੋਂ ਬਾਅਦ ਐਸ.ਕੇ.ਐੱਮ. ਗ਼ੈਰ ਰਾਜਨੀਤਕ ਭਾਰਤ ਵਿੱਚ ਸ਼ਾਮਲ ਪੂਰੇ ਦੇਸ਼ ਦੀਆਂ ਜਥੇਬੰਦੀਆਂ ਦੀ ਮੀਟਿੰਗ ਦਿੱਲੀ ਵਿੱਚ ਕਰਕੇ ਦਿੱਲੀ ਵਿਖੇ ਪ੍ਰੈੱਸ ਕਾਨਫਰੰਸ ਕੀਤੀ ਜਾਵੇਗੀ। ਜਿਸ ਦੀ ਤਾਰੀਖ਼ ਦਾ ਐਲਾਨ ਜਲਦੀ ਕਰ ਦਿੱਤਾ ਜਾਵੇਗਾ। ਇਸ ਮੌਕੇ ਸ? ਜਗਜੀਤ ਸਿੰਘ ਡੱਲੇਵਾਲ, ਗੁਰਿੰਦਰ ਸਿੰਘ ਭੰਗੂ, ਇੰਦਰਜੀਤ ਸਿੰਘ ਕੋਟ ਬੁੱਢਾ, ਲਖਵਿੰਦਰ ਸਿੰਘ ਔਲਖ ਹਰਿਆਣਾ, ਸੁਖਜੀਤ ਸਿੰਘ ਹਰਦੋਝੰਡੇ, ਰਾਜਿੰਦਰ ਸਿੰਘ ਚਾਹਲ ਹਰਿਆਣਾ, ਦਲਜੀਤ ਸਿੰਘ ਵਿਰਕ, ਮਨਪ੍ਰੀਤ ਸਿੰਘ ਬਾਠ, ਸੁੱਚਾ ਸਿੰਘ ਲੱਧੂਪੁਰਾ, ਹਰਜੀਤ ਸਿੰਘ ਪਤਿਆਲਾ ਆਗੂ ਹਾਜ਼ਰ ਸਨ।

# ਕਿਸਾਨਾਂ ਨੂੰ ਹੁਣ ਤੱਕ ਖਰੀਦੇ ਗਏ ਝੋਨੇ ਦੀ ਕੀਤੀ ਜਾ ਚੁੱਕੀ ਹੈ 1063.21ਕਰੋੜ ਰੁਪਏ ਦੀ ਆਨਲਾਈਨ ਅਦਾਇਗੀ

ਪੰਜਾਬ ਦਾ ਖੁਲਾਸਾ

**ਫ਼ਰੀਦਕੋਟ 12 ਨਵੰਬਰ (ਗੁਰਦੀਪ ਸਿੰਘ ਢਿੱਲੋਂ)** ਪੰਜਾਬ ਸਰਕਾਰ ਦੇ ਆਦੇਸ਼ਾਂ ਅਨੁਸਾਰ ਜ਼ਿਲ੍ਹੇ ਦੇ ਖਰੀਦ ਕੇਂਦਰਾਂ ਵਿੱਚ ਝੋਨੇ ਦੀ ਖਰੀਦ, ਲਿਫਟਿੰਗ, ਅਦਾਇਗੀ ਦਾ ਕੰਮ ਲਗਾਤਾਰ ਜਾਰੀ ਹੈ । ਕੱਲ੍ਹ ਸ਼ਾਮ ਤੱਕ ਜ਼ਿਲ੍ਹੇ ਦੇ ਖ਼ਰੀਦ ਕੇਂਦਰਾਂ ਵਿੱਚ 520959 ਮੀਟ੍ਰਿਕ ਟਨ ਝੋਨੇ ਦੀ ਆਮਦ ਹੋਈ ਜਿਸ ਵਿੱਚੋਂ ਵੱਖ ਵੱਖ ਖ਼ਰੀਦ ਏਜੰਸੀਆਂ ਵੱਲੋਂ 512125 ਮੀਟ੍ਰਿਕ ਟਨ ਝੋਨੇ ਦੀ ਖਰੀਦ ਹੋਈ । ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ੍ਰੀ ਵਿਨੀਤ ਕੁਮਾਰ ਨੇ ਦਿੱਤੀ ।

ਡਿਪਟੀ ਕਮਿਸ਼ਨਰ ਸ੍ਰੀ ਵਿਨੀਤ ਕੁਮਾਰ ਨੇ ਦੱਸਿਆ ਕਿ ਕੱਲ੍ਹ ਸ਼ਾਮ ਤੱਕ ਜ਼ਿਲ੍ਹੇ ਦੇ ਖਰੀਦ ਕੇਂਦਰਾਂ ਵਿੱਚ ਖਰੀਦ ਏਜੰਸੀਆਂ ਵੱਲੋਂ 494407 ਮੀਟ੍ਰਿਕ ਟਨ ਝੋਨੇ ਦੀ ਖਰੀਦ ਕੀਤੀ ਗਈ। ਜਿਸ ਵਿਚ ਪਨਗ੍ਰੇਨ ਵੱਲੋਂ 213252 ਮੀਟ੍ਰਿਕ ਟਨ, ਮਾਰਕਫੈੱਡ ਵੱਲੋਂ 134924 ਮੀਟ੍ਰਿਕ ਟਨ, ਪਨਸਪ ਵੱਲੋਂ 106450 ਮੀਟ੍ਰਿਕ ਟਨ , ਪੰਜਾਬ ਵੇਅਰ ਹਾਊਸ ਵੱਲੋਂ 56172 ਮੀਟ੍ਰਿਕ ਟਨ ਅਤੇ ਪ੍ਰਾਈਵੇਟ ਵਪਾਰੀਆਂ ਵੱਲੋ 1327 ਮੀਟ੍ਰਿਕ ਟਨ ਝੋਨੇ ਦੀ ਖ਼ਰੀਦ ਕੀਤੀ ਗਈ ਅਤੇ ਖਰੀਦ ਉਪਰੰਤ ਮੰਡੀਆਂ ਵਿੱਚੋਂ ਝੋਨੇ ਦੀ 336226 ਮੀਟਰਕ ਟਨ ਲਿਫਟਿੰਗ ਹੋ ਚੁੱਕੀ ਹੈ। ਇਸ ਦੇ ਨਾਲ ਹੀ ਕਿਸਾਨਾਂ ਨੂੰ ਉਨ੍ਹਾਂ ਦੇ ਖਾਤਿਆਂ ਵਿੱਚ 1063.21ਕਰੋੜ ਰੁਪਏ ਦੀ ਆਨਲਾਈਨ ਅਦਾਇਗੀ ਵੀ ਕੀਤੀ ਜਾ ਚੁੱਕੀ ਹੈ।

ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਝੋਨੇ ਦੀ ਪਰਾਲੀ ਅਤੇ ਰਹਿੰਦ-ਖੂੰਹਦ ਨੂੰ ਅੱਗ ਨਾ ਲਗਾਉਣ ਅਤੇ ਖੇਤਾਂ ਵਿੱਚ ਹੀ ਮਿਲਾਉਣ ਤਾਂ ਜੋ ਵਾਤਾਵਰਣ ਨੂੰ ਪ੍ਰਦੂਸ਼ਿਤ ਹੋਣ ਤੋਂ ਬਚਾਇਆ ਜਾ ਸਕੇ। ਉਨ੍ਹਾਂ ਕਿਸਾਨਾਂ ਨੂੰ ਮੰਡੀਆਂ ਵਿੱਚ ਸੁੱਕਾ ਝੋਨਾ ਲਿਆਉਣ ਦੀ ਅਪੀਲ ਕੀਤੀ ।

# ਉੱਦਮ ਕਲੱਬ ਜੈਤੋ (ਰਜਿ) ਦੇ ਨਵੇਂ ਅਹੁਦੇਦਾਰਾਂ ਦੀ ਚੋਣ ਕੀਤੀ

ਪੰਜਾਬ ਦਾ ਖੁਲਾਸਾ

**ਜੈਤੋ 12 ਨਵੰਬਰ (ਗੁਰਦੀਪ ਸਿੰਘ ਢਿੱਲੋਂ/ਮਨਜੀਤ ਸਿੰਘ ਢੱਲਾ):-** ਉੱਦਮ ਕਲੱਬ ਜੈਤੋ ਰਜਿ ਦੀ ਵਰਕਿੰਗ ਕਮੇਟੀ ਦੀ ਮੀਟਿੰਗ ਨਾਮਦੇਵ ਭਵਨ ਬਠਿੰਡਾ ਰੋਡ ਜੈਤੋ ਵਿਖੇ ਕਲੱਬ ਦੇ ਚੇਅਰਮੈਨ ਰੇਸ਼ਮ ਸਿੰਘ ਬਰਾੜ ਦੀ ਪ੍ਰਧਾਨਗੀ ਹੇਠ ਹੋਈ। ਜਿਸ ਵਿੱਚ ਕਲੱਬ ਦੀਆਂ ਪਿਛਲੇ ਸਮੇਂ ਦੀਆਂ ਗਤੀਵਿਧੀਆਂ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ ਅਤੇ ਆਉਣ ਵਾਲੇ ਸਮੇਂ ਵਿੱਚ ਕਲੱਬ ਨੂੰ ਸੁਚਾਰੂ ਢੰਗ ਨਾਲ ਚਲਾਉਣ ਸਬੰਧੀ ਵੀ ਵਿਚਾਰ ਵਟਾਂਦਰਾ ਕੀਤਾ ਗਿਆ। ਸਾਰੇ ਮੈਂਬਰਾ ਦੀ ਸਹਿਮਤੀ ਨਾਲ ਫੈਸਲਾ ਕੀਤਾ ਗਿਆ ਕਿ ਕਲੱਬ ਦੀ ਪੁਰਾਣੀ ਕਮੇਟੀ ਨੂੰ ਭੰਗ ਕਰਕੇ ਨਵੀਂ ਕਮੇਟੀ ਦਾ ਵਿਸਥਾਰ ਕੀਤਾ ਜਾਵੇ ਤਾਂ ਜੋ ਕਲੱਬ ਦਾ ਕੰਮ ਹੋਰ ਵਧੀਆ ਤਰੀਕੇ ਨਾਲ ਚਲਾਇਆ ਜਾ ਸਕੇ। ਇਸ ਲਈ ਸਾਰੇ ਮੈਂਬਰਾ ਦੀ ਸਹਿਮਤੀ ਨਾਲ ਪੁਰਾਣੀ ਕਮੇਟੀ ਨੂੰ ਭੰਗ ਕੀਤਾ ਗਿਆ। ਨਵੀਂ ਕਮੇਟੀ ਦੀ ਚੋਣ ਸਬੰਧੀ ਸਾਰੇ ਮੈਂਬਰਾਂ ਦੀ ਸਹਿਮਤੀ ਨਾਲ ਇੱਕ ਛੇ ਮੈਂਬਰੀ ਕਮੇਟੀ ਗਠਿਤ ਕਰਕੇ ਚੋਣ ਕਰਨ ਦੇ ਸਾਰੇ ਅਧਿਕਾਰ ਉਸ ਕਮੇਟੀ ਨੂੰ ਦਿੱਤੇ ਗਏ। ਇਸ ਕਮੇਟੀ ਵਿੱਚ ਰਾਜਬਿੰਦਰ ਸਿੰਘ ਰਾਜਾ ਚੇਅਰਮੈਨ ਬਲਿਹਾਰ ਫਾਊਂਡੇਸ਼ਨ, ਮਹਿੰਦਰ ਸਿੰਘ ਭਗੀ, ਗੁਰਪ੍ਰੀਤ ਸਿੰਘ ਰੌਕੀ ਪ੍ਰਧਾਨ ਰੌਕੀ ਸਪੋਰਟਸ ਕਲੱਬ,ਰਾਜੀਵ ਡੋਡ,




ਬਲਵੀਰ ਸਿੰਘ ਅਤੇ ਜਗਦੇਵ ਸਿੰਘ ਢੱਲਾ ਨੂੰ ਸ਼ਾਮਲ ਕੀਤਾ ਗਿਆ। ਇਸ ਕਮੇਟੀ ਵੱਲੋਂ ਸਰਵਸੰਮਤੀ ਨਾਲ ਨਵੇਂ ਅਹੁਦੇਦਾਰ ਚੁਣੇ ਗਏ ਜਿਨ੍ਹਾਂ ਵਿੱਚ ਸਰਪਰਸਤ- ਬਲਵਿੰਦਰ ਸਿੰਘ ਰਿਟਾਇਰਡ ਇੰਸਪੈਕਟਰ ਫੂਡ ਸਪਲਾਈ, ਪ੍ਰਧਾਨ- ਗੁਰਜੰਗ ਸਿੰਘ ਰਿਟਾਇਰਡ ਵਣ ਰੇਂਜ ਅਫਸਰ, ਚੇਅਰਮੈਨ- ਰੇਸ਼ਮ ਸਿੰਘ ਬਰਾੜ, ਸੀਨੀ ਮੀਤ ਪ੍ਰਧਾਨ- ਭਿੰਦਰ ਸਿੰਘ ਬਰਾੜ, ਮੀਤ ਪ੍ਰਧਾਨ- ਜਗਦੇਵ ਸਿੰਘ ਢੱਲਾ, ਸਕੱਤਰ- ਮਾਸਟਰ ਸਵਰਨਜੀਤ ਸਿੰਘ, ਸਹਾ: ਸਕੱਤਰ- ਇਦਰਜੀਤ ਸਿੰਘ ਸਿੱਧੂ ਐਸ ਬੀ ਆਈ, ਖਜਾਨਚੀ- ਬਲਜੀਤ ਸਿੰਘ, ਸਹਾ: ਖਜਾਨਚੀ- ਜਗਜੀਤ ਸਿੰਘ, ਆਡੀਟਰ- ਡਾ: ਜਸਕਰਨ ਸਿੰਘ, ਪ੍ਰੈੱਸ ਸਕੱਤਰ- ਅਧਿਆਪਕ ਪ੍ਰਮੋਦ ਧੀਰ, ਕਾਨੂੰਨੀ ਸਲਾਹਕਾਰ- ਮਹਿੰਦਰ ਸਿੰਘ ਭਗੀ, ਸਲਾਹਕਾਰ- ਮਹੇਸ਼ਇੰਦਰ ਸਿੰਘ ਕੋਚਰ, ਸਲਾਹਕਾਰ- ਮਾਸਟਰ ਭੁਪਿੰਦਰਪਾਲ, ਸਲਾਹਕਾਰ- ਲੈਕਚਰਾਰ ਕੁਲਵੀਰ ਸਿੰਘ, ਸਲਾਹਕਾਰ- ਮਨੋਜ ਗੋਇਲ ਐਲ ਆਈ ਸੀ ਆਦਿ ਨੂੰ ਚੁਣਿਆ ਗਿਆ। ਇਸ ਚੋਣ ਇਜਲਾਸ ਦੀ ਕਰਵਾਈ ਮਾਸਟਰ ਸਵਰਨਜੀਤ ਸਿੰਘ ਵੱਲੋਂ ਚਲਾਈ ਗਈ। ਇਸ ਚੋਣ ਇਜਲਾਸ ਵਿੱਚ ਨਿਊ ਗੰਗਸਰ ਸਪੋਰਟਸ ਕਲੱਬ ਦੇ ਪ੍ਰਧਾਨ ਗੁਰਵੀਰ ਸਿੰਘ ਬਰਾੜ ਤੇ ਹੋਰ ਮੈਂਬਰ ਸਾਹਿਬਾਨ, ਬਲਿਹਾਰ ਫਾਊਂਡੇਸ਼ਨ ਦੇ ਚੇਅਰਮੈਨ ਰਾਜਬਿੰਦਰ ਸਿੰਘ ਰਾਜਾ ਤੇ ਹੋਰ ਮੈਂਬਰ, ਰੌਕੀ ਸਪੋਰਟਸ ਕਲੱਬ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਰੌਕੀ ਤੇ ਹੋਰ ਮੈਂਬਰ ਸਾਹਿਬਾਨ ਹਾਜ਼ਰ ਸਨ। ਸਾਰੇ ਚੁਣੇ ਗਏ ਆਗੂਆਂ ਨੇ ਕਿਹਾ ਕਿ ਉਹ ਜੈਤੋ ਸ਼ਹਿਰ ਨੂੰ ਹਰਿਆ ਭਰਿਆ ਬਣਾਉਣ ਲਈ ਜਿਸ ਤਰ੍ਹਾਂ ਪਹਿਲਾਂ ਵੀ ਸੇਵਾਵਾਂ ਨਿਭਾਉਂਦੇ ਆ ਰਹੇ ਹਨ ਤੇ 2012 ਤੋਂ ਲਗਾਤਾਰ ਹੁਣ ਤੱਕ ਜੈਤੋ ਸ਼ਹਿਰ ਵਿਚ ਆਸ ਪਾਸ 10 ਹਜ਼ਾਰ ਤੋਂ ਉਪਰ ਰੁੱਖ ਲਗਾ ਕੇ ਪਾਲ ਚੁੱਕੇ ਹਨ ਉਸੇ ਤਰ੍ਹਾਂ ਇਲਾਕੇ ਵਿਚ ਹੋਰ ਰੁੱਖ ਲਗਾਉਣ ਅਤੇ ਵਾਤਾਵਰਨ ਨੂੰ ਸਾਫ਼ ਸੁਥਰਾ ਬਣਾਉਣ ਵਿੱਚ ਭਰਪੂਰ ਸਹਿਯੋਗ ਦਿੰਦੇ ਰਹਿਣਗੇ। ਸਭ ਹਾਜ਼ਰ ਬਾਕੀ ਮੈਂਬਰਾਂ ਨੇ ਨਵੀਂ ਚੁਣੀ ਗਈ ਉੱਦਮ ਕਲੱਬ ਜੈਤੋ ਦੇ ਅਹੁਦੇਦਾਰਾਂ ਦੀ ਟੀਮ ਨੂੰ ਮੁਬਾਰਕਾਂ ਦਿੱਤੀਆਂ।

# ਪਿੰਡ ਪੂਹਲਾ ਵਿਖੇ ਹੋਈ ਫਾਇਰਿੰਗ ਮਾਮਲੇ ਵਿੱਚ ਨਾਮਜਦ ਵਿਅਕਤੀ ਕਾਬੂ

## ਮਾੜੇ ਅਨਸਰਾਂ ਵਿਰੁੱਧ ਪੁਲਿਸ ਪੂਰੀ ਤਰ੍ਹਾਂ ਮੁਸਤੈਦ :- ਹਰਜੀਤ ਸਿੰਘ ਮਾਨ ਮੁੱਖ ਥਾਣਾ ਅਫਸਰ ਨਥਾਣਾ

ਪੰਜਾਬ ਦਾ ਖੁਲਾਸਾ

ਬਠਿੰਡਾ, 12 ਨਵੰਬਰ ( ਰਾਮ ਸਿੰਘ ਕਲਿਆਣ )- ਥਾਣਾ ਨਥਾਣਾ ਅਧੀਨ ਪੈਂਦੇ ਪਿੰਡ ਪੂਹਲਾ ਵਿਖੇ ਘਰੇਲੂ ਝਗੜੇ ਕਾਰਨ ਗੋਲੀ ਚਲਾਉਣ ਵਾਲੇ ਮਾਮਲੇ ਵਿੱਚ ਨਾਮਜ਼ਦ ਨੌਜਵਾਨ ਇੰਦਰਜੀਤ ਸਿੰਘ ਨੂੰ ਥਾਣਾ ਨਥਾਣਾ ਪੁਲਿਸ ਨੇ ਗ੍ਰਿਫਤਾਰ ਕਰ ਲਿਆ ਹੈ। ਇਸ ਸਬੰਧੀ ਥਾਣਾ ਨਥਾਣਾ ਮੁਖੀ ਹਰਜੀਤ ਸਿੰਘ ਮਾਨ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸੀਨੀਅਰ ਪੁਲਿਸ ਕਪਤਾਨ ਬਠਿੰਡਾ ਅਵਨੀਤ ਕੌਂਡਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਥਾਣਾ ਨਥਾਣਾ ਪੁਲਿਸ ਵੱਲੋਂ ਸਮਾਜ ਵਿੱਚ ਮਾੜੇ ਅਨਸਰਾਂ ਵਿਰੁੱਧ ਮੁਸਤੈਦੀ ਨਾਲ ਕੰਮ ਕੀਤਾ ਜਾ ਰਿਹਾ ਹੈ ਜਿਸੇ ਤਹਿਤ ਪੁਲਿਸ ਥਾਣਾ ਨਥਾਣਾ ਅਧੀਨ ਪੈਂਦੇ ਪਿੰਡ ਪੂਹਲਾ ਵਿਖੇ ਹੋਈ ਫਾਇਰਿੰਗ ਮਾਮਲੇ ਵਿੱਚ ਨਾਮਜਦ ਵਿਅਕਤੀ ਨੂੰ ਉਸੇ ਦਿਨ ਗਿਰਫਤਾਰ ਕਰਨ ਵਿੱਚ ਸਫਲਤਾ ਹਾਸਿਲ ਕੀਤੀ। ਪੁਲਿਸ ਤੋਂ ਪ੍ਰਾਪਤ ਹੋਈ ਜਾਣਕਾਰੀ ਅਨੁਸਾਰ ਪਰਮਜੀਤ ਕੌਰ ਪਤਨੀ ਸੁਖਜਿੰਦਰ ਸਿੰਘ ਨੇ ਥਾਣਾ ਨਥਾਣਾ ਵਿਖੇ ਆਪਣੇ ਬਿਆਨ ਦਰਜ ਕਰਵਾਏ ਹਨ ਕਿ ਜਮੀਨ ਦੇ ਬਟਵਾਰੇ ਦੇ ਝਗੜੇ ਦੌਰਾਨ ਉਸਦੇ ਪੁੱਤਰ ਵੱਲੋਂ ਆਪਣੇ ਪਿਤਾ ਦੀ ਲਾਇਸੰਸ 12 ਬੋਰ ਰਾਇਫਲ ਨਾਲ ਆਪਣੇ ਪਿਤਾ ਸੁਖਜਿੰਦਰ ਸਿੰਘ ਪੁੱਤਰ ਮੁਖਤਿਆਰ



ਸਿੰਘ ਅਤੇ ਮੈਨੂੰ ਮਾਰ ਦੇਣ ਦੀ ਨੀਅਤ ਨਾਲ ਫਾਇਰ ਕੀਤਾ ਜਿਸ ਨਾਲ ਕਥਿਤ ਦੋਸੀ ਵਿਅਕਤੀ ਇੰਦਰਜੀਤ ਸਿੰਘ ਦੀ ਪਤਨੀ ਦੇ ਭਰਾ ਆਕਾਸ਼ਦੀਪ ਸਿੰਘ ਪੁੱਤਰ ਸੁਖਦੇਵ ਸਿੰਘ ਨਿਵਾਸੀ ਡੱਬਵਾਲੀ ਢਾਬ ਹਰਿਆਣਾ ਜ਼ਖਮੀ ਹੋ ਗਿਆ ਜਿਸ ਨੂੰ ਕਮਿਊਨਿਟੀ ਹੈਲਥ ਸੈਂਟਰ ਨਥਾਣਾ ਵਿਖੇ ਦਾਖਲ ਕਰਵਾਇਆ ਗਿਆ ਅਤੇ ਉਸ ਦੇ ਪਤੀ ਸੁਖਜਿੰਦਰ ਸਿੰਘ ਅਤੇ ਉਸ ਦੇ ਪੈਰ ਉੱਤੇ ਵੀ ਕੁਝ ਛਰੇ ਲੱਗੇ ਹਨ ਇਸ ਫਾਇਰਿੰਗ ਮਾਮਲੇ ਵਿੱਚ ਪੁਲਿਸ ਥਾਣਾ ਨਥਾਣਾ ਨੇ ਥਾਣਾ ਨਥਾਣਾ ਵਿਖੇ 109 ,351 (2) ਬੀਐਨਐਸ 25 , 54 , 59 ਅਸਲਾ ਐਕਟ ਤਹਿਤ ਮੁਕਦਮਾ ਨੰਬਰ 143 ਦਰਜ ਕਰਕੇ ਕਥਿਤ ਦੋਸ਼ੀ ਨੂੰ ਹਵਾਲਾਤ ਵਿੱਚ ਬੰਦ ਕਰ ਦਿੱਤਾ ਹੈ ਅਤੇ ਇਸ ਮਾਮਲੇ ਦੀ ਜਾਂਚ ਮੁੱਖ ਥਾਣਾ ਅਫਸਰ ਹਰਜੀਤ ਸਿੰਘ ਮਾਨ ਕਰ ਰਹੇ ਹਨ। ਪੁਲਿਸ ਅਧਿਕਾਰੀਆਂ ਨੇ ਦੱਸਿਆ ਕਿ ਕਥਿਤ ਦੋਸ਼ੀ ਨੂੰ ਜਲਦੀ ਹੀ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਅਗਾਊਂ ਕਾਰਵਾਈ ਕੀਤੀ ਜਾਵੇਗੀ।

# ਡੀ ਏ ਪੀ ਅਤੇ ਹੋਰ ਫਾਸਫੈਟਿਕ ਖਾਦਾਂ ਦੀ ਵਿਕਰੀ ਸਮੇਂ ਕਿਸਾਨਾਂ ਨੂੰ ਹੋਰ ਗੈਰ ਜ਼ਰੂਰੀ ਵਸਤਾਂ ਵੇਚਣ ਤੋਂ .ਗੁਰੇਜ਼ ਕੀਤਾ ਜਾਵੇ- ਮੁੱਖ ਖੇਤੀਬਾੜੀ ਅਫਸਰ

ਪੰਜਾਬ ਦਾ ਖੁਲਾਸਾ

ਫਰੀਦਕੋਟ 12 ਨਵੰਬਰ (ਗੁਰਦੀਪ ਸਿੰਘ ਢਿੱਲੋਂ) ਡਿਪਟੀ ਕਮਿਸ਼ਨਰ ਸ੍ਰੀ ਵਿਨੀਤ ਕੁਮਾਰ ਦੇ ਹੁਕਮਾਂ ਤੇ ਕਿਸਾਨਾਂ ਨੂੰ ਹਾੜੀ ਦੀਆਂ ਫਸਲਾਂ ਦੀ ਕਾਸ਼ਤ ਲਈ ਲੋੜੀਂਦੀਆਂ ਖਾਦਾਂ ਮੁਹੱਈਆ ਕਰਵਾਉਣ ਦੇ ਮੰਤਵ ਨਾਲ ਕੀਤੇ ਆਦੇਸ਼ਾਂ ਦੀ ਪਾਲਣਾ ਕਰਦਿਆਂ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੀ ਟੀਮ ਵੱਲੋਂ ਜ਼ਿਲ੍ਹਾ ਫਰੀਦਕੋਟ ਵਿੱਚ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ ਤਹਿਤ ਸ਼ਹਿਰ ਫ਼ਰੀਦਕੋਟ ਦੇ ਖਾਦ ਵਿਕ੍ਰੇਤਾਵਾਂ ਦੇ ਕਾਰੋਬਾਰ ਨਾਲ ਸੰਬੰਧਤ ਦੁਕਾਨਾਂ ਅਤੇ ਗੋਦਾਮਾਂ ਦੀ ਅਚਨਚੇਤ ਚੈਕਿੰਗ ਕੀਤੀ ਗਈ। ਜਿਸ ਦੀ ਅਗਵਾਈ ਮੁੱਖ ਖੇਤੀਬਾੜੀ ਅਫਸਰ ਫਰੀਦਕੋਟ ਡਾ. ਅਮਰੀਕ ਸਿੰਘ ਬਲਾਕ ਖੇਤੀਬਾੜੀ ਅਫਸਰ ਵੱਲੋਂ ਕੀਤੀ ਗਈ ਅਤੇ ਟੀਮ ਵਿੱਚ ਹੋਰਨਾਂ ਤੋਂ ਇਲਾਵਾ ਡਾ. ਗੁਰਪ੍ਰੀਤ ਸਿੰਘ ਬਲਾਕ ਖੇਤੀਬਾੜੀ ਅਫ਼ਸਰ,ਨਾਇਬ ਤਹਿਸੀਲਦਾਰ ਹਰਸ਼ ਗਰਗ , ਡਾ.ਰਮਨਦੀਪ ਸਿੰਘ , ਡਾ.ਜਤਿੰਦਰ ਪਾਲ ਸਿੰਘ ਖੇਤੀਬਾੜੀ ਵਿਕਾਸ ਅਫਸਰ ਇੰਫੋਰਸਮੈਂਟ ਅਤੇ ਖੇਤੀ ਉਪ ਨਿਰੀਖਕ ਹਰਜਿੰਦਰ ਸਿੰਘ ਅਤੇ ਨਰਿੰਦਰ ਕੁਮਾਰ ਸ਼ਾਮਿਲ ਸਨ।



ਗੱਲਬਾਤ ਕਰਦਿਆਂ ਡਾ. ਅਮਰੀਕ ਸਿੰਘ ਮੁੱਖ ਖੇਤੀਬਾੜੀ ਅਫਸਰ ਨੇ ਦੱਸਿਆ ਕਿ ਜਿਲ੍ਹਾ ਫਰੀਦਕੋਟ ਵਿੱਚ ਡੀ ਏ ਪੀ ਖਾਦ ਦੀ ਕਾਲਾਬਜ਼ਾਰੀ ਅਤੇ ਜਮਾਂ ਖੋਰੀ ਵਿਰੁੱਧ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ ਤਾਂ ਕਿਸਾਨਾਂ ਨੂੰ ਡੀ.ਏ.ਪੀ ਖਾਦ ਜ਼ਰੂਰਤ ਅਨੁਸਾਰ ਮਿਲਣ ਵਿਚ ਕੋਈ ਮੁਸ਼ਕਲ ਪੇਸ਼ ਨਾ ਆਵੇ। ਉਨਾਂ ਦੱਸਿਆ ਕਿ ਖਾਦ ਵਿਕਰੇਤਾਵਾਂ ਨੂੰ ਇਹ ਵੀ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ ਕਿ ਰੋਜ਼ਾਨਾ ਦੁਕਾਨ ਤੇ ਖਾਦ ਦਾ ਸਟਾਕ ਬੋਰਡ ਵਿਚ ਸਟਾਕ ਵਿਚ ਮੌਜੂਦ ਖਾਦ ਦੀ ਮਾਤਰਾ ਅਤੇ ਕੀਮਤ ਲਿਖੀ ਹੋਣੀ ਚਾਹੀਦੀ ਹੈ। ਉਨਾਂ ਦੱਸਿਆ ਕਿ ਕਣਕ ਦੀ ਫ਼ਸਲ ਲਈ ਫਾਸਫੋਰਸ ਖੁਰਾਕੀ ਤੱਤ ਦੀ ਜ਼ਰੂਰਤ ਹੁੰਦੀ ਹੈ ਜਿਸ ਦੀ ਪੂਰਤੀ ਲਈ ਕਿਸਾਨਾਂ ਵੱਲੋਂ ਡੀ ਏ ਪੀ ਖਾਦ ਦੀ ਬਿਜਾਈ ਸਮੇਂ ਵਰਤੋਂ ਕੀਤੀ ਜਾਂਦੀ ਹੈ।

ਉਨਾਂ ਦੱਸਿਆ ਕਿ ਡੀ ਏ ਪੀ ਖਾਦ ਦੇ ਬਦਲ ਵੱਜੋਂ ਕਿਸਾਨ ਖਾਦ ਅਤੇ ਟ੍ਰਿਪਲ ਸੁਪਰ ਫਾਸਫੇਟ ਖਾਦ ,ਸਿੰਗਲ ਸੁਪਰ ਫਾਸਫੇਟ ਅਤੇ ਹੋਰ ਫਾਸਫੈਟਿਕ ਖਾਦਾਂ ਦੀ ਵੀ ਵਰਤੋਂ ਕੀਤੀ ਜਾ ਸਕਦੀ ਹੈ। ਉਨ੍ਹਾਂ ਦੱਸਿਆ ਕਿ ਟ੍ਰਿਪਲ ਸਪਰ ਫਾਸਫੇਟ ਵਿੱਚ ਡੀ ਏ ਪੀ ਵਾਂਗੂ 46% ਫਾਸਫੋਰਸ ਤੱਤ ਹੁੰਦਾ ਹੈ ਅਤੇ ਇਸ ਦੀ ਕੀਮਤ ਪ੍ਰਤੀ ਬੋਰੀ 1250/-ਰੁਪਏ ਹੈ ਜਦ ਕਿ ਡੀ ਏ ਪੀ ਦੀ ਕੀਮਤ ਪ੍ਰਤੀ ਬੈਗ 1350/- ਰੁਪਏ ਹੈ।ਉਨਾਂ ਦੱਸਿਆ ਕਿ ਕਿਸਾਨ ਖਾਦ ਦੀ ਵਰਤੋਂ ਵੀ ਡੀ ਏ ਪੀ ਦੇ ਬਦਲ ਵੱਜੋਂ ਕੀਤੀ ਜਾ ਸਕਦੀ ਹੈ।

ਉਨਾਂ ਖਾਦ ਵਿਕ੍ਰੇਤਾਵਾਂ ਨੂੰ ਹਦਾਇਤ ਕੀਤੀ ਕਿ ਪੌਸ ਮਸ਼ੀਨਾਂ ਵਿੱਚ ਮੌਜੂਦ ਵਿਕਰੀ ਕੀਤੀ ਖਾਦ ਦਾ ਸਟਾਕ ਨਿਲ ਕੀਤੀ ਜਾਵੇ ਅਤੇ ਇਹ ਯਕੀਨੀ ਬਣਾਇਆ ਜਾਵੇ ਕਿ ਪੌਸ ਮਸ਼ੀਨਾਂ ਅਤੇ ਦੁਕਾਨ ਤੇ ਅਣਵਿਕੀ ਖਾਦ ਦਾ ਸਟਾਕ ਇਕਸਾਰ ਹੋਵੇ ਤਾਂ ਜੋ ਜ਼ਰੂਰਤ ਅਨੁਸਾਰ ਭਾਰਤ ਸਰਕਾਰ ਤੋਂ ਡੀ ਏ ਪੀ ਖਾਦ ਮਿਲ ਸਕੇ।ਉਨਾਂ ਸਮੂਹ ਡੀਲਰਾਂ ਨੂੰ ਇਹ ਵੀ ਹਦਾਇਤ ਕੀਤੀ ਕਿ ਉਹ ਆਪਣੇ ਲਾਇਸੰਸ ਅਤੇ ਹੋਰ ਜਰੂਰੀ ਦਸਤਾਵੇਜ ਪੂਰੇ ਕਰਕੇ ਰੱਖਣ ਅਤੇ ਇਸ ਵਿੱਚ ਕਿਸੇ ਵੀ ਤਰ੍ਹਾ ਦੀ ਕੁਤਾਹੀ ਨਾ ਵਰਤੀ ਜਾਵੇ ।ਉਨਾਂ ਕਿਹਾ ਕਿ ਡੀਲਰਾਂ ਵੱਲੋਂ ਕਿਸਾਨਾਂ ਨੂੰ ਜੋ ਵੀ ਖੇਤੀ ਸਮੱਗਰੀ ਦੀ ਵਿਕਰੀ ਕੀਤੀ ਜਾਂਦੀ ਹੈ , ਉਸ ਦਾ ਪੱਕਾ ਬਿੱਲ ਕੱਟ ਕੇ ਦਿੱਤਾ ਜਾਵੇ ਅਤੇ ਕੇਵਲ ਲੋੜੀਂਦੀ ਸਮੱਗਰੀ ਹੀ ਕਿਸਾਨਾਂ ਨੂੰ ਵਿਕਰੀ ਕੀਤੀ ਜਾਵੇ ਅਤੇ ਕੋਈ ਹੋਰ ਬੇਲੋੜੀਆਂ ਵਸਤਾਂ ਕਿਸਾਨਾਂ ਨੂੰ ਨਾ ਦਿੱਤੀਆਂ ਜਾਣ ।ਉਨਾਂ ਕਿਹਾ ਕਿ ਚੈਕਿੰਗ ਦੌਰਾਨ ਜੇਕਰ ਕੋਈ ਦੁਕਾਨਦਾਰ ਬਗੈਰ ਬਿੱਲ ਤੋਂ ਖਾਦ,ਦਵਾਈ ਜਾਂ ਬੀਜ ਵੇਚਦਾ ਪਾਇਆ ਗਿਆ ਤਾਂ ਉਸ ਵਿਰੁੱਧ ਖਾਦ ਕੰਟਰੋਲ ਆਰਡਰ 1985 ਤਹਿਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਉਨਾਂ ਕਿਸਾਨਾਂ ਨੂੰ ਵੀ ਅਪੀਲ ਕੀਤੀ ਕਿ ਖਾਦ,ਕੀਟਨਾਸ਼ਕ ਰਸਾਇਣ ਜਾਂ ਬੀਜ ਖ਼ੀਦਣ ਸਮੇਂ ਦੁਕਾਨਦਾਰ ਤੋਂ ਬਿੱਲ ਜ਼ਰੂਰ ਲੈਣ ਅਤੇ ਜੇਕਰ ਕੋਈ ਡੀਲਰ ਬਿੱਲ ਦੇਣ ਤੋਂ ਇਨਕਾਰੀ ਹੁੰਦਾ ਹੈ ਤਾਂ ਉਸ ਦੀ ਲਿਖਤੀ ਤੌਰ ਤੇ ਸ਼ਿਕਾਇਤ ਸੰਬੰਧਤ ਖੇਤੀਬਾੜੀ ਅਧਿਕਾਰੀ ਜਾਂ ਮੁੱਖ ਖੇਤੀਬਾੜੀ ਅਫਸਰ ਨੂੰ ਕਰਨ। ਚੈਕਿੰਗ ਦੌਰਾਨ ਜਿਨ੍ਹਾਂ ਖਾਦ ਵਿਕਰੇਤਾਵਾਂ ਦੇ ਰਿਕਾਰਡ ਵਿਚ ਕਮੀਆਂ ਪਾਈਆਂ ਗਈਆਂ ,ਉਨਾਂ ਨੂੰ ਕਾਰਨ ਦਸੋ ਨੋਟਿਸ ਵੀ ਜਾਰੀ ਕੀਤੇ ਗਏ।

# ਭਾਰਤ ਸਰਕਾਰ ਵੱਲੋਂ ਸਾਲ 2024 ਲਈ ਦਿੱਤੇ ਜਾਣ ਵਾਲੇ ਐਵਾਰਡਾਂ ਲਈ ਨੋਮੀਨੇਸ਼ਨ ਲਈ 14 ਨਵੰਬਰ ਤੱਕ ਕੀਤਾ ਜਾ ਸਕਦਾ ਹੈ ਅਪਲਾਈ

ਪੰਜਾਬ ਦਾ ਖੁਲਾਸਾ



ਫਰੀਦਕੋਟ 12 ਨਵੰਬਰ (ਗੁਰਦੀਪ ਸਿੰਘ ਢਿੱਲੋਂ)- ਭਾਰਤ ਸਰਕਾਰ ਖੇਡਾਂ ਅਤੇ ਯੁਵਕ ਸੇਵਾਵਾਂ ਵਿਭਾਗ ਵੱਲੋਂ ਯੋਗ ਖਿਡਾਰੀਆਂ ਅਤੇ ਕੋਚਿਜ਼ ਨੂੰ ਸਾਲ 2024 ਲਈ ਅਰਜੁਨਾ ਐਵਾਰਡ, ਮੇਜਰ ਧਿਆਨ ਚੰਦ ਖੇਲ ਰਤਨ ਐਵਾਰਡ, ਦਰੋਣਾਚਾਰੀਆਂ ਐਵਾਰਡ ਅਤੇ ਰਾਸ਼ਟਰੀ ਖੇਲ ਪ੍ਰੋਤਸਾਹਨ ਪੁਰਸਕਾਰ ਦੇਣ ਲਈ ਆਨਲਾਈਨ ਅਰਜੀਆਂ ਦੀ ਮੰਗ ਕੀਤੀ ਗਈ ਹੈ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ੍ਰੀ ਵਿਨੀਤ ਕੁਮਾਰ ਨੇ ਦਿੱਤੀ।

ਇਸ ਸਬੰਧੀ ਹੋਰ ਵਧੇਰੇ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ੍ਰੀ ਵਿਨੀਤ ਕੁਮਾਰ ਨੇ ਦੱਸਿਆ ਕਿ ਯੋਗ ਖਿਡਾਰੀ ਅਤੇ ਕੋਚਿਜ਼ ਜੋ ਇਨ੍ਹਾਂ ਐਵਾਰਡਾਂ ਲਈ ਨਿਯਮ ਅਤੇ ਸ਼ਰਤਾਂ ਪੂਰੀਆਂ ਕਰਦੇ ਹਨ, ਉਹ dbytas-sports.gov.in ਤੇ ਮਿਤੀ 14 ਨਵੰਬਰ ਤੱਕ ਆਨਲਾਈਨ ਅਪਲਾਈ ਕਰ ਸਕਦੇ ਹਨ।

ਉਨ੍ਹਾਂ ਕਿਹਾ ਕਿ ਜੇਕਰ ਕਿਸੇ ਨੂੰ ਆਨਲਾਈਨ ਐਪਲੀਕੇਸ਼ਨ ਫਾਰਮ ਭਰਨ ਸਮੇਂ ਕਿਸੇ ਪ੍ਰਕਾਰ ਦਿੱਕਤ ਪੇਸ਼ ਆਉਂਦੀ ਹੈ ਤਾਂ ਉਹ ਖੇਡ ਵਿਭਾਗ ਨਾਲ sport-sawards-moyas'gov.in ਤੇ ਅਤੇ ਟੈਲੀਫੋਨ ਨੰਬਰ 011-233-87432 ਤੇ ਕੰਮ ਕਾਜ ਵਾਲੇ ਦਿਨ ਸਵੇਰੇ 9 ਵਜੇ ਤੋਂ ਸ਼ਾਮ 5.30 ਤੱਕ ਸੰਪਰਕ ਕਰ ਸਕਦੇ ਹਨ। ਇਸ ਤੋਂ ਇਲਾਵਾ ਟੋਲ ਟ੍ਰੀ ਨੰਬਰ 1800-202-5155 ਅਤੇ 1800-258-5155 ਤੇ ਕੰਮ ਕਾਜ ਵਾਲੇ ਦਿਨ ਸਵੇਰੇ 8 ਤੋਂ ਸ਼ਾਮ 8 ਵਜੇ ਤੱਕ ਸੰਪਰਕ ਕੀਤਾ ਜਾ ਸਕਦਾ ਹੈ। ਉਨ੍ਹਾਂ ਜਿਲ੍ਹੇ ਦੇ ਸਮੂਹ ਖਿਡਾਰੀਆਂ ਅਤੇ ਕੋਚਿਜ਼ ਜੋ ਇਨ੍ਹਾਂ ਐਵਾਰਡਾਂ ਲਈ ਸ਼ਰਤਾਂ ਪੂਰੀਆਂ ਕਰਦੇ ਹਨ, ਨੂੰ ਵੱਧ ਵੱਧ ਅਪਲਾਈ ਕਰਨ ਦੀ ਅਪੀਲ ਕੀਤੀ।

# ਵਾਹਿਗੁਰੂ ਇੰਟਰਪ੍ਰਾਈਜਿਜ ਦੇ ਵਿਦਿਆਰਥੀ ਨੇ PTE ਵਿੱਚੋਂ ਹਾਂਸਲ ਕੀਤੇ 64 ਸਕੋਰ

ਪੰਜਾਬ ਦਾ ਖੁਲਾਸਾ

**ਸ੍ਰੀ ਗੋਇੰਦਵਾਲ ਸਾਹਿਬ, 12 ਨਵੰਬਰ ਕਰਨੈਲ ਸਿੰਘ ਰਿਕੂ** -ਸ੍ਰੀ ਗੋਇੰਦਵਾਲ ਸਾਹਿਬ, ਮਾਝੇ ਇਲਾਕੇ ਦੀ ਨਾਮਵਰ ਸੰਸਥਾ ਵਾਹਿਗੁਰੂ ਇੰਟਰਪ੍ਰਾਈਜਿਜ ਦੇ ਵਿਦਿਆਰਥੀ ਚਰਨਪ੍ਰੀਤ ਸਿੰਘ, ਨੇ PTE ਵਿੱਚੋਂ 64 ਸਕੋਰ ਪ੍ਰਾਪਤ ਕਰਕੇ ਇੱਥੇ ਸੰਸਥਾ ਦਾ ਨਾਮ ਰੋਸ਼ਨ ਕੀਤਾ ਹੈ ਉੱਥੇ ਅਪਣਾ ਵਿਦੇਸ਼ ਜਾਣ ਦਾ ਰਾਹ ਬਣਾ ਲਿਆ ਹੈ।ਇਸ ਵਿਦਿਆਰਥੀ ਨੇ ਲਿਸਨਿਗ ਵਿੱਚ 64, ਸਪੀਕਿੰਗ ਵਿੱਚ 73, ਰੀਡਿੰਗ ਵਿੱਚ 63 ਤੇ ਲਿਖਾਈ ਵਿੱਚੋਂ 62 ਸਕੋਰ ਪ੍ਰਾਪਤ ਕੀਤੇ ਹਨ ਪੱਤਰਕਾਰਾਂ ਨਾਲ ਗੱਲ-ਬਾਤ ਕਰਦਿਆਂ ਸੰਸ਼ਥਾ ਦੇ ਐਮ.ਡੀ ਰਾਜਵਿੰਦਰ ਸਿੰਘ ਨੇ ਕਿਹਾ ਕੇ ਸੰਸਥਾ ਵੱਲੋਂ ਵਿਦਿਆਰਥੀਆ ਲਈ ਇਸ ਮੌਕੇ 30%ਸਪੈਸਲ ਡਿਸਕਾਊਂਟ ਦਿੱਤਾ ਜਾ ਰਿਹਾ ਹੈ।ਇਸ ਲਈ ਵਿਦਿਆਰਥੀ ਇਸ ਮੌਕੇ ਲਿਮਿਟਡ ਸੀਟਾਂ ਬੁੱਕ ਕਰਵਾ ਸਕਦੇ ਹਨ ਵਰਨਣਯੋਗ ਹੈ ਕੇ ਇਸ ਸੰਸਥਾ ਦੀ ਸੁਚੱਜੀ ਕਾਰਜਕਾਰੀ ਕਰਕੇ ਜਿੱਥੇ ਵੱਡੀ ਗਿਣਤੀ ਵਿੱਚ ਵਿਦੇਸ਼ ਜਾਣ ਦਾ ਸੁਫਨਾ ਪੂਰਾ ਕਰਣ ਵਾਲੇ ਨੋਜਵਾਨ ਇਸ ਸੰਸ਼ਥਾ ਨਾਲ ਜੁੜ ਰਹੇ ਹਨ ਉੱਥੇ ਸੰਸਥਾ ਦੁਆਰਾਂ ਵਿਦੇਸ਼ਾਂ ਚ ਭੇਜੇ ਸਟੂਡੈਂਟ ਅਪਣਾ ਸੁਨਹਿਰਾ ਭਵਿੱਖ ਸਿਰਜ ਚੁੱਕੇ ਹਨ।



# ਸਰਵਹਿੱਤਕਾਰੀ ਵਿੱਦਿਆ ਮੰਦਰ ਭੀਖੀ ਵਿਖੇ ਬੱਚਿਆਂ ਨੂੰ ਸਿਹਤ ਸੰਬੰਧੀ ਕੀਤਾ ਗਿਆ ਜਾਗਰੂਕ

ਪੰਜਾਬ ਦਾ ਖੁਲਾਸਾ

**ਭੀਖੀ, 12 ਨਵੰਬਰ( ਕਮਲ ਜਿੰਦਲ )-** ਸਰਵਹਿੱਤਕਾਰੀ ਵਿੱਦਿਆ ਮੰਦਰ ਭੀਖੀ ਵਿਖੇ ਸਿਹਤ ਵਿਭਾਗ ਭੀਖੀ ਦੀ ਪੂਰੀ ਟੀਮ ਵੱਲੋਂ ਵਿਦਆਰਥੀਆਂ ਨੂੰ ਡੇਂਗੂ ਬਾਰੇ ਜਾਗਰੂਕ ਕੀਤਾ ਗਿਆ। ਇਸ ਮੌਕੇ ਜਾਣਕਾਰੀ ਦਿੰਦਿਆਂ ਸਕੂਲ ਪ੍ਰਿੰਸੀਪਲ ਡਾ: ਗਗਨਦੀਪ ਪਰਾਸ਼ਰ ਨੇ ਦੱਸਿਆ ਕਿ ਵਰਤਮਾਨ ਸਮੇਂ ਡੇਂਗੂ, ਮਲੇਰੀਏ ਅਤੇ ਬੁਖਾਰ ਕਾਰਨ ਆ ਰਹੀਆਂ ਸਿਹਤ ਸਬੰਧੀ ਸਮੱਸਿਆਵਾਂ ਬਾਰੇ ਬੱਚਿਆਂ ਨੂੰ ਜਾਗਰੂਕ ਕਰਨ ਲਈ ਸਿਵਲ ਹਸਪਤਾਲ ਭੀਖੀ ਦੇ ਡੈਂਟਲ ਸਰਜਨ ਨਿਰਮਲ ਸਿੰਘ, ਮੈਡੀਕਲ ਅਫਸਰ ਕਮਲਜੀਤ ਸਿੰਘ, ਗੁਰਦੀਪ ਸਿੰਘ, ਰਿਟਾਇਰਡ ਫਾਰਮੇਸੀ ਅਫਸਰ ਸਕੂਲ ਪ੍ਰਬੰਧਕ ਕਮੇਟੀ ਦੇ ਸੀਨੀਅਰ ਮੈਂਬਰ ਡਾ. ਮੱਖਣ ਲਾਲ ਅਤੇ ਉਨ੍ਹਾਂ ਦੇ ਸਹਾਇਕ ਗੋਲਡੀ ਨੇ ਉਚੇਚੇ ਤੌਰ ਤੇ ਸ਼ਿਰਕਤ ਕੀਤੀ। ਇਸ ਮੌਕੇ ਪੂਰੀ ਸਿਹਤ ਵਿਭਾਗ ਦੀ ਟੀਮ ਵੱਲੋਂ ਸ਼ਿਸ਼ੂ ਵਾਟਿਕਾ ਦੇ 300 ਬੱਚਿਆਂ ਦਾ ਡੈਂਟਲ-ਚੈੱਕ ਅੱਪ ਕੀਤਾ ਗਿਆ ਅਤੇ ਆਉਣ ਵਾਲੇ ਦਿਨਾਂ ਵਿੱਚ ਪ੍ਰਾਇਮਰੀ ਵਿੰਗ ਦੇ 300 ਹੋਰ ਬੱਚਿਆਂ ਦਾ ਡੈਂਟਲ ਚੈੱਕ-ਅੱਪ ਕੀਤਾ ਜਾਵੇਗਾ । ਇਸ ਮੌਕੇ ਮੈਡੀਕਲ ਅਫਸਰ ਗੁਰਦੀਪ ਸਿੰਘ ਨੇ ਵਿਦਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਾਨੂੰ ਅੱਜ - ਕੱਲ੍ਹ ਘਰਾਂ ਵਿੱਚ ਖੜੇ ਪਾਣੀ ਨੂੰ ਤੁਰੰਤ ਹੀ ਕੱਢ ਦੇਣਾ ਚਾਹੀਦਾ ਹੈ ਕਿਉਂਕਿ ਇਹ ਪਾਣੀ ਬਿਮਾਰੀਆਂ ਨੂੰ ਸੱਦਾ ਦਿੰਦਾ ਹੈ। ਕੂਲਰਾਂ, ਗਮਲਿਆਂ ਅਤੇ ਘਰਾਂ ਦੇ ਆਸ- ਪਾਸ ਦਾ ਪਾਣੀ ਮੱਛਰ ਅਤੇ ਜ਼ਹਿਰੀਲੇ ਕੀਟਾਣੂਆਂ ਨੂੰ ਫੈਲਾਉਂਦਾ ਹੈ। ਉਹਨਾਂ ਜਾਣਕਾਰੀ ਦਿੰਦਿਆਂ ਅੱਗੇ ਕਿਹਾ ਕਿ ਸਾਨੂੰ ਆਪਣੇ ਘਰ ਅਤੇ ਆਸ - ਪਾਸ ਦੇ ਹੋਰਨਾਂ ਲੋਕਾਂ ਨੂੰ ਵੀ ਇਸ ਬਾਰੇ ਜਾਗਰੂਕ ਕਰਨਾ ਚਾਹੀਦਾ ਹੈ ਤਾਂ ਕਿ ਬਿਮਾਰੀਆਂ ਨੂੰ ਫੈਲਣ ਤੋਂ ਤੁਰੰਤ ਰੋਕਿਆ ਜਾਵੇ। ਇਸ ਦੌਰਾਨ ਉਹਨਾਂ ਵੱਲੋਂ ਦੱਸਿਆ ਗਿਆ ਕਿ ਜੇਕਰ ਲਗਾਤਾਰ ਬੁਖਾਰ ਹੋ ਰਿਹਾ ਹੈ ਤਾਂ ਸਾਨੂੰ ਤੁਰੰਤ ਹੀ ਇਸ ਦੀ ਜਾਂਚ ਕਰਵਾਉਣੀ ਚਾਹੀਦੀ ਹੈ ਅਤੇ ਡੇਂਗੂ ਮਲੇਰੀਏ ਦੇ ਵਧਦੇ ਪ੍ਰਕੋਪ ਨੂੰ ਰੋਕਣ ਲਈ ਲੋੜੀਂਦੇ ਦੇ ਟੈਸਟ ਵੀ ਕਰਵਾਉਣੇ ਚਾਹੀਦੇ ਹਨ। ਇਸ ਮੌਕੇ ਸਕੂਲ ਪ੍ਰਿੰਸੀਪਲ ਵੱਲੋਂ ਵਿਦਿਆਰਥੀਆਂ ਨੂੰ ਜਾਗਰੂਕ ਕਰਨ ਪਹੁੰਚੀ ਸਿਹਤ ਵਿਭਾਗ ਦੀ ਪੂਰੀ ਟੀਮ ਨੂੰ ਤਹਿ ਦਿਲੋਂ ਜੀ ਆਇਆ ਆਖਿਆ ਅਤੇ ਸਾਰਿਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ ।



# ਮਿਡਲ ਸਕੂਲ ਪਰਵੇਜ ਨਗਰ ਜ਼ਿਲ੍ਹੇ ਦੇ ਚੁਣੇ ਗਏ ਪਹਿਲੇ ਪੰਜ ਸਰਵਉਚ ਸਕੂਲਾਂ ਵਿੱਚ ਸ਼ਾਮਿਲ

ਪੰਜਾਬ ਦਾ ਖੁਲਾਸਾ

**ਫੱਤੂਢੀਂਗਾ 12 ਨਵੰਬਰ ਅਮਨਦੀਪ ਕੌਰ-** ਦਫਤਰ ਡਾਇਰੈਕਟਰ ਸਕੂਲ ਐਜੂਕੇਸ਼ਨ (ਸੈਕੰਡਰੀ) ਰਾਹੀ ਜਾਰੀ ਹਦਾਇਤਾ ਅਨੁਸਾਰ ਬੈਸਟ ਸਕੂਲ ਅਵਾਰਡ ਸਕੀਮ 2023-24 ਅਧੀਨ ਕਰਵਾਏ ਗਏ ਸਰਵੇਖਣ ਅਨੁਸਾਰ ਮਿਡਲ ਸਕੂਲ, ਹਾਈ ਸਕੂਲ ਅਤੇ ਸੀਨੀਅਰ ਸੈਕੰਡਰੀ ਸਕੂਲ ਦੇ ਡਾਟੇ ਅਨੁਸਾਰ ਜਿਲਾ ਪੱਧਰ ਤੇ 5. ਬੈਸਟ ਸਕੂਲ ਚੁਣੇ ਗਈ ਜਿੰਨਾ ਵਿੱਚ ਸਰਕਾਰੀ ਮਿਡਲ ਸਕੂਲ ਪਰਵੇਜ ਨਗਰ ਕਪੂਰਥਲਾ 3 ਵੀ ਸ਼ਾਮਿਲ ਹੈ। ਇਸ ਖਬਰ ਨਾਲ ਇਲਾਕੇ ਵਿੱਚ ਖੁਸ਼ੀ ਦਾ ਮਾਹੌਲ ਹੈ। ਪਿੰਡ ਦੇ ਪਤਵੰਤੇ ਸੱਜਣਾ ਸਰਪੰਚ ਜਸਵਿੰਦਰ ਸਿੰਘ, ਪ੍ਰਧਾਨ ਬਲਕਾਰ ਸਿੰਘ, ਮੈਂਬਰ ਪੰਚਾਇਤ ਸਤਬੀਰ ਸਿੰਘ, ਮੈਂਬਰ ਪੰਚਾਇਤ ਉਧਮ ਸਿੰਘ, ਮੈਂਬਰ ਪੰਚਾਇਤ ਹਰਜੀਤ ਸਿੰਘ, ਮੈਂਬਰ ਪੰਚਾਇਤ ਗੁਰਦੇਵ ਸਿੰਘ, ਸਕੂਲ ਚੇਅਰਮੈਨ ਅਜੀਤ ਸਿੰਘ, ਸਾਬਕਾ ਸਰਪੰਚ ਭੁਪਿੰਦਰ ਸਿੰਘ, ਜਸਵਿੰਦਰ ਸਿੰਘ,ਰਾਜਵਿੰਦਰ ਸਿੰਘ ਲੰਬਰਦਾਰ ਆਦਿ ਨੇ ਮੁੱਖ ਅਧਿਆਪਕ ਜਯੋਤੀ ਮਹਿੰਦਰੂ ਜੀ ਨੂੰ ਵਧਾਈ ਦਿੱਤੀ ਅਤੇ ਕਿਹਾ ਇਹ ਤੁਹਾਡੀ ਅਤੇ ਤੁਹਾਡੇ ਸਾਰੇ ਸਟਾਫ ਦੀ ਮਿਹਨਤ ਦਾ ਨਤੀਜਾ ਹੈ। ਮੁੱਖ ਅਧਿਆਪਕ ਸ਼੍ਰੀ ਜਯੋਤੀ ਮਹਿੰਦਰੂ ਅਤੇ ਸਮੂਹ ਸਟਾਫ ਸਰਬਜੀਤ ਸਿੰਘ, ਵਿਕਰਮ ਕੁਮਾਰ, ਅਨਮੋਲ ਸਹੋਤਾ,ਨਨਿੰਦਰ ਕੌਰ ਆਦਿ ਨੇ ਸਕੂਲ ਵਿਦਿਆਰਥੀਆ ਨਾਲ ਖੁਸ਼ੀ ਸਾਂਝੀ ਕੀਤੀ।




# ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਵਿਖੇ 15 ਨਵੰਬਰ ਨੂੰ ਮਨਾਇਆ ਜਾਵੇਗਾ ਸਿਮਰਨ ਦਿਵਸ

ਪੰਜਾਬ ਦਾ ਖੁਲਾਸਾ

ਅੰਮ੍ਰਿਤਸਰ12 ਨਵੰਬਰ (ਦਿਨੇਸ਼ ਸੋਨੀ)ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ



ਵਿਖੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਮਾਨਯੋਗ ਪੰਜ ਪਿਆਰੇ ਸਾਹਿਬਾਂਨ ਜੀ ਦੇ ਸਰਪ੍ਰਸਤੀ ਹੇਠ ਮਿਤੀ 15 ਨਵੰਬਰ 2024 ਨੂੰ ਸਿਮਰਨ ਦਿਵਸ ਸ਼ਾਮ ਠੀਕ 4.15 ਤੋਂ. 4.30 ਵੱਜੇ ਮਨਾਇਆ ਜਾ ਰਿਹਾ ਹੈ ਗੁਰਦਆਰਾ ਸੱਚਖੰਡ ਬੋਰਡ ਦੇ ਮੁੱਖ ਪ੍ਰਸਾਸ਼ਨਿਕ ਅਧਿਕਾਰੀ ਡਾ.ਵਿਜੈ ਸਤਬੀਰ ਸਿੰਘ ਸਾਬਕਾ(ਆਈ ਏ ਐਸ) ਨੇ ਸਮੂੰਹ ਸਾਧ ਸੰਗਤ ਨੂੰ ਸਤਿਕਾਰ ਸਹਿਤ ਬੇਨਤੀ ਕੀਤੀ ਕਿ ਇਸ ਸਮਾਗਮ ਵਿੱਚ ਦਰਸ਼ਨ ਦੇਣ ਦੀ ਕਿਰਪਾਲਤਾ ਕਰਨੀ ਜੀ।

# ਆਲ ਇੰਡੀਆ ਸਿੱਖ ਸਟੂਡੈਂਟ ਫੈਡਰੇਸ਼ਨ ਵੱਲੋਂ ਕਾਲਜ ਜੈਤੋ ਦੀ ਹੋਈ ਚੋਣ, ਗੁਰਪ੍ਰੀਤ ਸਿੰਘ ਬਣੇ ਪ੍ਰਧਾਨ

## ਸਾਨੂੰ ਕਾਲਜਾਂ 'ਚ ਗੁਰਮਤਿ ਦੇ ਕੈਂਪ ਲਾਉਣੇ ਚਾਹੀਦੇ ਹਨ : ਭਾਈ ਦਲੇਰ ਸਿੰਘ ਡੋਡ

ਪੰਜਾਬ ਦਾ ਖੁਲਾਸਾ

**ਜੈਤੋ,12 ਨਵੰਬਰ (ਮਨਜੀਤ ਸਿੰਘ ਢੱਲਾ)**-ਆਲ ਇੰਡੀਆ ਸਿੱਖ ਸਟੂਡੈਂਟ ਫੈਡਰੇਸ਼ਨ ਦੀ ਅਹਿਮ ਬੈਠਕ ਗੁਰਦੁਆਰਾ ਸ੍ਰੀ ਗੰਗਸਰ ਸਾਹਿਬ ਜੈਤੋ ਵਿਖੇ ਹੋਈ ਜਿਸ ਵਿੱਚ ਆਲ ਇੰਡੀਆ ਸਿੱਖ ਸਟੂਡੈਂਟ ਫੈਡਰੇਸ਼ਨ ਕਾਲਜ ਜੈਤੋ ਦੀ ਇਕਾਈ ਦਾ ਗਠਨ ਕੀਤਾ ਤੇ ਸਰਬਸੰਮਤੀ ਨਾਲ ਗੁਰਪ੍ਰੀਤ ਸਿੰਘ ਨੂੰ ਇਕਾਈ ਦਾ ਪ੍ਰਧਾਨ ਚੁਣਿਆ ਗਿਆ, ਇਸ ਮੌਕੇ ਵਿਸ਼ੇਸ਼ ਤੌਰ ਤੇ ਆਲ ਇੰਡੀਆ ਸਿੱਖ ਸਟੂਡੈਂਟ ਫੈਡਰੇਸ਼ਨ ਦੇ ਕੌਮੀ ਪ੍ਰਧਾਨ ਭਾਈ ਦਲੇਰ ਸਿੰਘ ਡੋਡ ਪਹੁੰਚੇ ਉਹਨਾਂ ਨੇ ਨੌਜਵਾਨਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਫੈਡਰੇਸ਼ਨ ਦੀ ਸਥਾਪਨਾ 1944 ਵਿੱਚ ਲਾਹੌਰ ਕਾਲਜ ਵਿੱਚ ਹੋਈ ਅਤੇ ਪਹਿਲੇ ਪ੍ਰਧਾਨ ਭਾਈ ਸਰੂਪ ਸਿੰਘ ਨੂੰ ਬਣਾਇਆ ਗਿਆ ਸੀ ਫੈਡਰੇਸ਼ਨ ਨੇ ਵਿਦਿਆਰਥੀਆਂ ਦੀਆਂ ਹੱਕੀ ਮੰਗਾਂ ਲਈ ਜਿੱਥੇ ਵੱਡਾ ਸੰਘਰਸ਼ ਲੜਿਆ ਤੇ ਉੱਥੇ ਗੁਰਮਤਿ ਦੇ ਕੈਂਪ ਵੀ ਕਾਲਜਾਂ ਵਿੱਚ ਲਾਏ ਨੌਜਵਾਨਾਂ ਨੂੰ ਸਿੱਖੀ ਨਾਲ ਜੋੜਿਆ ਤੇ ਸਿੱਖ ਸਿਧਾਂਤਾਂ ਨਾਲ ਜੋੜਿਆ ਅਤੇ ਸਿੱਖ ਲੀਡਰਸ਼ਿਪ ਪੈਦਾ ਕੀਤੀ ਅੱਜ ਸਮਾਂ ਮੰਗ ਕਰਦਾ ਹੈ ਕਿ ਸਾਨੂੰ ਕਾਲਜਾਂ ਵਿੱਚ ਗੁਰਮਤਿ ਦੇ ਕੈਂਪ ਲਾਉਣੇ ਚਾਹੀਦੇ ਹਨ ਅਤੇ ਸਿੱਖ ਨੌਜਵਾਨੀ ਨੂੰ ਸਿੱਖ ਸਿਧਾਂਤਾਂ ਤੋਂ ਜਾਣੂ ਕਰਾਉਣਾ ਚਾਹੀਦਾ ਹੈ ਇਸ ਲਈ ਅਸੀਂ ਫੈਡਰੇਸ਼ਨ ਦੀਆਂ ਇਕਾਈਆਂ ਵੱਖ ਵੱਖ ਕਾਲਜਾਂ ਵਿੱਚ ਗਠਨ ਕਰ ਰਹੇ ਭਾਈ ਡੋਡ ਨੇ ਕਿਹਾ ਕਿ ਅੱਜ ਖੁਸ਼ੀ ਵਾਲੀ ਗੱਲ ਹੈ ਕਿ ਦੁਬਾਰਾ ਕਾਲਜਾਂ ਵਿੱਚ ਰੌਣਕ ਦੇਖਣ ਨੂੰ ਮਿਲੀ ਜਿਹੜੀ ਨੌਜਵਾਨੀ ਵਿਦੇਸ਼ਾਂ ਨੂੰ ਜਾ ਰਹੀ ਸੀ ਉਹ ਰੁਕ ਗਈ ਹੈ ਤੇ ਹਰ ਸਾਲ ਲੱਖਾਂ ਨੌਜਵਾਨ ਵਿਦੇਸ਼ਾਂ ਨੂੰ ਜਾ ਰਹੇ ਸੀ ਜਿਸ ਨਾਲ ਪੰਜਾਬ ਦੇ ਕਾਲਜ ਵੀ ਖਾਲੀ ਹੁੰਦੇ ਜਾ ਰਹੇ ਸਨ । ਉਹਨਾਂ ਨੇ ਕਿਹਾ ਕਿ ਸਟੂਡੈਂਟਾਂ ਦੀਆਂ ਮੁਸ਼ਕਿਲਾਂ ਦਾ ਹੱਲ ਕਰਨ ਦਾ ਯਤਨ ਕਰਾਂਗੇ ਅਤੇ 25 ਨਵੰਬਰ ਨੂੰ ਵੱਖ-ਵੱਖ ਪੰਥਕ ਮਸਲਿਆਂ ਤੇ ਆਲ ਇੰਡੀਆ ਸਿੱਖ ਸਟੂਡੈਂਟ ਫੈਡਰੇਸ਼ਨ ਵੱਲੋਂ ਲੁਧਿਆਣਾ ਵਿਖੇ ਇਸ਼ਮੀਤ ਅਕੈਡਮੀ ਫਿਰੋਜਪੁਰ ਰੋਡ ਲੁਧਿਆਣਾ ਵਿਖੇ ਸੇਮੀਨਰ ਕਰਵਾਇਆ ਰਿਹਾ ਹੈ ਉਸ ਵਿੱਚ ਸ਼ਾਮਿਲ ਹੋਣ ਦੀ ਅਪੀਲ ਕੀਤੀ। ਇਸ ਮੌਕੇ ਯੂਨੀਵਰਸਿਟੀ ਕਾਲਜ ਜੈਤੋ ਦੀ ਇਕਾਈ ਦਾ ਪ੍ਰਧਾਨ ਗੁਰਪ੍ਰੀਤ ਸਿੰਘ ਅਤੇ ਮੀਤ ਪ੍ਰਧਾਨ ਜਗਨਪ੍ਰੀਤ ਸਿੰਘ , ਹਰਮਨਦੀਪ ਸਿੰਘ, ਸੰਦੀਪ ਸਿੰਘ, ਸੁਰਖਾਬ ਸਿੰਘ, ਰਮਨਦੀਪ ਸਿੰਘ, ਸਮੇਤ ਵੱਡੀ ਗਿਣਤੀ ਵਿੱਚ ਮੈਂਬਰਸ਼ਿਪ ਵੰਡੀ ਗਈ, ਇਸ ਮੌਕੇ ਫੈਡਰੇਸ਼ਨ ਆਗੂ ਧਰਮਿੰਦਰ ਸਿੰਘ ਜੈਤੋ ਜਿਲਾ ਪ੍ਰਧਾਨ ਫਰੀਦਕੋਟ, ਲਵਪ੍ਰੀਤ ਸਿੰਘ ਸਰਕਲ ਪ੍ਰਧਾਨ ਕੋਟਕਪੂਰਾ, ਆਕਾਸ਼ਦੀਪ ਸਿੰਘ ਮੱਤਾ, ਹਰਪ੍ਰੀਤ ਸਿੰਘ ਕੋਟਕਪੂਰਾ, ਤੇਜਵਿੰਦਰ ਸਿੰਘ ਮਚਾਕੀ ਵੀ ਹਾਜ਼ਰ ਸਨ!



# ਸੰਯੁਕਤ ਕਿਸਾਨ ਮੋਰਚਾ ਗੈਰ ਰਾਜਨੀਤਿਕ ਦੀ ਕਿਸਾਨੀ ਸੰਘਰਸ਼ ਨੂੰ ਲੈ ਕੇ ਸ਼ੰਭੂ ਬਾਰਡਰ ਉੱਪਰ ਹੋਈ ਮੀਟਿੰਗ

ਪੰਜਾਬ ਦਾ ਖੁਲਾਸਾ

**ਨਿਹਾਲ ਸਿੰਘ ਵਾਲਾ 12 ਨਵੰਬਰ ( ਮਨਿੰਦਰ ਧਾਲੀਵਾਲ )** ਸ਼ੰਭੂ ਬਾਰਡਰ ਉੱਪਰ ਸੰਯੁਕਤ ਕਿਸਾਨ ਮੋਰਚਾ ਗੈਰ ਰਾਜਨੀਤਿਕ ਦੀ ਮੀਟਿੰਗ ਹੋਈ ਜਿਸ ਵਿੱਚ ਕਿਸਾਨਾਂ ਨੂੰ ਆ ਰਹੀਆਂ ਮੁਸ਼ਕਲਾਂ ਬਾਰੇ ਵਿਚਾਰ ਵਟਾਂਦਰੇ ਕੀਤੇ ਗਏ ਅਤੇ ਜ਼ਿਲ੍ਹਾ ਬਠਿੰਡਾ ਦੀ ਰਾਏਕੇ ਕਲਾਂ ਅਨਾਜ ਮੰਡੀ ਵਿੱਚ ਜੋ ਕਿਸਾਨਾਂ ਉੱਪਰ ਲਾਠੀ ਚਾਰਜ ਹੋਇਆ ਉਸਦੀ ਨਿੰਦਾ ਕੀਤੀ ਗਈ।



ਸੂਬਾ ਪ੍ਰਧਾਨ ਗੁਰਿੰਦਰ ਸਿੰਘ ਭੰਗੂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਜੋ ਸੈਂਟਰ ਸਰਕਾਰ ਅਤੇ ਪੰਜਾਬ ਸਰਕਾਰ ਨੇ ਝੋਨੇ ਦੀ ਖਰੀਦ ਨੂੰ ਲੈ ਕੇ ਕਿਸਾਨਾਂ ਨਾਲ ਵਾਅਦੇ ਕੀਤੇ ਸਨ ਉਹ ਖੋਖਲੇ ਸਿੱਧ ਸਾਬਤ ਹੋ ਚੁੱਕੇ ਹਨ ਕਿਉਂਕਿ ਕਿਸਾਨ ਮੰਡੀਆਂ ਵਿੱਚ 20-25 ਦਿਨ ਤੋਂ ਰੁਲ ਰਿਹਾ ਹੈ ਅਤੇ ਜਦ ਇੱਕ ਅਕਤੂਬਰ ਤੋਂ ਖਰੀਦ ਸ਼ੁਰੂ ਹੋਈ ਤਾਂ ਪੀ ਆਰ 126 ਜਾਂ ਹੋਰ ਸਰਕਾਰ ਦੀਆਂ ਹਦਾਇਤਾਂ ਮੁਤਾਬਕ ਜੋ ਹਾਈਬਰਿਡ ਬੀਜ ਥੋੜੇ ਦਿਨਾਂ ਵਿੱਚ ਪੱਕਣ ਵਾਲੇ ਝੋਨਾ ਲਾਇਆ ਗਿਆ ਸੀ ਉਸ ਤੇ ਬਹੁਤ ਵੱਡੇ ਘਪਲੇ ਹੋਏ ਅਤੇ ਉਦੋਂ ਕੋਈ ਵੀ ਅਧਿਕਾਰੀ ਕਮ ਸੇ ਕਮ 20-22 ਦਿਨ ਮੰਡੀ ਵਿੱਚ ਕੋਈ ਨਹੀਂ ਪਹੁੰਚਿਆ ਨਾ ਕੋਈ ਏਜੰਸੀ ਦਾ ਅਧਿਕਾਰੀ ਨਾ ਕੋਈ ਮਾਰਕੀਟ ਕਮੇਟੀ ਦਾ ਅਧਿਕਾਰੀ ਕਿਸੇ ਨੇ ਕੋਈ ਆਪਣੀ ਮੰਡੀ ਵਿੱਚ ਜਾਣ ਦੀ ਲੋੜ ਨਹੀਂ ਸਮਝੀ ਅਤੇ ਆੜਤੀਆਂ ਨੇ ਜਾਂ ਸ਼ੈਲਰ ਮਾਲਕਾਂ ਨੇ ਆਪਣੇ ਮਨ ਮਰਜ਼ੀ ਨਾਲ ਕਿਸਾਨਾਂ ਦਾ ਝੋਨਾ ਭਰ ਕੇ ਅੰਦਰ ਰੱਖਿਆ ਅਤੇ ਜਦ ਕੱਚੀਆਂ ਪਰਚੀਆਂ ਦੇ ਕੇ ਬਾਅਦ ਚ ਪੱਕੀਆਂ ਪਰਚੀਆਂ ਦਿੱਤੀਆਂ ਤਾਂ ਉਹ ਪਰਚੀਆਂ ਕੱਟ ਲਗਾ ਕੇ ਦਿੱਤੀਆਂ ਗਈਆਂ ਇਸ ਤੋਂ ਇਹ ਪਤਾ ਲੱਗਦਾ ਹੈ ਕਿ ਮਾਨ ਸਰਕਾਰ ਵੀ ਬਿਲਕੁਲ ਫੇਲ ਹੋ ਚੁੱਕੀ ਹੈ। ਦੇਸ਼ ਦਾ ਅੰਨਦਾਤਾ ਇੱਕ ਤਰ੍ਹਾਂ ਦਾ ਰੋਡ ਤੇ ਆ ਚੁੱਕਾ ਹੈ ਉਹਨਾਂ ਕਿਹਾ ਕਿ ਅਸੀਂ ਕਿਸਾਨ ਭਰਾਵਾਂ ਨੂੰ ਅਪੀਲ ਕਰਦੇ ਹਾਂ ਕਿ ਹੁਣ ਤੁਸੀਂ ਝੋਨਾ ਵੱਢ ਕੇ ਕਣਕ ਦੀ ਬਿਜਾਈ ਕਰਕੇ ਵੱਧ ਤੋਂ ਵੱਧ ਬਾਰਡਰਾਂ ਉੱਤੇ ਆਪਣੀ ਗਿਣਤੀ ਵਧਾਓ ਤਾਂ ਜੋ ਮੋਰਚੇ ਹੋਰ ਵੀ ਮਜ਼ਬੂਤ ਹੋ ਸਕਣ। ਮੋਰਚੇ ਬਹੁਤ ਵਧੀਆ ਚੱਲ ਰਹੇ ਹਨ ਆਪਾਂ ਆਪਣੀਆਂ ਮੰਗਾਂ ਮਨਵਾ ਕੇ ਹੀ ਹਟਾਂਗੇ ਕੋਈ ਵੀ ਸਾਨੂੰ ਸੰਘਰਸ਼ ਲੜਨਾ ਪਵੇ ਅਸੀਂ ਪਿੱਛੇ ਨਹੀਂ ਹਟਾਂਗੇ।

ਸੂਬਾ ਪ੍ਰਧਾਨ ਗੁਰਿੰਦਰ ਸਿੰਘ ਭੰਗੂ ਨੇ ਕਿਹਾ ਕਿ ਜਦ ਜਥੇਬੰਦੀਆਂ ਧਰਨੇ ਖਤਮ ਕਰਕੇ ਵਾਪਸ ਆਈਆਂ ਸਨ ਤਾਂ ਕੀ ਉਨਾਂ ਨੂੰ ਇਸ ਐਮਐਸਪੀ ਦੀ ਗਰੰਟੀ ਮਿਲ ਗਈ ਸੀ ਇਹ ਗੱਲ ਸਮਝ ਤੋਂ ਬਾਹਰ ਹੈ ਕਿ ਕੀ ਸਰਕਾਰ ਨਾਲ ਗੰਢ ਤੁੱਪ ਕਰਕੇ ਧਰਨੇ ਚੱਕੇ ਗਏ। ਸਾਡੀ ਜੱਥੇਬੰਦੀ ਸੰਯੁਕਤ ਕਿਸਾਨ ਮੋਰਚਾ ਗੈਰ ਰਾਜਨੀਤਿਕ ਜਿੰਨਾ ਚਿਰ ਕਿਸਾਨਾਂ ਨੂੰ ਐਮਐਸਪੀ ਦੀ ਗਰੰਟੀ ਨਹੀਂ ਮਿਲਦੀ ਉਨਾ ਚਿਰ ਡਟ ਕੇ ਮੋਰਚੇ ਲਗਾਵੇਗੀ ਅਤੇ ਕਿਸਾਨਾਂ ਦੀ ਖਾਤਰ ਲੜੇਗੀ ਅਤੇ ਸਰਕਾਰਾਂ ਨਾਲ ਐਮਐਸਪੀ ਤੇ ਕੋਈ ਸਮਝੌਤਾ ਨਹੀਂ ਕਰੇਗੀ, ਉਹਨਾਂ ਕਿਹਾ ਕਿ 15 ਨਵੰਬਰ ਨੂੰ ਸ਼ੰਭੂ ਬਾਰਡਰ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਪ੍ਰਕਾਸ਼ ਕਰਾਏ ਜਾਣਗੇ ਅਤੇ 17 ਨਵੰਬਰ ਨੂੰ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ ਸਾਰੇ ਕਿਸਾਨ ਵੀਰਾਂ ਨੂੰ ਭੈਣਾਂ ਨੂੰ ਅਪੀਲ ਕਰਦੇ ਹਾਂ ਕਿ ਵੱਧ ਤੋਂ ਵੱਧ ਸ਼ੰਭੂ ਬਾਰਡਰ ਉੱਪਰ ਪਹੁੰਚਣ ਦੀ ਕਿਰਪਾਲਤਾ ਕਰਨ।



# ਸਟੂਡੈਂਟ ਪੁਲਿਸ ਕੈਡਿਟ ਦੇ ਸਬੰਧ ਵਿੱਚ ਸੈਮੀਨਾਰ ਲਗਾਇਆ ਗਿਆ

ਪੰਜਾਬ ਦਾ ਖੁਲਾਸਾ

**ਫਿਰੋਜ਼ਪੁਰ 12 ਨਵੰਬਰ (ਅਸ਼ੋਕ ਭਾਰਦਵਾਜ)** ਮਾਨਯੋਗ ਐਸ ਐਸ ਪੀ ਫਿਰੋਜ਼ਪੁਰ ਮੈਡਮ ਸੋਮਿਆ ਮਿਸ਼ਰਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਨੋਡਲ ਅਫਸਰ ਐਸ ਪੀ ਡੀ ਰਣਧੀਰ ਕੁਮਾਰ ਦੀ ਰਹਿਨੁਮਾਈ ਹੇਠ ਵਰਿੰਦਰ ਕੁਮਾਰ ਇੰਚਾਰਜ ਸਾਂਝ ਕੇਂਦਰ ਸਬ ਡਵੀਜਨ ਸਿਟੀ ਫਿਰੋਜਪੁਰ ਵੱਲੋ ਸਮੇਤ ਸਟਾਫ ਸਮਾਰਟ ਸੀਨਅਰ ਸੈਕੰਡਰੀ ਸਕੂਲ ਆਰਿਫ ਕੇ ਵਿਖੇ ਸਟੂਡੈਂਟ ਪੁਲਿਸ ਕੈਡਿਟ ਦੇ ਸਬੰਧ ਵਿੱਚ ਸੈਮੀਨਾਰ ਲਗਾਇਆ ਗਿਆ। ਸੈਮੀਨਾਰ ਨੂੰ ਸੰਬੋਧਨ ਕਰਦਿਆ ਵਰਿੰਦਰ ਕੁਮਾਰ ਹੁਰਾਂ ਬੱਚਿਆ ਨੂੰ ਉਕਤ ਵਿਸ਼ੇ ਸਬੰਧੀ ਜਾਣਕਾਰੀ ਦੇਣ ਉਪਰੰਤ ਵਾਤਾਵਰਨ ਦੀ ਸਾਂਭ ਸੰਭਾਲ ਅਤੇ ਸੀਜਨ ਦੌਰਾਨ ਪਰਾਲੀ ਨੂੰ ਅੱਗ ਨਾ ਲਾਉਣ ਸਬੰਧੀ ਆਪਣੇ ਘਰਦਿਆ, ਰਿਸ਼ਤੇਦਾਰਾ ਤੇ ਪਿੰਡ ਵਾਸੀਆ ਨੂੰ ਜਾਣੂ ਕਰਵਾਉਣ ਬਾਰੇ ਵੀ ਦੱਸਿਆ ਗਿਆ। ਸਕੂਲ ਵਿੱਚ ਹਾਜਰ ਅਧਿਆਪਕ ਸਹਿਬਾਨਾਂ ਨੂੰ ਵੀ ਇਸ ਸਬੰਧੀ ਜਾਣਕਾਰੀ ਦਿੱਤੀ ਗਈ ਤਾ ਜੋ ਉਹ ਆਪਣੇ ਜਾਣ ਪਹਿਚਾਣ ਦੇ ਲੋਕਾਂ ਨੂੰ ਜਾਣਕਾਰੀ ਦੇ ਸਕਣ। ਇਸ ਤੋ ਇਲਾਵਾ ਬੱਚਿਆ ਨੂੰ ਸਾਈਬਰ ਕਰਾਈਮ ਤੇ ਮੋਬਾਇਲ ਦੀ ਵਰਤੋ ਤੇ ਆਨਲਾਈਨ ਹੋਣ ਵਾਲੀ ਠੱਗੀ ਤੋ ਸੁਚੇਤ ਰਹਿਣ ਲਈ ਵੀ ਜਾਣਕਾਰੀ ਦਿੱਤੀ ਗਈ। ਇਸ ਮੋਕੇ ਤੇ ਸਾਂਝ ਇੰਚਾਰਜ ਵਰਿੰਦਰ ਕੁਮਾਰ ਦੇ ਨਾਲ ਏ ਐਸ ਆਈ ਬਲਜੀਤ ਸਿੰਘ,ਐਚ ਸੀ ਮਨਪ੍ਰੀਤ ਤੋ ਇਲਾਵਾ ਸਮੂਹ ਸਕੂਲ ਦਾ ਸਟਾਫ ਹਾਜਿਰ ਰਿਹਾ।

# ਸ਼੍ਰੋਮਣੀ ਕਮੇਟੀ ਵੱਲੋਂ ਭਗਤ ਨਾਮਦੇਵ ਜੀ ਦੇ ਜਨਮ ਦਿਹਾੜੇ ਮੌਕੇ ਸਮਾਗਮ

ਪੰਜਾਬ ਦਾ ਖੁਲਾਸਾ

ਜੈਤੋ,12 ਨਵੰਬਰ (ਰਘੂਨੰਦਨ ਪਰਾਸ਼ਰ ):ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ



ਵੱਲੋਂ ਭਗਤ ਨਾਮਦੇਵ ਜੀ ਦਾ ਜਨਮ ਦਿਹਾੜਾ ਸ਼ਰਧਾ ਨਾਲ ਮਨਾਇਆ ਗਿਆ। ਇਸ ਸਬੰਧ ਵਿਚ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ, ਜਿਸ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਜਗਤਾਰ ਸਿੰਘ ਖ਼ਾਲਸਾ ਦੇ ਜਥੇ ਨੇ ਸੰਗਤ ਨੂੰ ਗੁਰਬਾਣੀ ਕੀਰਤਨ ਨਾਲ ਜੋੜਿਆ। ਅਰਦਾਸ ਭਾਈ ਪ੍ਰਗਟ ਸਿੰਘ ਨੇ ਕੀਤੀ ਅਤੇ ਸੰਗਤ ਨੂੰ ਪਾਵਨ ਹੁਕਮਨਾਮਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਬਲਜੀਤ ਸਿੰਘ ਨੇ ਸਰਵਣ ਕਰਵਾਇਆ। ਇਸ ਮੌਕੇ ਸਿੰਘ ਸਾਹਿਬ ਗਿਆਨੀ ਬਲਜੀਤ ਸਿੰਘ ਨੇ ਸੰਗਤਾਂ ਨਾਲ ਭਗਤ ਨਾਮਦੇਵ ਜੀ ਦੇ ਜੀਵਨ ਇਤਿਹਾਸ ਬਾਰੇ ਸਾਂਝ ਪਾਈ। ਉਨ੍ਹਾਂ ਕਿਹਾ ਕਿ ਭਗਤ ਨਾਮਦੇਵ ਜੀ ਦਾ ਜੀਵਨ ਕਿਰਤ ਕਰਨ ਅਤੇ ਨਾਮ ਸਿਮਰਨ ਦੀ ਪ੍ਰੇਰਣਾ ਦਿੰਦਾ ਹੈ। ਭਗਤ ਨਾਮਦੇਵ ਜੀ ਦੀ ਬਾਣੀ ਮਨੁੱਖਤਾ ਲਈ ਚਾਨਣ ਮੁਨਾਰਾ ਹੈ, ਜਿਸ ਵਿੱਚੋਂ ਰੱਬੀ ਅਤੇ ਮਨੁੱਖੀ ਏਕਤਾ ਦੀ ਸੇਧ ਮਿਲਦੀ ਹੈ। ਉਨ੍ਹਾਂ ਸੰਗਤਾਂ ਨੂੰ ਭਗਤ ਜੀ ਦੇ ਜੀਵਨ ਤੋਂ ਪ੍ਰੇਰਣਾ ਲੈਣ ਦੀ ਅਪੀਲ ਕੀਤੀ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਸ. ਭਗਵੰਤ ਸਿੰਘ ਸਿਆਲਕਾ, ਸ. ਗੁਰਮੀਤ ਸਿੰਘ ਬੂਹ, ਵਧੀਕ ਮੈਨੇਜਰ ਸ. ਗੁਰਿੰਦਰ ਸਿੰਘ ਦੇਵੀਦਾਸਪੁਰਾ, ਸ. ਗੁਰਪ੍ਰੀਤ ਸਿੰਘ ਰੋਡੇ, ਸੁਪਰਡੈਂਟ ਸ. ਨਿਸ਼ਾਨ ਸਿੰਘ ਆਦਿ ਹਾਜ਼ਰ ਸਨ।

# ਗੋਲਡ ਮੈਡਲ ਜੇਤੂ ਮਾਸਟਰ ਓਲੰਪੀਅਨ ਬਲਵਿੰਦਰ ਸਿੰਘ ਭਮਰਾ ਦਾ ਕਲਾਸਿਕ ਟਰੈਵਲਜ਼ ਪੁੱਜਣ 'ਤੇ ਹੋਇਆ ਸਨਮਾਨ

ਪੰਜਾਬ ਦਾ ਖੁਲਾਸਾ

**ਫਗਵਾੜਾ 12 ਨਵੰਬਰ ( ਪ੍ਰੀਤ ਕੌਰ ਪ੍ਰੀਤੀ)** ਮਲੇਸ਼ੀਆ ਵਿਖੇ ਹੋਏ ਅੰਤਰਰਾਸ਼ਟਰੀ ਮਾਸਟਰ ਓਲੰਪਿਕ ਲੰਬੀ ਛਾਲ ਮੁਕਾਬਲੇ ਵਿਚ ਸੋਨ ਤਗਮਾ ਜਿੱਤ ਕੇ ਵਤਨ ਪਰਤੇ ਨੇੜਲੇ ਪਿੰਡ ਭੁੱਲਾਰਾਈ ਦੇ 68 ਸਾਲਾ ਮਾਸਟਰ ਅਥਲੀਟ ਬਲਵਿੰਦਰ ਸਿੰਘ ਭਮਰਾ ਦਾ ਕਲਾਸਿਕ ਟਰੈਵਲਜ਼



ਜੀ.ਟੀ. ਰੋਡ ਫਗਵਾੜਾ ਪਹੁੰਚਣ 'ਤੇ ਟਰੈਵਲ ਏਜੰਸੀ ਦੇ ਮਾਲਕ ਸੁਸ਼ੀਲ ਚਾਮ (ਬੌਬੀ) ਅਤੇ ਸਟਾਫ਼ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ। ਮਾਸਟਰ ਅਥਲੀਟ ਭਮਰਾ ਨੇ ਦੱਸਿਆ ਕਿ ਇਸ ਮੁਕਾਬਲੇ ਵਿਚ 18 ਹੋਰ ਦੇਸ਼ਾਂ ਦੇ ਮਾਸਟਰ ਐਥਲੀਟਾਂ ਨਾਲ ਉਹਨਾਂ ਦਾ ਸਖ਼ਤ ਮੁਕਾਬਲਾ ਸੀ। ਸੁਸ਼ੀਲ ਚਮ ਤੋਂ ਇਲਾਵਾ ਸਿਨੇਮਾ ਰੋਡ ਮਾਰਕੀਟ ਐਸੋਸੀਏਸ਼ਨ ਅਤੇ ਪਰਮਾਰ ਮਾਰਕੀਟ ਵੱਲੋਂ ਉਨ੍ਹਾਂ ਦੀ ਇਸ ਪ੍ਰਾਪਤੀ ਲਈ ਸਨਮਾਨਤ ਕੀਤਾ ਗਿਆ। ਹਰਬੰਸ ਲਾਲ ਪ੍ਰਧਾਨ ਸਿਨੇਮਾ ਰੋਡ ਮਾਰਕੀਟ ਐਸੋਸੀਏਸ਼ਨ ਅਤੇ ਹੋਰਨਾਂ ਪਤਵੰਤਿਆਂ ਨੇ ਕਿਹਾ ਕਿ ਫਗਵਾੜਾ ਲਈ ਇਹ ਮਾਣ ਵਾਲੀ ਗੱਲ ਹੈ ਕਿ ਉਹਨਾਂ ਨੇ ਇਸ ਉਮਰ ਵਿੱਚ ਵੀ ਮਲੇਸ਼ੀਆ ਓਲੰਪੀਆਡ ਵਿੱਚ ਸੋਨ ਤਗਮਾ ਜਿੱਤ ਕੇ ਸ਼ਹਿਰ ਦਾ ਹੀ ਨਹੀਂ ਸਗੋਂ ਪੰਜਾਬ ਅਤੇ ਦੇਸ਼ ਦਾ ਨਾਂ ਰੌਸ਼ਨ ਕੀਤਾ ਹੈ। ਸੋਨ ਤਮਗਾ ਜੇਤੂ ਮਾਸਟਰ ਅਥਲੀਟ ਬਲਵਿੰਦਰ ਸਿੰਘ ਭਮਰਾ ਅਨੁਸਾਰ ਨਿਯਮਤ ਕਸਰਤ ਅਤੇ ਸੈਰ ਕਰਨ ਤੋਂ ਇਲਾਵਾ ਉਹ ਆਪਣੀ ਖੁਰਾਕ ਦਾ ਵੀ ਵਿਸ਼ੇਸ਼ ਧਿਆਨ ਰੱਖਦੇ ਹਨ। ਉਨ੍ਹਾਂ ਨੇ ਨੌਜਵਾਨਾਂ ਸਮੇਤ ਹਰ ਉਮਰ ਦੇ ਮਰਦਾਂ ਅਤੇ ਔਰਤਾਂ ਨੂੰ ਆਪਣੀ ਸਿਹਤ ਪ੍ਰਤੀ ਹਮੇਸ਼ਾ ਸੁਚੇਤ ਰਹਿਣ ਅਤੇ ਦ੍ਰਿੜ ਇਰਾਦੇ ਨਾਲ ਹਰ ਚੁਣੌਤੀ ਦਾ ਸਾਹਮਣਾ ਕਰਨ ਦਾ ਸੁਨੇਹਾ ਦਿੱਤਾ। ਇਸ ਮੌਕੇ ਜਸਵਿੰਦਰ ਸਿੰਘ, ਤਰਸੇਮ ਕਲਸੀ, ਹਰਵਿੰਦਰ ਮਾਹੀ, ਅਰੁਣ ਪੁਰੀ, ਬਲਵੀਰ ਸਿੰਘ ਬਿੱਟੂ, ਵਿੱਕੀ ਉੱਪਲ ਆਦਿ ਹਾਜ਼ਰ ਸਨ।



# ਸੈਂਟਰਲ ਗਵਰਨਮੈਂਟ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਨੇ ਕਰਵਾਇਆ 29ਵਾਂ ਸਾਲਾਨਾ ਸਮਾਗਮ

ਪੰਜਾਬ ਦਾ ਖੁਲਾਸਾ

**ਫਗਵਾੜਾ 12 ਨਵੰਬਰ (ਪ੍ਰੀਤ ਕੌਰ ਪ੍ਰੀਤੀ)** ਭਾਰਤ ਪੈਨਸ਼ਨਰਜ਼ ਸਮਾਜ ਨਵੀਂ ਦਿੱਲੀ ਨਾਲ ਸੰਬੰਧਤ ਕੇਂਦਰ ਸਰਕਾਰ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ (ਰਜਿ.) ਦਾ 29ਵਾਂ ਸਾਲਾਨਾ ਸਮਾਗਮ ਐਸੋਸੀਏਸ਼ਨ ਦੇ ਪ੍ਰਧਾਨ ਅਸ਼ੋਕ ਕੁਮਾਰ ਦੀ ਪ੍ਰਧਾਨਗੀ ਹੇਠ ਸਥਾਨਕ ਸ੍ਰੀ ਹਨੂੰਮਾਨਗੜ੍ਹੀ ਮੰਦਰਾਂ ਵਿਖੇ ਕਰਵਾਇਆ ਗਿਆ। ਜਿਸ ਵਿੱਚ ਫਗਵਾੜਾ ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਪੰਜਾਬ ਤੋਂ ਇਲਾਵਾ ਹੋਰ ਰਾਜਾਂ ਦੇ ਕਰੀਬ ਤਿੰਨ ਸੌ ਪੈਨਸ਼ਨਰਾਂ ਨੇ ਪ੍ਰੋਗਰਾਮ ਵਿੱਚ ਆਪਣੀ ਹਾਜ਼ਰੀ ਦਰਜ ਕਰਵਾਈ। ਸਮਾਗਮ ਦੌਰਾਨ ਜਥੇਬੰਦੀ ਦੇ ਜਨਰਲ ਸਕੱਤਰ ਤਰਸੇਮ ਸਿੰਘ ਨੇ ਸਾਲ ਭਰ ਦੀਆਂ ਪ੍ਰਾਪਤੀਆਂ 'ਤੇ ਚਾਨਣਾ ਪਾਉਂਦਿਆਂ ਦੱਸਿਆ ਕਿ ਜਥੇਬੰਦੀ ਵੱਲੋਂ ਪੈਨਸ਼ਨਰਾਂ ਦੀਆਂ ਸੌ ਤੋਂ ਵੱਧ ਸਮੱਸਿਆਵਾਂ ਦਾ ਹੱਲ ਕੀਤਾ ਗਿਆ ਹੈ। ਜਿਸ ਕਾਰਨ ਪੈਨਸ਼ਨਰਾਂ ਨੂੰ ਕਾਫੀ ਫਾਇਦਾ ਹੋਇਆ ਹੈ। ਸੰਸਥਾ ਦੀ ਤਰਫੋਂ ਮੁੱਖ ਮਹਿਮਾਨ ਮਲਕੀਅਤ ਸਿੰਘ ਰਘਬੋਤਰਾ ਨੂੰ ਮੋਮਟੋ ਅਤੇ ਦੁਸ਼ਾਲਾ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ। ਇਸ ਤੋਂ ਇਲਾਵਾ 80 ਸਾਲ ਤੋਂ ਵੱਧ ਉਮਰ ਦੇ ਪੈਨਸ਼ਨਰਾਂ ਨੂੰ ਵੀ ਯਾਦਗਾਰੀ ਚਿੰਨ੍ਹ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਦਿੱਲੀ ਤੋਂ ਆਏ ਐਸੋਸੀਏਸ਼ਨ ਦੇ ਪ੍ਰਧਾਨ ਆਰ. ਐਨ. ਤ੍ਰਿਪਾਠੀ, ਸਕੱਤਰ ਆਰ.ਕੇ. ਸ਼ਰਮਾ ਤੋਂ ਇਲਾਵਾ ਓ.ਪੀ. ਸਰਦਾਨਾ ਸਕੱਤਰ ਐਨ.ਆਰ.ਐਮ.ਯੂ., ਸੁਖਜਿੰਦਰ ਸਿੰਘ, ਜੇ. ਐੱਸ. ਵਿਰਦੀ, ਦਰਸ਼ਨ ਕੁਮਾਰ ਹੈੱਡ ਕੈਸ਼ੀਅਰ ਅਤੇ ਹੋਰ ਪਤਵੰਤੇ ਹਾਜ਼ਰ ਸਨ।

# ਪੰਜਾਬ ਸਰਕਾਰ ਦੇ ਵਾਅਦਾਖਿਲਾਫ਼ੀ ਵਿਰੁੱਧ ਚੱਬੇਵਾਲ ਅਤੇ ਗਿੱਦੜਬਾਹਾ ਹਲਕੇ ਵਿੱਚ ਕੀਤੀਆਂ ਜਾਣਗੀਆਂ ਪੋਲ- ਖੋਲ ਰੈਲੀਆਂ:- ਵੋਕੇਸ਼ਨਲ ਟੀਚਰਜ ਫਰੰਟ (NSQF)

ਪੰਜਾਬ ਦਾ ਖੁਲਾਸਾ

**ਫਿਰੋਜ਼ਪੁਰ 12 ਨਵੰਬਰ (ਅਸ਼ੋਕ ਭਾਰਦਵਾਜ)** 9 ਨਵੰਬਰ ਨੂੰ ਬਰਨਾਲਾ ਰੈਲੀ ਵਿਖੇ ਹੋਏ ਲਾਠੀਚਾਰਜ ਦੇ ਖਿਲਾਫ ਪੰਜਾਬ ਦੇ ਵੋਕੇਸ਼ਨਲ ਅਧਿਆਪਕਾਂ ਵੱਲੋਂ ਪੰਜਾਬ ਸਰਕਾਰ ਵਿਰੁੱਧ 16 ਨਵੰਬਰ ਦਿਨ ਸ਼ਨੀਵਾਰ ਨੂੰ ਚੱਬੇਵਾਲ ਅਤੇ ਗਿੱਦੜਬਾਹਾ ਵਿਖੇ ਕੀਤਿਆਂ ਜਾਣਗੀਆਂ ਜੋਨਲ ਰੈਲੀਆਂ । ਇਨ੍ਹਾਂ ਰੈਲੀਆਂ ਵਿੱਚ ਪੰਜਾਬ ਸਰਕਾਰ ਦੇ ਝੂਠੇ ਲਾਰਿਆਂ ਦੀ ਪੋਲ ਖੋਲੀ ਜਾਵੇਗੀ ✦ ਏ ਪ੍ਰਦਰਸ਼ਨ ਚੱਬੇਵਾਲ ਅਤੇ ਗਿੱਦੜਬਾਹਾ ਦੇ ਬਾਜ਼ਾਰਾਂ ਵਿਚ ਕੱਢਿਆ ਜਾਵੇਗਾ ✦ ਤੇ ਲੋਕਾਂ ਨੂੰ ਦਸਿਆ ਜਾਵੇਗਾ ਪੰਜਾਬ ਸਰਕਾਰ ਦਾ ਝੂਠਾ ਸਿੱਖਿਆ ਮਾਡਲ। ਜਿਹੜਾ ਮੁੱਖਮੰਤਰੀ ਚੋਣਾਂ ਪਹਿਲਾ ਬੋਲਦੇ ਸੀ ਕਿ ਸਾਡੀ ਸਰਕਾਰ ਆਉਣ ਤੇ ਕਿਸੇ ਵੀ ਮੁਲਾਜ਼ਮ ਨੂੰ ਧਰਨਾ, ਰੈਲੀ ਨਹੀਂ ਕਰਨੀਆਂ ਪੈਣਗੀਆਂ ✦ ਅਜ ਸਾਰਾ




ਮੁਲਾਜ਼ਮ ਵਰਗ ਸੜਕਾਂ ਉਤੇ ਹੈ। ਸਰਕਾਰ ਦੀ ਵਾਅਦਾ ਖਿਲਾਫ਼ੀ ਦੇ ਪੈਂਫਲੇਟ ਵੀ ਵੰਡੇ ਜਾਣਗੇ। ਫਰੰਟ ਦੇ ਆਗੂਆਂ ਵੱਲੋਂ ਦੱਸਿਆ ਕਿ ਉਹਨਾਂ ਦੀ ਮੁੱਖ ਮੰਗ ਹਰਿਆਣਾ ਸੂਬੇ ਦੀ ਤਰਜ਼ ਤੇ ਤਨਖਾਹ 33550 ਰੁਪਏ ਕੀਤੀ ਜਾਵੇ ਅਤੇ job security ਦੀ ਨੀਤੀ ਬਣਾਈ ਜਾਵੇ। ਵੋਕੇਸ਼ਨਲ ਅਧਿਆਪਕ ਪਿਛਲੇ 10 ਸਾਲਾਂ ਤੋਂ ਬਹੁਤ ਹੀ ਨਿਗੂਣੀ ਤਨਖਾਹ ਤੇ ਸਰਕਾਰੀ ਸਕੂਲਾਂ ਵਿਚ ਕੰਮ ਕਰ ਰਹੇ ਹਨ। ਆਮ ਪਾਰਟੀ ਨੇ ਚੋਣਾਂ ਵਿਚ ਵਾਅਦਾ ਕੀਤਾ ਸੀ ਕਿ ਉਹਨਾਂ ਦੀ ਸਰਕਾਰ ਆਉਣ ਤੇ outsourcing ਠੇਕੇਦਾਰੀ ਸਿਸਟਮ ਨੂੰ ਖਤਮ ਕੀਤਾ ਜਾਵੇਗਾ ✦ ਪਰ ਸਰਕਾਰ ਦੇ ਢਾਈ ਸਾਲ ਬੀਤਣ ਤੋਂ ਬਾਅਦ ਵੀ ਕਿਸੇ ਵੀ ਮੰਗ ਦਾ ਹੱਲ ਨਹੀਂ ਹੋਇਆ ✦ ਪੰਜਾਬ ਦੇ ਸਾਰੇ ਕੱਚੇ ਮੁਲਾਜ਼ਮ ਅਪਣੇ ਆਪ ਨੂੰ ਠੱਗੇ ਹੋਏ ਮਹਿਸੂਸ ਕਰ ਰਹੇ ਹਨ ✦

# ਬੋਸ਼ੀਆ ਖਿਡਾਰੀਆਂ ਦਾ ਟ੍ਰੇਨਿੰਗ ਕੈਂਪ ਸੰਪਨ

ਪੰਜਾਬ ਦਾ ਖੁਲਾਸਾ

**ਜੈਤੋ 12 ਨਵੰਬਰ (ਗੁਰਦੀਪ ਸਿੰਘ ਢਿੱਲੋਂ/ਰਘੂਨੰਦਨ ਪਰਾਸ਼ਰ)** : ਬੋਸ਼ੀਆ ਫੈਡਰੇਸ਼ਨ ਆਫ ਇੰਡੀਆ ਵੱਲੋਂ ਪ੍ਰਧਾਨ ਜਸਪ੍ਰੀਤ ਸਿੰਘ ਧਾਲੀਵਾਲ ਦੀ ਅਗਵਾਈ ਹੇਠ ਸਪੋਰਟਸ ਕੰਪਲੈਕਸ ਮਨੀ ਮਾਜ਼ਰਾ ਸੈਕਟਰ 13 (ਚੰਡੀਗੜ੍ਹ) ਵਿਖੇ ਅੰਤਰਰਾਸ਼ਟਰੀ ਚੈਂਪੀਅਨਸ਼ਿਪ ਲਈ ਬਹਿਰੀਨ ਦੇਸ਼ ਵਿਚ ਜਾਣ ਵਾਲੇ ਬੋਸ਼ੀਆ ਖਿਡਾਰੀਆਂ ਦਾ ਟ੍ਰੇਨਿੰਗ ਕੈਂਪ ਮਿਤੀ 3 ਤੋਂ 10 ਨਵੰਬਰ 2024 ਤੱਕ ਲਗਾਇਆ ਗਿਆ। ਇਸ ਕੈਂਪ ਵਿਚ ਉਹਨਾਂ 7 ਖਿਡਾਰੀਆਂ ਨੇ ਹਿੱਸਾ ਲਿਆ ਜੋ ਭਾਰਤ ਵਲੋਂ ਖੇਡਣ ਲਈ ਬਹਿਰੀਨ ਦੇਸ਼ ਵਿਚ ਮਿਤੀ 14 ਤੋਂ 22 ਨਵੰਬਰ 2024 ਤੱਕ ਹੋਣ ਵਾਲੀ ਵਰਲਡ ਬੋਸ਼ੀਆ ਚਲੇਂਜ਼ਰ ਚੈਂਪੀਅਨਸ਼ਿਪ ਵਿੱਚ ਭਾਗ ਲੈਣ ਲਈ ਜਾ ਰਹੇ ਹਨ। ਇਸ ਚੈਂਪੀਅਨਸ਼ਿਪ ਵਿਚ 20 ਦੇਸ਼ਾਂ ਦੇ ਖਿਡਾਰੀ ਭਾਗ ਲੈਣਗੇ। ਇਹਨਾਂ ਖਿਡਾਰੀਆਂ ਵਿੱਚ ਭਾਰਤ ਦੇ ਅਜਿਆ ਰਾਜ, ਅੰਜਲੀ ਠਾਕੁਰ, ਪੂਜਾ ਗੁਪਤਾ, ਸਚਿਨ ਚਾਮਰੀਆ, ਜਤਿਨ, ਸਰੀਤਾ, ਵਿਯੋਮ ਪਾਹਵਾ ਸ਼ਾਮਿਲ ਹਨ। ਇਹਨਾਂ ਖਿਡਾਰੀਆਂ ਨੂੰ ਕੋਚ ਗੁਰਪ੍ਰੀਤ ਸਿੰਘ ਧਾਲੀਵਾਲ, ਜਗਰੂਪ ਸਿੰਘ, ਜਸਪ੍ਰੀਤ ਸਿੰਘ ਧਾਲੀਵਾਲ



ਅੰਤਰਰਾਸ਼ਟਰੀ ਰੈਫ਼ਰੀ, ਸੁਖਜਿੰਦਰ ਢਿੱਲੋਂ ਨੇ ਕੋਚਿੰਗ ਦਿੱਤੀ। ਇਸ ਮੌਕੇ ਫਿਜੋਥਰੈਪੀ ਡਾਕਟਰ ਨਵਜੋਤ ਸਿੰਘ ਅਤੇ ਡਾਕਟਰ ਲਕਸ਼ੀ ਨੇ ਵੀ ਆਪਣੀਆਂ ਸੇਵਾਵਾਂ ਬਾਖੂਬੀ ਨਿਭਾਈਆਂ। ਇਸ ਟ੍ਰੇਨਿੰਗ ਕੈਂਪ ਦੌਰਾਨ ਨਾਡਾ ਟੀਮ ਦੇ ਦੋ ਡਾਕਟਰ ਨੇ ਵਿਸ਼ੇਸ਼ ਤੌਰ ਤੇ ਸ਼ਮੂਲੀਅਤ ਕੀਤੀ ਅਤੇ ਖਿਡਾਰੀਆਂ ਨੂੰ ਇੰਟਰਨੈਸ਼ਨਲ ਪੱਧਰ ਤੇ ਜਾਣ ਤੋਂ ਪਹਿਲਾਂ ਜਾਗਰੂਕ ਕੀਤਾ ਅਤੇ ਉਹਨਾਂ ਦੇ ਸੈਂਪਲ ਲਏ ਗਏ ਅਤੇ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਸ਼ਮਿੰਦਰ ਸਿੰਘ ਢਿੱਲੋਂ, ਦਵਿੰਦਰ ਸਿੰਘ ਟਫੀ ਬਰਾੜ, ਡਾਕਟਰ ਰਮਨਦੀਪ ਸਿੰਘ, ਪ੍ਰਮੋਦ ਧੀਰ, ਅਮਨਦੀਪ ਸਿੰਘ, ਜਸਇੰਦਰ ਸਿੰਘ, ਜਸਵਿੰਦਰ ਸਿੰਘ ਜਸ ਧਾਲੀਵਾਲ,ਮਨਪ੍ਰੀਤ ਸੇਖੋਂ ਆਦਿ ਨੇ ਇਸ ਟਰੇਨਿੰਗ ਕੈਂਪ ਨੂੰ ਸਫਰ ਬਣਾਉਣ ਵਾਲੇ ਸਾਰੇ ਕੋਚਾਂ, ਖਿਡਾਰੀਆਂ, ਵਲੰਟੀਅਰਾਂ ਆਦਿ ਦਾ ਧੰਨਵਾਦ ਕੀਤਾ।

# ਵਿਆਹ ਦੀ ਖਰੀਦੋ ਫਰੋਖਤ ਕਰਦਿਆਂ ਲੱਭਿਆ ਮੋਬਾਇਲ ਵਾਪਸ ਕਰਕੇ ਪੇਸ਼ ਕੀਤੀ ਇਮਾਨਦਾਰੀ ਦੀ ਮਿਸਾਲ

ਪੰਜਾਬ ਦਾ ਖੁਲਾਸਾ

**ਭਗਤਾ ਭਾਈਕਾ 12 ਨਵੰਬਰ (ਅਵਤਾਰ ਸਿੰਘ ਮੱਲਾ )**ਇਮਾਨਦਾਰੀ ਦੀ ਮਿਸਾਲ ਬੀਤੇ ਕੱਲ੍ਹ ਉਸ ਸਮੇਂ ਮਿਲੀ ਜਦੋਂ ਕਸਬਾ ਭਗਤਾ ਭਾਈਕਾ ਦੇ ਨੇੜਲੇ ਪਿੰਡ ਚੀਦਾ ਦਾ ਰਹਿਣ ਵਾਲਾ ਬੂਟਾ ਸਿੰਘ ਸਥਾਨਕ ਵਪਾਰੀ ਅਤੇ ਸਮਾਜ ਸੇਵੀ ਪਰਵੀਨ ਕੁਮਾਰ ਮਹੇਸ਼ਵਰੀ ਦੀ ਦੁਕਾਨ ਤੋਂ ਖਰੀਦਦਾਰੀ ਕਰਨ ਉਪਰੰਤ ਆਪਣਾ ਮਹਿੰਗੇ ਭਾਅ ਦਾ ਆਈਫੋਨ ਕਿਤੇ ਰਸਤੇ ਵਿੱਚ ਸੁੱਟ ਗਿਆ ਅਤੇ ਉਹ ਮੋਬਾਇਲ ਬੈਟਰੀ



ਡਾਊਨ ਹੋਣ ਕਾਰਨ ਨੇੜਲੇ ਪਿੰਡ ਥਰਾਜ਼ ਦੇ ਸੁਖਦੇਵ ਸਿੰਘ ਨੂੰ ਮਿਲ ਗਿਆ,ਜਿਹੜਾ ਆਪਣੇ ਪੁੱਤ ਦੇ ਵਿਆਹ ਦੀ ਖਰੀਦੋ ਫਰੋਖਤ ਕਰਨ ਲਈ ਭਗਤਾ ਭਾਈ ਆਇਆ ਹੋਇਆ ਸੀ ਪਰ ਬੈਟਰੀ ਡਾਊਨ ਹੋਣ ਕਾਰਨ ਮੋਬਾਇਲ ਲੱਭਣਾ ਮੁਸ਼ਕਿਲ ਹੋ ਗਿਆ, ਪਰ ਇਮਾਨਦਾਰੀ ਜਿਊਂਦੀ ਹੋਵੇ ਤਾਂ ਸਭ ਕੁਝ ਹੋ ਸਕਦਾ। ਉਕਤ ਮੋਬਾਇਲ ਲੱਭਣ ਵਾਲੇ ਗਰੀਬ ਇਨਸਾਨ ਸੁਖਦੇਵ ਸਿੰਘ ਨੇ ਉਸੇ ਫੋਨ ਦਾ ਚਾਰਜਰ ਖਰੀਦ ਕੇ ਥਰਾਜ ਦੇ ਮਸ਼ਹੂਰ ਟੇਲਰ ਲੱਖਾ ਸਿੰਘ, ਜਿੱਥੇ ਉਸਦਾ ਲੜਕਾ ਕੰਮ ਸਿੱਖਦਾ ਹੈ, ਦੀ ਦੁਕਾਨ 'ਤੇ ਚਾਰਜ਼ਰ ਲਗਾ ਦਿੱਤਾ। ਜਿਸ ਤੋਂ ਬਾਅਦ ਉਹ ਮੋਬਾਇਲ ਫੋਨ ਚਾਲੂ ਹੋ ਗਿਆ ਅਤੇ ਸੰਪਰਕ ਹੋਣ ਤੇ ਇਹ ਗੁਆਚਿਆ ਮੋਬਾਇਲ ਲੱਖਾ ਸਿੰਘ ਟੇਲਰ ਦੀ ਦੁਕਾਨ ਤੇ ਅਸਲੀ ਮਾਲਕ ਬੂਟਾ ਸਿੰਘ ਨੂੰ ਸੋਂਪ ਦਿੱਤਾ ਗਿਆ, ਜਿੱਥੇ ਮੋਬਾਇਲ ਮਾਲਕ ਨੇ ਵਿਆਹੇ ਜਾਣ ਵਾਲੇ ਲੜਕੇ ਨੂੰ ਵਾਜਬ ਇਨਾਮ ਵੀ ਦਿੱਤਾ। ਇਸ ਮੌਕੇ ਉਹਨਾਂ ਭਗਤਾ ਭਾਈ ਕਾ ਦੇ ਵਪਾਰੀ ਅਤੇ ਸਮਾਜ ਸੇਵੀ ਪਰਵੀਨ ਕੁਮਾਰ ਮਹੇਸ਼ਵਰੀ ਦਾ ਵੀ ਵਿਸ਼ੇਸ਼ ਧੰਨਵਾਦ ਕੀਤਾ।

# ਛੋਟੇ ਬੱਚਿਆਂ ਲਈ ਖਤਰਨਾਕ ਹੋ ਸਕਦਾ ਨਮੂਨੀਆ - ਬਲਾਕ ਐਜੂਕੇਟਰ ਮਲਵਿੰਦਰ ਸਿੰਘ

ਪੰਜਾਬ ਦਾ ਖੁਲਾਸਾ

**ਭਗਤਾ ਭਾਈਕਾ, 12 ਨਵੰਬਰ (ਅਵਤਾਰ ਸਿੰਘ ਮੱਲਾ)**- ਕਾਰਜਕਾਰੀ ਸਿਵਲ ਸਰਜਨ ਡਾ.ਰਮਨਦੀਪ ਸਿੰਗਲਾ ਦੀਆਂ ਹਦਾਇਤਾਂ ਅਨੁਸਾਰ ਅਤੇ ਸੀਨੀਅਰ ਮੈਡੀਕਲ ਅਫਸਰ ਡਾ.ਸੀਮਾ ਗੁਪਤਾ ਦੀ ਅਗਵਾਈ ਹੇਠ ਸਿਹਤ ਬਲਾਕ ਭਗਤਾ ਵਿਖੇ ਨਮੂਨੀਆ ਸਬੰਧੀ ਲੋਕਾਂ ਨੂੰ ਜਾਗਰਿਤ ਕੀਤਾ ਗਿਆ। ਪਿੰਡ ਦਿਆਲਪੁਰਾ



ਮਿਰਜ਼ਾ ਦੇ ਭੱਠੇ ਉੱਪਰ ਛੋਟੇ ਬੱਚਿਆਂ ਦੇ ਮਾਪਿਆਂ ਨੂੰ ਸੰਬੋਧਨ ਕਰਦੇ ਹੋਏ ਬਲਾਕ ਐਜੂਕੇਟਰ ਮਾਲਵਿੰਦਰ ਸਿੰਘ ਤਿਊਣਾ ਅਤੇ ਐਮਪੀ ਐਚ ਡਬਲਯੂ ਮੇਲ ਗੁਰਪ੍ਰੀਤ ਸਿੰਘ ਨੇ ਕਿਹਾ ਕਿ ਠੰਡ ਸ਼ੁਰੂ ਹੋਣ ਨਾਲ ਪੰਜ ਸਾਲ ਤੱਕ ਦੇ ਬੱਚਿਆਂ ਲਈ ਨਮੂਨੀਆ ਬਹੁਤ ਖਤਰਨਾਕ ਸਾਬਤ ਹੋ ਸਕਦਾ ਹੈ। ਉਹਨਾਂ ਸੁਚੇਤ ਕੀਤਾ ਕਿ ਜ਼ੀਰੋ ਤੋਂ ਪੰਜ ਸਾਲ ਤੱਕ ਦੇ ਬੱਚਿਆਂ ਦੀ ਮੌਤ ਦਾ ਵੱਡਾ ਕਾਰਨ ਨਮੂਨਆਂ ਹੀ ਬਣਦਾ ਹੈ। ਉਹਨਾਂ ਨਮੂਨੀਆ ਦੇ ਲੱਛਣਾਂ ਦੀ ਚਰਚਾ ਕਰਦੇ ਹੋਏ ਕਿਹਾ ਕਿ ਖਾਂਸੀ, ਜੁਕਾਮ, ਤੇਜ਼ ਬੁਖਾਰ ਅਤੇ ਛਾਤੀ ਖੜਕਣਾ ਆਦਿ ਨਮੂਨੀਏ ਦੇ ਲੱਛਣ ਹਨ, ਪਰ ਬੱਚੇ ਦੇ ਹੱਥ ਪੈਰ ਨੀਲੇ ਹੋਣਾ ਨਮੂਨੀਏ ਦਾ ਗੰਭੀਰ ਰੂਪ ਧਾਰਨ ਕਰਨਾ ਹੈ। ਉਹਨਾਂ ਹਦਾਇਤ ਕੀਤੀ ਕਿ ਅਜਿਹੇ ਲੱਛਣ ਦਿਖਾਈ ਦੇਣ ਤਾਂ ਤੁਰੰਤ ਬੱਚੇ ਨੂੰ ਬਿਨਾਂ ਦੇਰੀ ਕੀਤੇ ਸਰਕਾਰੀ ਹਸਪਤਾਲ ਵਿੱਚ ਇਲਾਜ ਲਈ ਲੈ ਕੇ ਜਾਣਾ ਚਾਹੀਦਾ ਹੈ।



ਏ ਐਸ ਆਈ ਸੁਖਦੇਵ ਰਾਜ,ਗਹਿਣਾ ਸਿੰਘ ਦੀ ਪੂਰੀ ਟੀਮ ਨੇ ਗੁੰਮ ਹੋਏ ਐਪਲ ਕੰਪਨੀ ਦੇ ਮੋਬਾਇਲ ਨੂੰ ਇੱਕ ਘੰਟੇ ਵਿੱਚ ਲੱਭ ਕੇ ਕੀਤਾ ਅਸਲ ਮਾਲਕ ਹਵਾਲੇ।

**ਫੋਟੋ ਤੇ ਵੇਰਵਾ :ਅਸ਼ੋਕ ਭਾਰਦਵਾਜ**

# ਅਧੂਰੇ ਕਾਗਜਾਤ ਰੱਖਣ ਵਾਲੇ ਤੇ ਟ੍ਰੈਫਿਕ ਰੂਲਾਂ ਦੀ ਉਲੰਘਣ ਕਰਨ ਵਾਲੇ ਰਹਿਣ ਸਾਵਧਾਨ-ਸੁਖਜਿੰਦਰ ਸ਼ਰਮਾ

ਪੰਜਾਬ ਦਾ ਖੁਲਾਸਾ

**ਫ਼ਿਰੋਜ਼ਪੁਰ 12 ਨਵੰਬਰ (ਅਸ਼ੋਕ ਭਾਰਦਵਾਜ)**- ਫ਼ਿਰੋਜ਼ਪੁਰ ਛਾਉਣੀ ਦੇ ਡੀਏਵੀ ਕਾਲਜ ਚੌਕ ਵਿੱਚ ਬਿਨਾਂ ਨੰਬਰ ਵਾਲੇ ਵਾਹਨਾਂ ਦੀ ਚੈਕਿੰਗ ਕੀਤੀ ਗਈ ਅਤੇ ਚਲਾਨ ਕੀਤੇ ਗਏ। ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਪੀ.ਸੀ.ਆਰ ਇੰਚਾਰਜ ਸੁਖਜਿੰਦਰ ਸ਼ਰਮਾ ਏ.ਐਸ.ਆਈ ਨੇ ਦੱਸਿਆ ਕਿ ਐਸ.ਐਸ.ਪੀ ਮੈਡਮ ਸੋਨੀਆ ਮਿਸ਼ਰਾ ਦੇ ਨਿਰਦੇਸ਼ਾਂ ਅਨੁਸਾਰ ਉਨ੍ਹਾਂ ਦੀ ਟੀਮ ਨੇ ਬਿਨਾਂ ਨੰਬਰ ਵਾਲੇ ਵਾਹਨਾਂ ਦੀ ਚੈਕਿੰਗ ਕੀਤੀ ਅਤੇ ਜਿਨ੍ਹਾਂ ਕੋਲ ਪੂਰੇ ਦਸਤਾਵੇਜ਼ ਨਹੀਂ ਸਨ, ਉਨ੍ਹਾਂ ਦੇ ਚਲਾਨ ਵੀ ਕੀਤੇ ਗਏ ਤੇ 18 ਸਾਲ ਤੋ ਘੱਟ ਉਮਰ ਵਾਲੇ ਛੋਟੇ ਬੱਚਿਆ ਦੇ ਮਾਪਿਆਂ ਨੂੰ ਅਪੀਲ ਕੀਤੀ ਕੇ ਉਹ ਆਪਣੇ ਛੋਟੇ ਬੱਚਿਆਂ ਨੂੰ ਗੱਡੀ ਨਾ ਚਲਾਉਣ ਦੇਣ। ਸਰਕਾਰ ਦੇ ਨਵੇਂ ਦਿਸ਼ਾ-ਨਿਰਦੇਸ਼ਾਂ ਅਨੁਸਾਰ ਉਨ੍ਹਾਂ ਬੱਚਿਆਂ ਦੇ ਮਾਪਿਆਂ ਨੂੰ ਨੋਟਿਸ ਜਾਰੀ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਫਿਲਹਾਲ ਉਹ ਸਿਰਫ ਚੇਤਾਵਨੀ ਦੇ ਰਹੇ ਹਨ। ਅਗਲੀ ਵਾਰ, ਚੇਤਾਵਨੀ ਦੇਣ ਦੀ ਬਜਾਏ, ਉਹਨਾਂ ਲੜਕੇ-ਲੜਕੀਆਂ ਨੂੰ ਵੀ ਅਪੀਲ ਕੀਤੀ ਗਈ ਹੈ ਕਿ ਉਹ ਬਿਨਾਂ ਮੂੰਹ ਢੱਕਣ ਹੀ ਗੱਡੀ ਚਲਾਉਣ ਨਹੀਂ ਤਾਂ ਉਨ੍ਹਾਂ ਦਾ ਵੀ



ਬੱਚਿਆਂ ਦੇ ਮਾਪਿਆਂ ਨੂੰ ਸਿੱਧੇ ਤੌਰ 'ਤੇ ਜੁਰਮਾਨਾ ਜਾਰੀ ਕੀਤਾ ਜਾਵੇਗਾ। ਅੱਗੇ ਜਾਣਕਾਰੀ ਚ ਉਹਨਾਂ ਕਿਹਾ ਕਿ ਲੋਕ ਆਪਣੇ ਕਾਗਜਾਤ ਲੈ ਕੇ ਹੀ ਗੱਡੀਆਂ ਸੜਕ ਤੇ ਚਲਾਉਣ। ਇਸ ਤੋਂ ਇਲਾਵਾ ਮੂੰਹ ਬੰਨ੍ਹ ਕੇ ਵਾਹਨ ਚਲਾਉਣ ਵਾਲੇ ਚਲਾਨ ਕੀਤਾ ਜਾਵੇਗਾ। ਇਸ ਮੌਕੇ ਪੀਸੀਆਰ ਇੰਚਾਰਜ ਸੁਖਜਿੰਦਰ ਸ਼ਰਮਾ ਸਮੇਤ ਹਰਮਨਜੀਤ, ਗੁਰਿੰਦਰ ਸਿੰਘ, ਮੰਗਲ ਸਿੰਘ, ਪੀਸੀਆਰ ਸਟਾਫ਼ ਰਾਕੇਸ਼ ਕੁਮਾਰ, ਪੀਸੀਆਰ ਸਟਾਫ਼ ਇੰਦਰਜੀਤ ਸਿੰਘ ਹਾਜ਼ਰ ਸਨ।

# ਜੇਸੀਟੀ ਮਿੱਲ ਮਾਲਕਾਂ ਖਿਲਾਫ ਐਫ.ਆਈ.ਆਰ. ਸ਼ਲਾਘਾਯੋਗ ਪਰ ਮਜ਼ਦੂਰਾਂ ਨੂੰ ਹੋਵੇ ਹੱਕ ਦੇ ਪੈਸੇ ਦੀ ਅਦਾਇਗੀ : ਕਮਲ ਸਰੋਜ

ਪੰਜਾਬ ਦਾ ਖੁਲਾਸਾ

**ਫਗਵਾੜਾ 12 ਨਵੰਬਰ (ਪ੍ਰੀਤ ਕੌਰ ਪ੍ਰੀਤੀ)** ਸ਼ਿਵ ਸੈਨਾ ਯੂ.ਬੀ.ਟੀ. ਦੇ ਸੂਬਾ ਪ੍ਰੈਸ ਸਕੱਤਰ ਕਮਲ ਸਰੋਜ ਨੇ ਜੇਸੀਟੀ ਮਿਲ ਦੇ ਕਰੀਬ ਤਿੰਨ ਹਜ਼ਾਰ ਮਜ਼ਦੂਰਾਂ ਦੇ ਹੱਕ ਦੀ ਕਮਾਈ ਦੇ ਕਰੋੜਾਂ ਰੁਪਏ ਦਾ ਗਬਨ ਕਰਨ ਦੇ ਮਾਮਲੇ ਵਿਚ ਮਿੱਲ ਮਾਲਕ ਸਮੀਰ ਥਾਪਰ ਅਤੇ ਉਸਦੀ ਮਹਿਲਾ ਮਿੱਤਰ ਮੁਕੁਲਿਕਾ ਸਿਨਹਾ ਦੇ ਖਿਲਾਫ ਦਰਜ ਕੀਤੀ ਐਫ.ਆਈ.ਆਰ. ਨੂੰ ਦੇਰੀ ਨਾਲ ਚੁੱਕਿਆ ਸਹੀ ਕਦਮ ਕਰਾਰ ਦਿੱਤਾ ਹੈ। ਪਰ ਇਸ ਦੇ ਨਾਲ ਹੀ ਉਨ੍ਹਾਂ ਕਿਹਾ ਕਿ ਸਮੀਰ ਥਾਪਰ ਅਤੇ ਮੁਕੁਲਿਕਾ ਸਿਨਹਾ



## ਕਿਹਾ : ਸਮੀਰ ਥਾਪਰ ਤੇ ਮੁਕੁਲਿਕਾ ਸਿਨਹਾ ਦੇ ਘੋਟਾਲਿਆਂ ਦਾ ਹੋਵੇ ਪਰਦਾਫਾਸ਼

ਖਿਲਾਫ ਸਿਰਫ ਵਰਕਰਾਂ ਦੀ ਈ.ਪੀ. ਐੱਫ. ਰਕਮ ਜਮਾ ਨਾ ਕਰਵਾਉਣ ਸਬੰਧੀ ਕਾਨੂੰਨੀ ਕਾਰਵਾਈ ਹੀ ਨਹੀਂ ਕੀਤੀ ਜਾਣੀ ਚਾਹੀਦੀ, ਸਗੋਂ ਮਿੱਲ ਵਿੱਚ ਪਿਛਲੇ ਸਾਲਾਂ ਦੌਰਾਨ ਉਨ੍ਹਾਂ ਵੱਲੋਂ ਕੀਤੀ ਗਈ ਧੋਖਾਧੜੀ ਦੀ ਹਰ ਐਂਗਲ ਤੋਂ ਜਾਂਚ ਕਰਕੇ ਪਰਦਾਫਾਸ਼ ਕੀਤਾ ਜਾਣਾ ਚਾਹੀਦਾ ਹੈ ਤਾਂ ਜੋ ਸਾਰੀ ਸੱਚਾਈ ਲੋਕਾਂ ਸਾਹਮਣੇ ਆ ਸਕੇ। ਇਸ ਦੌਰਾਨ ਕਿਸਾਨ ਆਗੂ ਹਰਮਿੰਦਰ ਸਿੰਘ ਖਹਿਰਾ, ਦਿ ਜਗਤਜੀਤ ਟੈਕਸਟਾਈਲ ਮਿੱਲ ਟਰੇਡ ਯੂਨੀਅਨ ਕਾਂਗਰਸ (ਰਜਿ.) ਦੇ ਪੰਜਾਬ ਮੀਤ ਪ੍ਰਧਾਨ ਸੁਨੀਲ ਪਾਂਡੇ, ਭਾਰਤੀ ਮਜ਼ਦੂਰ ਸੰਘ ਦੇ ਭੂਸ਼ਣ ਯਾਦਵ, ਅਜੈ ਯਾਦਵ, ਰਵੀ ਸਿੱਧੂ ਕੌਮੀ ਮੁੱਖ ਸੰਚਾਲਕ ਭਾਰਤੀ ਵਾਲਮੀਕਿ ਧਰਮ ਸਮਾਜ (ਭਾਵਾਧਸ) ਅਤੇ ਸਾਬਕਾ ਕੌਂਸਲਰ ਤ੍ਰਿਪਤਾ ਸ਼ਰਮਾ ਨੇ ਪੁਲਿਸ ਦੇ ਸੀਨੀਅਰ ਅਧਿਕਾਰੀਆਂ ਤੋਂ ਪੁਰਜ਼ੋਰ ਮੰਗ ਕੀਤੀ ਹੈ ਕਿ ਮਿਲ ਦੇ ਜਿਨ੍ਹਾਂ ਕਰਮਚਾਰੀਆਂ ਨੇ ਕੋਵਿਡ-19 ਦੌਰਾਨ ਕੰਮ ਛੱਡ ਦਿੱਤਾ ਸੀ ਜਾਂ ਜਿਨ੍ਹਾਂ ਦੇ ਵਿਭਾਗਾਂ ਦੇ ਬੰਦ ਹੋਣ ਕਾਰਨ ਅਸਤੀਫ਼ੇ ਲਏ ਗਏ ਸਨ ਅਤੇ ਜੋ ਕਰਮਚਾਰੀ ਸੇਵਾਮੁਕਤ ਹੋ ਚੁੱਕੇ ਹਨ, ਉਨ੍ਹਾਂ ਦੀ ਗਰੈਚੁਟੀ, ਓਵਰਟਾਈਮ, ਬੋਨਸ, ਪੀ.ਐਫ ਦੇ ਪੈਸੇ ਮਿੱਲ ਪ੍ਰਬੰਧਕਾਂ ਵੱਲੋਂ ਅਦਾ ਕਰਵਾਏ ਜਾਣ। ਇਸ ਤੋਂ ਇਲਾਵਾ ਮਿੱਲ ਮਾਲਕਾਂ ਵੱਲੋਂ ਹੁਣ ਤੱਕ ਈ.ਐਸ. ਆਈ. ਦੇ ਪੈਸੇ ਦੀ ਬਕਾਇਆ ਰਕਮ ਵੀ ਜਮਾ ਕਰਵਾਈ ਜਾਵੇ। ਮਿੱਲ ਦੀ ਸਹਿਕਾਰੀ ਸਭਾ ਦੇ ਬਚਤ ਖਾਤਿਆਂ ਵਿਚ ਮਜ਼ਦੂਰਾਂ ਵਲੋਂ ਜਮਾਂ ਕੀਤੇ ਪੈਸੇ ਦੁਆਏ ਜਾਣ। ਕਮਲ ਸਰੋਜ ਅਤੇ ਹੋਰਨਾਂ ਆਗੂਆਂ ਨੇ ਮੰਗ ਕੀਤੀ ਕਿ ਮਿੱਲ ਮਾਲਕਾਂ ਵੱਲੋਂ ਮਜ਼ਦੂਰਾਂ ਨੂੰ ਡਰਾਉਣ ਧਮਕਾਉਣ ਅਤੇ ਮਾਨਸਿਕ ਤੌਰ 'ਤੇ ਤੰਗ ਪ੍ਰੇਸ਼ਾਨ ਕਰਨ ਦੇ ਮਾਮਲੇ ਵਿੱਚ ਵੀ ਵੱਖਰੀ ਐਫ.ਆਈ.ਆਰ. ਦਰਜ ਕਰਕੇ ਬਣਦੀ ਕਾਰਵਾਈ ਕੀਤੀ ਜਾਵੇ। ਸੁਨੀਲ ਪਾਂਡੇ ਅਤੇ ਭੂਸ਼ਣ ਯਾਦਵ ਨੇ ਚੇਤਾਵਨੀ ਦਿੱਤੀ ਕਿ ਜੇਕਰ ਫਿਰ ਵੀ ਕਿਸੇ ਮਿੱਲ ਕਰਮਚਾਰੀ ਨਾਲ ਕੋਈ ਅਣਸੁਖਾਵੀਂ ਘਟਨਾ ਵਾਪਰਦੀ ਹੈ ਤਾਂ ਮਿੱਲ ਮਾਲਕ ਅਤੇ ਮੈਨੇਜਰ ਜ਼ਿੰਮੇਵਾਰ ਹੋਣਗੇ। ਉਨ੍ਹਾਂ ਸਪੱਸ਼ਟ ਕਿਹਾ ਕਿ ਮਿੱਲ ਦੇ ਤਿੰਨ ਹਜ਼ਾਰ ਦੇ ਕਰੀਬ ਮਜ਼ਦੂਰਾਂ ਨੂੰ ਅੰਤਿਮ ਇਨਸਾਫ਼ ਦਿਵਾਉਣ ਤੱਕ ਸੰਘਰਸ਼ ਜਾਰੀ ਰਹੇਗਾ। ਇਸ ਮੌਕੇ ਸਮਾਜ ਸੇਵੀ ਸ਼ਾਰਦਾ ਨੰਦ ਸਿੰਘ ਤੋਂ ਇਲਾਵਾ ਉਮੇਸ਼ ਗਿਰੀ ਸਕੱਤਰ ਭਾਰਤੀ ਮਜ਼ਦੂਰ ਸੰਘ, ਪ੍ਰਦੀਪ ਘੋਸਲਾ, ਮਦਨ ਮਿਸ਼ਰਾ, ਅਨਿਲ ਮਿਸ਼ਰਾ, ਪ੍ਰਦੀਪ ਸਿੰਘ, ਰਾਮ ਭਰੋਸੇ ਯਾਦਵ ਇੰਟਕ, ਕਰਮਵੀਰ ਇੰਟਕ, ਧਰਮਿੰਦਰ ਸਿੰਘ, ਰਾਜੂ ਤਿਵਾੜੀ, ਕਿਰਨ, ਗੀਤਾ ਤਿਵਾੜੀ, ਡਾ. ਮੀਨਾ ਸਮੇਤ ਵੱਡੀ ਗਿਣਤੀ ਵਿੱਚ ਮਿੱਲ ਵਰਕਰ ਹਾਜ਼ਰ ਸਨ।

# ਵੱਸਣ ਤੋ ਪਹਿਲਾਂ ਹੀ ਉਜੜੀ ਕਹਾਵਤ ਨੂੰ ਮਾਤ ਪਾਉਦੀ ਹੈ ਸ਼ੇਰਸ਼ਾਹ ਵਾਲੀ ਚੌਕ ਤੋਂ ਗਾਂਧੀ ਗਾਰਡਨ ਤੱਕ ਹਫਤਾ ਪਹਿਲਾਂ ਬਣੀ ਸੜਕ

## ਲੋਕਾਂ ਨੂੰ ਇੰਨਸਾਫ ਦੇਣ ਵਾਲਾ ਜੁਡੀਸ਼ੀਅਲ ਅਮਲੇ ਦੇ ਵਕੀਲ ਭਾਈਚਾਰੇ ਵਲੋ ਸੜਕ ਦੇ ਮਾੜੇ ਹਾਲਾਤਾਂ ਦਾ ਤਿੱਖਾ ਵਿਰੋਧ ਕੀਤਾ ਗਿਆ

ਪੰਜਾਬ ਦਾ ਖੁਲਾਸਾ

**ਫਿਰੋਜ਼ਪੁਰ 12 ਨਵੰਬਰ (ਅਸ਼ੋਕ ਭਾਰਦਵਾਜ)**- ਫ਼ਿਰੋਜ਼ਪੁਰ ਛਾਉਣੀ ਦੇ ਸ਼ੇਰਸ਼ਾਹ ਵਾਲਾ ਚੌਕ ਤੋਂ ਗਾਂਧੀ ਗਾਰਡਨ ਨੂੰ ਜਾਣ ਵਾਲੀ ਸੜਕ ਕਰੀਬ ਇੱਕ ਹਫ਼ਤਾ ਪਹਿਲਾਂ ਨਵੀਂ ਬਣੀ ਸੀ ਅਤੇ ਇੱਕ ਹਫ਼ਤੇ ਬਾਅਦ ਹੀ ਇਸ ਦੀ ਹਾਲਤ ਖਸਤਾ ਹੋ ਗਈ ਹੈ। ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਕਚਹਿਰੀ ਦੇ ਵਕੀਲਾਂ ਵੱਲੋਂ ਸਖ਼ਤ ਵਿਰੋਧ ਕਰਦਿਆਂ ਗੱਲਬਾਤ ਦੌਰਾਨ ਐਡਵੋਕੇਟ ਯੁਵਰਾਜ ਸਿੰਘ ਨੇ ਕਿਹਾ ਕਿ ਹੁਣ ਇਸ ਨੂੰ ਠੇਕੇਦਾਰ ਦੀ ਨਾਕਾਮੀ ਕਹੀਏ ਜਾਂ ਕੇਂਦਰ ਸਰਕਾਰ ਦੀ ਨਲਾਇਕੀ ? ਉਨ੍ਹਾਂ ਕਿਹਾ ਕਿ ਇਹ ਸੜਕ ਕਈ ਸਾਲਾਂ ਬਾਅਦ ਨਵੀਂ ਬਣੀ ਸੀ ਅਤੇ ਇਸ ਦੇ ਬਣਨ ਤੋਂ ਕੁਝ ਹੀ ਦਿਨਾਂ ਵਿੱਚ ਕਈ ਥਾਵਾਂ ਤੋਂ ਟੁੱਟ ਗਈ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਇਸ ਸੜਕ ਨੂੰ ਬਣਾਉਣ 'ਤੇ ਕਰੋੜਾਂ ਰੁਪਏ ਖਰਚ ਕੀਤੇ ਗਏ ਹਨ ਪਰ ਇਸ ਦੇ ਬਾਵਜੂਦ ਨਵੀਂ ਬਣੀ ਸੜਕ ਜਲਦੀ ਹੀ ਟੁੱਟ



ਗਈ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਕਚਹਿਰੀ ਦੇ ਸਾਰੇ ਵਕੀਲ ਹਰ ਰੋਜ਼ ਇਸ ਸੜਕ ਤੋਂ ਲੰਘਦੇ ਹਨ ਤੇ ਸਾਡੇ ਨਾਲ ਨਾਲ ਇਥੋ ਲੰਘਣ ਵਾਲੇ ਸਾਰੇ ਹੀ ਰਾਹਗੀਰਾਂ ਨੂੰ ਹਰ ਰੋਜ਼ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ। ਦੂਜੇ ਪਾਸੇ ਗੱਲਬਾਤ ਕਰਦਿਆਂ ਐਡਵੋਕੇਟ ਸੰਦੀਪ ਕੁਮਾਰ ਸ਼ਰਮਾ ਨੇ ਕਿਹਾ ਕਿ ਜੇਕਰ ਸਰਕਾਰ ਨੇ ਇਹ ਸੜਕ ਬਣਾਈ ਹੈ ਤਾਂ ਇਸ 'ਤੇ ਵਰਤੇ ਗਏ ਮਟੀਰੀਅਲ ਦੀ ਬੜੀ ਬਾਰੀਕੀ ਨਾਲ ਜਾਂਚ ਕਰਵਾਈ ਜਾਵੇ ਤੇ ਘਟੀਆ ਸਮਾਨ ਵਰਤਣ ਵਾਲੇ ਠੇਕੇਦਾਰ ਦੇ ਖਿਲਾਫ ਸਖਤ ਤੋ ਸਖਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇ ਤਾਂ ਕਿ ਭਵਿੱਖ ਵਿੱਚ ਅੱਗੇ ਤੋਂ ਕੋਈ ਵੀ ਠੇਕੇਦਾਰ ਇਸ ਕੰਮ ਚ ਕੋਤਾਹੀ ਨਾ ਵਰਤੇ ।

# ਪ੍ਰਕਾਸ਼ ਪੁਰਬ ਮੌਕੇ ਅਧਿਕਾਰੀ ਡਿਊਟੀ ਨੂੰ ਸੇਵਾਭਾਵਨਾ ਨਾਲ ਨਿਭਾਉਣ: ਡਿਪਟੀ ਕਮਿਸ਼ਨਰ

## ਸਾਫ ਸਫਾਈ,ਪੀਣ ਵਾਲੇ ਪਾਣੀ,ਮੈਡੀਕਲ ਟੀਮਾਂ ਦੀ ਤਾਇਨਾਤੀ,ਸੁਚਾਰੂ ਆਵਾਜ਼ਾਈ ਵੱਲ ਵਿਸ਼ੇਸ਼ ਤਵੱਜੋਂ ਦੇਣ ਦੇ ਹੁਕਮ

ਪੰਜਾਬ ਦਾ ਖੁਲਾਸਾ

**ਫੱਤੂ ਢੀਂਗਾ 12 ਨਵੰਬਰ ਅਮਨਦੀਪ ਕੌਰ**- ਸ੍ਰੀ ਗੁਰੂ ਨਾਨਕ ਦੇਵ ਜੀ ਦੇ 15 ਨਵੰਬਰ ਨੂੰ ਮਨਾਏ ਜਾ ਰਹੇ 555ਵੇਂ ਪ੍ਰਕਾਸ਼ ਪੁਰਬ ਸਬੰਧੀ ਕਰਵਾਏ ਜਾਣ ਵਾਲੇ ਸਮਾਗਮਾਂ ਦੇ ਮੱਦੇਨਜ਼ਰ ਡਿਪਟੀ ਕਮਿਸ਼ਨਰ ਅਮਿਤ ਕੁਮਾਰ ਪੰਚਾਲ ਨੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸੰਗਤ ਦੀ ਆਮਦ ਦੇ ਮੱਦੇਨਜ਼ਰ ਲੋੜੀਂਦੀਆਂ ਸਹੂਲਤਾਂ ਯਕੀਨੀ ਬਣਾਈਆਂ ਜਾਣ। ਉਨ੍ਹਾਂ ਕਿਹਾ ਕਿ ਅਧਿਕਾਰੀ ਆਪਣੀ ਡਿਊਟੀ ਨੂੰ ਪੂਰੀ ਸੇਵਾਭਾਵਨਾ ਨਾਲ ਨਿਭਾਉਣ ਤਾਂ ਜੋ ਸੰਗਤ ਨੂੰ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨ ਪਵੇ। ਅੱਜ ਇੱਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਮੀਟਿੰਗ ਹਾਲ ਵਿਖੇ ਸਬੰਧਿਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਅਮਿਤ ਕੁਮਾਰ ਪੰਚਾਲ ਨੇ ਦੱਸਿਆ ਕਿ ਸੰਗਤ ਦੀ ਭਾਰੀ ਗਿਣਤੀ 'ਚ ਆਮਦ ਦੇ ਮੱਦੇਨਜ਼ਰ ਕੰਟਰੋਲ ਰੂਮ ਨੰਬਰ 01828-222169 ਵੀ ਸਥਾਪਿਤ ਕੀਤਾ ਗਿਆ ਹੈ ਤਾਂ ਜੋ ਕਿਸੇ ਵੀ ਸਮੇਂ ਲੋੜੀਂਦੀ ਸੂਚਨਾ ਕੰਟਰੋਲ ਰੂਮ ਵਿਖੇ ਦਿੱਤੀ ਜਾ ਸਕੇ। ਇਸ ਤੋਂ ਇਲਾਵਾ 6 ਡਿਊਟੀ ਮੈਜਿਸਟਰੇਟ ਵੀ ਤਾਇਨਾਤ ਕੀਤੇ ਗਏ ਹਨ। ਅਧਿਕਾਰੀਆਂ ਨੂੰ ਸਿਵਲ ਅਤੇ ਪੁਲਿਸ ਕੰਟਰੋਲ ਰੂਮ ਦੀ ਸਥਾਪਤੀ ਦੇ ਨਾਲ-ਨਾਲ ਲੋੜੀਂਦੀ ਪਾਰਕਿੰਗ, ਸ਼ਹਿਰ ਦੇ ਵਸਨੀਕਾਂ ਦੀ ਸਹੂਲਤ ਦੇ ਮੱਦੇਨਜ਼ਰ ਐਂਟਰੀ ਦੇ ਇੰਤਜ਼ਾਮ ਅਤੇ ਈ-ਰਿਕਸ਼ਾ ਦੇ ਢੁੱਕਵੇਂ ਪ੍ਰਬੰਧ ਕਰਨ ਦੀ ਤਾਕੀਦ ਕੀਤੀ। ਉਨ੍ਹਾਂ ਕਿਹਾ ਕਿ ਗੁਰਪੁਰਬ ਮੌਕੇ ਨਗਰ ਕੀਰਤਨ ਜੋਕਿ ਗੁਰਦੁਆਰਾ ਸੰਤ ਘਾਟ ਵਾਇਆ



ਤਲਵੰਡੀ ਪੁਲ, ਗੁਰੂ ਕਾ ਬਾਗ, ਰੇਲਵੇ ਸਟੇਸ਼ਨ, ਹੱਟ ਸਾਹਿਬ ਤੋਂ ਹੋ ਕੇ ਗੁਰਦੁਆਰਾ ਸ੍ਰੀ ਬੇਰ ਸਾਹਿਬ ਵਿਖੇ ਸਮਾਪਿਤ ਹੋਵੇਗਾ, ਲਈ ਲੋੜੀਂਦੇ ਇੰਤਜ਼ਾਮ ਮੁਕੰਮਲ ਕੀਤੇ ਜਾਣ। ਉਨ੍ਹਾਂ ਦੱਸਿਆ ਕਿ ਸੁਚਾਰੂ ਆਵਾਜ਼ਾਈ ਤੇ ਪਾਰਕਿੰਗ ਲਈ ਵਾਇਆ ਤਲਵੰਡੀ ਚੌਧਰੀਆਂ ਆਉਣ ਵਾਲੀ ਸੰਗਤ ਲਈ ਪੁੱਡਾ ਕਾਲੋਨੀ ਤੇ ਵਾਇਆ ਰੇਲ ਕੋਚ ਫੈਕਟਰੀ ਤੋਂ ਆਉਣ ਵਾਲੀ ਸੰਗਤ ਲਈ ਦਾਣਾ ਮੰਡੀ ਵਿਖੇ ਪਾਰਕਿੰਗ ਦੇ ਪ੍ਰਬੰਧ ਕੀਤੇ ਗਏ ਹਨ। ਇਨ੍ਹਾਂ ਥਾਵਾਂ ਉੱਪਰ ਆਰਜ਼ੀ ਪਖਾਨਿਆਂ ਦੀ ਵਿਵਸਥਾ ਕੀਤੀ ਜਾ ਰਹੀ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਸੰਗਤ ਦੀ ਵੱਡੀ ਆਮਦ ਦੇ ਮੱਦੇਨਜ਼ਰ ਬੱਸ ਅੱਡੇ 13 ਨਵੰਬਰ ਤੋਂ ਆਰਜ਼ੀ ਤੌਰ 'ਤੇ ਦਾਣਾ ਮੰਡੀ ਵਿਖੇ ਤਬਦੀਲ ਕੀਤਾ ਜਾ ਰਿਹਾ ਹੈ। ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਮੈਡੀਕਲ ਸੇਵਾਵਾਂ ਤਹਿਤ ਗੁਰਦੁਆਰਾ ਸ੍ਰੀ ਬੇਰ ਸਾਹਿਬ ਵਿਖੇ, ਗੁਰੂ ਨਾਨਕ ਸਟੇਡੀਅਮ, ਲੋਹੀਆਂ ਰੋਡ ਅਤੇ ਤਲਵੰਡੀ ਪੁੱਲ ਵਿਖੇ ਮੈਡੀਕਲ ਬੂਥ ਸਥਾਪਿਤ ਕਰਨ ਦੇ ਨਾਲ-ਨਾਲ ਸਿਵਲ ਹਸਪਤਾਲ ਵਿਖੇ 24 ਘੰਟਿਆਂ ਲਈ ਮੈਡੀਕਲ ਟੀਮਾਂ ਤਾਇਨਾਤ ਕੀਤੀਆਂ ਜਾਣਗੀਆਂ। ਇਸੇ ਤਰ੍ਹਾਂ ਲੋੜੀਂਦੀ ਗਿਣਤੀ ਵਿੱਚ ਐਬੂਲੈਂਸਾਂ ਅਤੇ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਵੀ ਉਪਲੱਬਧ ਰਹਿਣਗੀਆਂ। ਉਨ੍ਹਾਂ ਨਗਰ ਕੌਂਸਲ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਉਹ ਸ਼ਹਿਰ ਵਿਚ ਸਵੇਰੇ ਸ਼ਾਮ ਸਾਫ ਸਫਾਈ ਯਕੀਨੀ ਬਣਾਉਣ ਅਤੇ ਇਸ ਲਈ ਨੇੜਲੀਆਂ ਨਗਰ ਨਿਗਮਾਂ ਕੋਲੋਂ ਵਾਧੂ ਸਟਾਫ਼ ਦੀ ਤਾਇਨਾਤੀ ਕਰਵਾਉਣ। ਇਸ ਤੋਂ ਇਲਾਵਾ ਸਟਰੀਟ ਲਾਈਟਾਂ ਨੂੰ ਚਾਲੂ ਹਾਲਤ ਵਿਚ ਰੱਖਣ ਅਤੇ ਜਨਤਕ ਪਖਾਨਿਆਂ ਦੀ ਲਗਾਤਾਰ ਸਾਫ ਸਫਾਈ ਯਕੀਨੀ ਬਣਾਈ ਜਾਵੇ।

ਗੁਰਪੁਰਬ ਮੌਕੇ ਵਿਸ਼ੇਸ਼ ਤੌਰ 'ਤੇ ਸਥਾਨਕ ਗੁਰੂ ਨਾਨਕ ਸਟੇਡੀਅਮ ਵਿਖੇ ਕਰਵਾਏ ਜਾਣ ਵਾਲੇ ਕਬੱਡੀ ਟੂਰਨਾਮੈਂਟ ਸਬੰਧੀ ਖੇਡ ਵਿਭਾਗ ਦੇ ਅਧਿਕਾਰੀਆਂ ਤੋਂ ਤਿਆਰੀਆਂ ਦਾ ਜਾਇਜ਼ਾ ਲੈਂਦਿਆ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਟੇਡੀਅਮ ਵਿੱਚ ਟੀਮਾਂ ਅਤੇ ਦਰਸ਼ਕਾਂ ਦੀ ਸਹੂਲਤ ਲਈ ਸਾਰੀਆਂ ਤਿਆਰੀਆਂ ਦੇ ਪੁਖਤਾ ਇੰਤਜ਼ਾਮ ਕੀਤੇ ਜਾਣ। ਉਨ੍ਹਾਂ ਨੇ ਪੀ.ਐਸ.ਪੀ.ਸੀ.ਐਲ. ਦੇ ਅਧਿਕਾਰੀਆਂ ਨੂੰ 13 ਨਵੰਬਰ ਤੋਂ 16 ਨਵੰਬਰ ਤੱਕ ਨਿਰਵਿਘਨ ਬਿਜਲੀ ਸਪਲਾਈ ਜਾਰੀ ਰੱਖਣ ਅਤੇ ਸ਼ਹਿਰ ਵਿੱਚ ਬਿਜਲੀ ਦੀਆਂ ਢਿੱਲੀਆਂ/ਨੰਗੀਆਂ ਤਾਰਾਂ ਆਦਿ ਦੀ ਮੁਰੰਮਤ ਕਰਵਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਪੁਲਿਸ ਵਿਭਾਗ ਨੂੰ ਆਦੇਸ਼ ਦਿੱਤੇ ਕਿ ਉਹ ਕੰਟਰੋਲ ਰੂਮ ਸਥਾਪਿਤ ਕਰਨ ਦੇ ਨਾਲ-ਨਾਲ ਸੰਗਤ ਦੀ ਸੁਰੱਖਿਆ ਲਈ ਵਿਸ਼ੇਸ਼ ਨਾਕੇ ਵੀ ਲਗਾਉਣ। ਇਸ ਤੋਂ ਇਲ਼ਾਵਾ ਨਗਰ ਕੀਰਤਨ ਦੇ ਮੱਦੇਨਜ਼ਰ ਆਵਾਜ਼ਾਈ ਦੇ ਬਦਲਵੇਂ ਪ੍ਰਬੰਧਾਂ ਦੀ ਵਿਵਸਥਾ ਕਰਨ ਲਈ ਵੀ ਕਿਹਾ ਗਿਆ। ਡਿਪਟੀ ਕਮਿਸ਼ਨਰ ਵਲੋਂ ਵੇਈਂ ਉੱਪਰ ਸੁਰੱਖਿਆ ਦੇ ਮੱਦੇਨਜ਼ਰ ਐੱਨ.ਡੀ.ਆਰ.ਐਫ. ਦੇ ਗੋਤਾਖੋਰਾਂ ਦਾ ਤਾਇਨਾਤੀ ਦੇ ਹੁਕਮ ਵੀ ਦਿੱਤੇ ਗਏ। ਡਿਪਟੀ ਕਮਿਸ਼ਨਰ ਨੇ ਸੁਲਤਾਨਪੁਰ ਲੋਧੀ ਵਿਖੇ ਸਮੂਹ ਵਿਭਾਗਾਂ ਦੇ ਅਧਿਕਾਰੀਆਂ ਨੂੰ ਹੁਕਮ ਦਿੱਤੇ ਕਿ ਉਹ 15 ਨਵੰਬਰ ਨੂੰ ਆਪਣੇ-ਆਪਣੇ ਦਫਤਰ ਖੁੱਲ੍ਹੇ ਰੱਖਣ ਤਾਂ ਜੋ ਸੰਗਤ ਦੀ ਸਹੂਲਤ ਲਈ ਪਖਾਨਿਆਂ ਦੀ ਵਰਤੋਂ ਲੋੜ ਅਨੁਸਾਰ ਕੀਤੀ ਜਾ ਸਕੇ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਵਰਿੰਦਰਪਾਲ ਸਿੰਘ ਬਾਜਵਾ, ਐਸ.ਡੀ.ਐਮ. ਸੁਲਤਾਨਪੁਰ ਲੋਧੀ ਅਪਰਨਾ, ਐਸ.ਪੀ. ਗੁਰਪ੍ਰੀਤ ਸਿੰਘ ਤੇ ਸਮੂਹ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

## ਸੀ.ਐਮ. ਦੀ ਯੋਗਸ਼ਾਲਾ ਤਹਿਤ ਜ਼ਿਲ੍ਹੇ ਵਿੱਚ ਵੱਖ ਵੱਖ ਥਾਵਾਂ ਤੇ ਲੱਗ ਰਹੀਆਂ ਹਨ ਯੋਗ ਕਲਾਸਾਂ- ਡਿਪਟੀ ਕਮਿਸ਼ਨਰ

ਪੰਜਾਬ ਦਾ ਖੁਲਾਸਾ

**ਫ਼ਰੀਦਕੋਟ 12 ਨਵੰਬਰ (ਗੁਰਦੀਪ ਸਿੰਘ ਢਿੱਲੋਂ)**- ਡਿਪਟੀ ਕਮਿਸ਼ਨਰ ਫਰੀਦਕੋਟ ਸ੍ਰੀ ਵਿਨੀਤ ਕੁਮਾਰ ਨੇ ਦੱਸਿਆ ਕਿ ਸੀ.ਐਮ.ਦੀ ਯੋਗਸ਼ਾਲਾ ਪੰਜਾਬ ਸਰਕਾਰ ਦੁਆਰਾ ਸੂਬੇ ਦੇ ਨਾਗਰਿਕਾਂ ਨੂੰ ਮੁਫ਼ਤ ਯੋਗ ਸਿੱਖਿਆ ਦੇਣ ਦੀ ਇੱਕ ਪਹਿਲ ਹੈ। ਇਸ ਯੋਜਨਾ ਤਹਿਤ ਪੰਜਾਬ ਵਿੱਚ ਪ੍ਰਮਾਣਿਤ ਯੋਗ ਟੀਚਰਾਂ ਦੀ ਇੱਕ ਟੀਮ ਸਥਾਪਤ ਕੀਤੀ ਗਈ ਹੈ ਤਾਂ ਜੋ ਯੋਗ ਨੂੰ ਘਰ ਘਰ ਤੱਕ ਪਹੁੰਚਾਇਆ ਜਾ ਸਕੇ ਅਤੇ ਜਨਤਾ ਨੂੰ ਯੋਗ ਟੀਚਰਾਂ ਦੀ ਸੁਵਿਧਾ ਦੇ ਕੇ ਇਸ ਨੂੰ ਇੱਕ ਜਨ ਅੰਦੋਲਨ ਵਿੱਚ ਬਦਲਿਆ ਜਾ ਸਕੇ। ਇਸ ਦਾ ਉਦੇਸ਼ ਨਾਗਰਿਕਾਂ ਦੀ ਸ਼ਰੀਰਕ ਅਤੇ ਮਾਨਸਿਕ ਸਿਹਤ ਨੂੰ ਬਿਹਤਰ ਬਣਾਉਣ ਵਿੱਚ ਧਿਆਨ ਅਤੇ ਯੋਗ ਦੇ ਮਹੱਤਵ ਨੂੰ ਉਜਾਗਰ ਕਰਨਾ ਹੈ। ਇਕ ਪ੍ਰਾਚੀਨ ਅਭਿਆਸ ਦੇ ਰੂਪ ਵਿੱਚ, ਯੋਗ ਕਿਸੇ ਦੇ ਜੀਵਨ ਦੀ ਗੁਣਵੱਤਾ ਵਿੱਚ ਸੁਧਾਰ ਕਰਨ ਦਾ ਇੱਕ ਪ੍ਰਭਾਵੀ ਸਾਧਨ ਸਾਬਤ ਹੋਇਆ ਹੈ।

ਉਨ੍ਹਾਂ ਦੱਸਿਆ ਕਿ ਫਰੀਦਕੋਟ ਜਿਲ੍ਹੇ ਵਿੱਚ ਕੁੱਲ 81 ਦੇ ਕਰੀਬ ਯੋਗ



ਕਲਾਸਾਂ ਚੱਲ ਰਹੀਆਂ ਹਨ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਵਿਚ ਚੱਲ ਰਹੀ ਯੋਗ ਕਲਾਸਾਂ ਨਾਲ ਜਨਤਾ ਨੂੰ ਸਰੀਰਕ ਅਤੇ ਮਾਨਸਿਕ ਸਿਹਤ ਸਬੰਧੀ ਲਾਭ ਮਿਲ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਯੋਗ ਕਲਾਸਾਂ ਵਿੱਚ 2769 ਲੋਕਾਂ ਵੱਲੋਂ ਆਪਣੀ ਰਜਿਸਟਰੇਸ਼ਨ ਕਰਵਾਈ ਗਈ ਹੈ। ਉਨ੍ਹਾਂ ਕਿਹਾ ਕਿ ਯੋਗਾ ਸਿੱਖਣ ਦੇ ਚਾਹਵਾਨਾਂ ਲਈ ਪੰਜਾਬ ਸਰਕਾਰ ਨੇ ਹੈਲਪਲਾਈਨ ਨੰਬਰ 76694-00500 ਸਥਾਪਿਤ ਕੀਤਾ ਹੈ, ਜਿਸ ਤੇ ਮੁਫਤ ਯੋਗ ਕਲਾਸਾਂ ਆਪਣੇ ਮੁਹੱਲੇ ਵਿੱਚ ਲਗਾਉਣ ਲਈ ਲੋਕ ਮਿਸ ਕਾਲ ਕਰ ਸਕਦੇ ਹਨ। ਇਸ ਤੋਂ ਇਲਾਵਾ cmdiyogsala.punjab.gov.in ਤੇ ਵੀ ਪੰਜੀਕਰਨ ਕੀਤਾ ਜਾ ਸਕਦਾ ਹੈ। ਜੇਕਰ 25 ਲੋਕਾਂ ਦਾ ਸਮੂਹ ਹੋਵੇ ਤਾਂ ਉਹ ਆਪਣੇ ਮੁਹੱਲੇ ਜਾਂ ਕਿਸੇ ਵੀ ਕਾਲੋਨੀ ਵਿੱਚ ਯੋਗ ਕਰਨ ਦੇ ਲਈ ਮੁਫਤ ਯੋਗ ਕਲਾਸਾਂ ਲੈਣ ਲਈ ਫੋਨ ਨੰਬਰ ਤੇ ਮਿਸ ਕਾਲ ਦੇ ਸਕਦੇ ਹਨ।

## ਪਿੰਡ ਵਜੀਦੋਵਾਲ ਵਿਖੇ ਡੇਂਗੂ ਮਲੇਰੀਆ ਤੋਂ ਬਚਾਅ ਲਈ ਕੀਤਾ ਦਵਾਈ ਦਾ ਛਿੜਕਾਅ

ਪੰਜਾਬ ਦਾ ਖੁਲਾਸਾ

**ਫਗਵਾੜਾ 12 ਨਵੰਬਰ ( ਪ੍ਰੀਤ ਕੌਰ ਪ੍ਰੀਤੀ )** ਬਲਾਕ ਵਿਕਾਸ ਅਤੇ ਪੰਚਾਇਤ ਅਫਸਰ ਰਾਮਪਾਲ ਰਾਣਾ ਦੀਆਂ ਹਦਾਇਤਾਂ ਅਨੁਸਾਰ ਪੰਚਾਇਤੀ ਚੋਣ ਪ੍ਰਕ੍ਰਿਆ ਖਤਮ ਹੋਣ ਤੋਂ ਬਾਅਦ ਨਵੀਂਆਂ ਬਣੀਆਂ ਪੰਚਾਇਤਾਂ ਦੇ ਸਹਿਯੋਗ ਨਾਲ ਪੇਂਡੂ ਇਲਾਕਿਆਂ 'ਚ ਡੇਂਗੂ ਅਤੇ ਮਲੇਰੀਆ ਤੋਂ ਬਚਾਅ ਲਈ ਕੀਟਨਾਸ਼ਕ ਦਵਾਈ ਦਾ ਛਿੜਕਾਅ ਸ਼ੁਰੂ ਕੀਤਾ ਗਿਆ ਹੈ। ਇਸੇ ਲੜੀ ਤਹਿਤ ਪੰਚਾਇਤ ਸਕੱਤਰ ਮਲਕੀਤ ਚੰਦ ਕੰਗ ਅਤੇ ਉਹਨਾਂ ਦੀ ਟੀਮ ਵਲੋਂ ਪਿੰਡ ਵਜੀਦੋਵਾਲ ਦੇ ਸਰਪੰਚ ਰਿੰਪਲ ਕੁਮਾਰ ਤੇ ਪੰਚਾਇਤ ਦੇ ਸਹਿਯੋਗ ਨਾਲ ਸਰਕਾਰੀ ਪ੍ਰਾਇਮਰੀ ਸਕੂਲ, ਜਨਤਕ ਥਾਵਾਂ ਅਤੇ ਗੰਦਗੀ ਦੇ ਢੇਰਾਂ, ਛੱਪੜਾਂ ਤੋਂ ਇਲਾਵਾ ਗਲੀਆਂ ਨਾਲੀਆਂ ਵਿਚ ਦਵਾਈ ਦਾ ਛਿੜਕਾਅ ਕੀਤਾ ਗਿਆ। ਇਸ ਮੌਕੇ ਗੱਲਬਾਤ ਕਰਦੇ ਹੋਏ ਪੰਚਾਇਤ ਸਕੱਤਰ ਮਲਕੀਤ ਚੰਦ ਨੇ ਦੱਸਿਆ ਕਿ ਬੀ.ਡੀ.ਪੀ.ਓ. ਦਫਤਰ ਵਲੋਂ ਬਰਸਾਤੀ ਮੌਸਮ ਵਿਚ ਛਿੜਕਾਅ ਦੀ ਇਹ ਮੁਹਿਮ





ਅਰੰਭੀ ਗਈ ਸੀ ਪਰ ਪੰਚਾਇਤੀ ਚੋਣ ਜਾਬਤਾ ਲਾਗੂ ਹੋਣ ਕਰਕੇ ਕੁੱਲ 91 ਪਿੰਡਾਂ ਵਿਚੋਂ ਕਾਫੀ ਪਿੰਡ ਰਹਿ ਗਏ ਸਨ। ਜਿਸ ਕਰਕੇ ਆਉਂਦੇ ਦਿਨਾਂ ਵਿਚ ਬਰਸਾਤ ਦੀ ਸੰਭਾਵਨਾ ਨੂੰ ਦੇਖਦੇ ਹੋਏ ਰਹਿੰਦੇ ਪਿੰਡ ਕਵਰ ਕਰਨ ਦੀ ਸ਼ੁਰੂਆਤ ਕੀਤੀ ਗਈ ਹੈ। ਸਰਪੰਚ ਰਿੰਪਲ ਕੁਮਾਰ ਨੇ ਬੀ.ਡੀ.ਓ. ਦਫਤਰ ਦੇ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਪੇਂਡੂ ਵਿਕਾਸ ਵਿਚ ਇਸ ਵਿਭਾਗ ਦੀ ਵੱਡੀ ਭੂਮਿਕਾ ਹੁੰਦੀ ਹੈ। ਉਹਨਾਂ ਪਿੰਡ ਵਾਸੀਆਂ ਨੂੰ ਵੀ ਅਪੀਲ ਕੀਤੀ ਕਿ ਘਰਾਂ ਦੇ ਗਮਲਿਆਂ, ਪੰਛੀਆਂ ਦੇ ਪੀਣ ਵਾਲੇ ਪਾਣੀ ਦੇ ਭਾਂਡਿਆਂ ਅਤੇ ਆਲੇ-ਦੁਆਲੇ ਫਾਲਤੂ ਪਾਣੀ ਖੜਾ ਨਾ ਹੋਣ ਦਿੱਤਾ ਜਾਵੇ। ਇਸ ਮੌਕੇ ਅਸ਼ੋਕ ਕੁਮਾਰ, ਨਰਿੰਦਰ ਕੁਮਾਰ, ਸੰਜੀਵ ਕੁਮਾਰ, ਰਿਟਾ. ਇੰਸਪੈਕਟਰ ਰਮਨ ਕੁਮਾਰ, ਰਵੀ ਦੱਤ, ਬਲਿਹਾਰ ਚੰਦ, ਜਸਵਿੰਦਰ ਪਾਲ, ਬਨੀ ਸ਼ਰਮਾ, ਵਿਕਾਸ ਕੁਮਾਰ, ਹੰਸਰਾਜ, ਕੁਲਦੀਪ ਕੁਮਾਰ, ਸੋਹਨ ਲਾਲ ਆਦਿ ਹਾਜਰ ਸਨ।

## ਵੁਸ਼ੂ ਖੇਡ ਦੇ ਸਿਲੈਕਸ਼ਨ ਲਈ ਟਰਾਇਲ ਮਿਤੀ 14 ਨਵੰਬਰ ਨੂੰ

ਪੰਜਾਬ ਦਾ ਖੁਲਾਸਾ

**ਫਰੀਦਕੋਟ 12 ਨਵੰਬਰ (ਗੁਰਦੀਪ ਸਿੰਘ ਢਿੱਲੋਂ)**- ਪੰਜਾਬ ਸਰਕਾਰ ਵੱਲੋਂ ਖੇਡਾਂ ਵਤਨ ਪੰਜਾਬ ਦੀਆਂ ਅਧੀਨ ਬਲਾਕ, ਜ਼ਿਲ੍ਹਾ ਅਤੇ ਰਾਜ ਪੱਧਰੀ ਖੇਡਾਂ ਵੱਖ-ਵੱਖ ਜ਼ਿਲਿਆਂ ਵਿੱਚ ਕਰਵਾਈਆ ਜਾ ਰਹੀਆਂ ਹਨ। ਜਿਸ ਵਿੱਚੋਂ ਬਲਾਕ ਅਤੇ ਜ਼ਿਲ੍ਹਾ ਪੱਧਰੀ ਖੇਡਾਂ ਸਮਾਪਤ ਹੋ ਚੁੱਕੀਆਂ ਹਨ। ਹੁਣ ਰਾਜ ਪੱਧਰੀ ਖੇਡਾਂ ਪੰਜਾਬ ਰਾਜ ਦੇ ਵੱਖ-ਵੱਖ ਜ਼ਿਲ੍ਹਿਆ ਵਿੱਚ ਅਕਤੂਬਰ ਅਤੇ ਨਵੰਬਰ ਮਹੀਨੇ ਦੌਰਾਨ ਕਰਵਾਈਆ ਜਾ ਰਹੀਆਂ ਹਨ। ਇਹ ਜਾਣਕਾਰੀ ਸ.ਬਲਜਿੰਦਰ ਸਿੰਘ ਜ਼ਿਲ੍ਹਾ ਖੇਡ ਅਫਸਰ ਫਰੀਦਕੋਟ ਨੇ ਦਿੱਤੀ।

ਉਨ੍ਹਾਂ ਦੱਸਿਆ ਕਿ ਇਨ੍ਹਾਂ ਰਾਜ ਪੱਧਰੀ ਖੇਡਾਂ ਵਿੱਚ ਕੁਝ ਖੇਡਾਂ ਵਿੱਚ ਖਿਡਾਰੀਆਂ ਦੀ ਚੋਣ ਟਰਾਇਲਾਂ ਰਾਹੀਂ ਕੀਤੀ ਜਾਣੀ ਹੈ। ਇਨ੍ਹਾਂ ਖੇਡਾਂ ਵਿੱਚੋਂ ਵੁਸ਼ੂ ਖੇਡ ਜ਼ਿਲ੍ਹਾ ਪੱਧਰ ਤੇ ਨਹੀਂ ਕਰਵਾਈ ਗਈ ਇਸ ਲਈ ਵੁਸ਼ੂ ਖੇਡ ਦੇ ਸਿਲੈਕਸ਼ਨ ਲਈ ਟਰਾਇਲ ਮਿਤੀ 14 ਨਵੰਬਰ ਨੂੰ ਸਵੇਰੇ 10.00 ਵਜੇ ਨਹਿਰੂ ਸਟੇਡੀਅਮ ਫਰੀਦਕੋਟ ਵਿਖੇ ਰੱਖੇ ਗਏ ਹਨ। ਇਨ੍ਹਾਂ ਟਰਾਇਲਾਂ ਨੂੰ ਕੰਡਕਟ ਕਰਨ ਲਈ ਕਨਵੀਨਰ ਸ਼੍ਰੀ ਹੁਕਮ ਚੰਦ ਮੋਬ.ਨੰ. 90411-68719 ਨਾਲ ਸੰਪਰਕ ਕੀਤਾ ਜਾ ਸਕਦਾ ਹੈ। ਇਨ੍ਹਾਂ ਟਰਾਇਲਾਂ ਵਿੱਚ ਭਾਗ ਲੈਣ ਵਾਲੇ ਖਿਡਾਰੀਆਂ ਲਈ ਆਧਾਰ ਕਾਰਡ ਬਤੌਰ ਆਈ.ਡੀ ਪਰੂਫ, ਫੋਟੋ, ਜਨਮ ਸਰਟੀਫਿਕੇਟ ਪਰੂਫ ਅਤੇ ਬੈਂਕ ਖਾਤੇ ਦੀ ਕਾਪੀ ਰਜਿਸਟ੍ਰੇਸ਼ਨ ਲਈ ਨਾਲ ਲਿਆਉਣੀ ਜਰੂਰੀ ਹੈ। ਇਹਨਾਂ ਟਰਾਇਲਾਂ ਵਿੱਚ ਖਿਡਾਰੀਆਂ ਨੂੰ ਖੇਡ ਵੈਨਿਊ ਤੇ ਆਉਣ ਜਾਣ ਲਈ ਕੋਈ ਵੀ ਟੀ.ਏ/ਡੀ.ਏ ਨਹੀ ਦਿੱਤਾ ਜਾਵੇਗਾ।

## ਮਨਸਾ ਦੇਵੀ ਮੰਦਿਰ ਸਤਨਾਮਪੁਰਾ ਵਿੱਚ ਸਿੱਧੀਵਿਨਾਇਕ ਚਤੁਰਥੀ ਮੌਕੇ ਮਹਿਲਾ ਸੰਕੀਰਤਨ ਹੋਇਆ

ਪੰਜਾਬ ਦਾ ਖੁਲਾਸਾ

**ਫਗਵਾੜਾ 12 ਨਵੰਬਰ (ਪ੍ਰੀਤ ਕੌਰ ਪ੍ਰੀਤੀ)** ਮਨਸਾ ਦੇਵੀ ਮਹਿਲਾ ਸੰਕੀਰਤਨ ਮੰਡਲੀ ਵੱਲੋਂ ਮੰਗਲਵਾਰ ਨੂੰ ਪ੍ਰਾਚੀਨ ਸਿੱਧ ਪੀਠ ਮਾਤਾ ਜਵਾਲਾ ਜੀ ਮੰਦਿਰ ਮਾਨਸਾ ਦੇਵੀ ਮੰਦਿਰ ਹਦੀਆਬਾਦ ਵਿਖੇ ਦੇਵਥਾਨੀ ਇਕਾਦਸ਼ੀ ਅਤੇ ਤੁਲਸੀ ਵਿਵਾਹ ਦੇ ਮੌਕੇ 'ਤੇ ਸੰਕੀਰਤਨ ਕੀਤਾ ਗਿਆ। ਜਿਸ ਵਿੱਚ ਮਹਿਲਾ ਸਮੂਹ ਨੇ ਦੇਵੀ ਭਗਵਤੀ ਦਾ ਗੁਣਗਾਨ ਕੀਤਾ। ਉਪਰੰਤ ਤੁਲਸੀ ਵਿਵਾਹ ਦਾ ਆਯੋਜਨ ਕੀਤਾ ਗਿਆ। ਸ਼ਰਧਾਲੂਆਂ ਨੇ ਵਿਸ਼ੇਸ਼ ਤੌਰ 'ਤੇ ਚਾਰ-ਧਾਰੀ ਭਗਵਾਨ ਵਿਸ਼ਨੂੰ ਦੀ ਪੂਜਾ ਕੀਤੀ। ਉਪਰੰਤ ਮਹਾਂ ਆਰਤੀ ਕਰਵਾਈ ਗਈ। ਮੰਦਰ ਦੇ ਪੁਜਾਰੀ ਰਾਮਚਰਨ ਪੋਖਰਿਆਲ ਨੇ ਦੱਸਿਆ ਕਿ ਸਨਾਤਨ ਧਰਮ ਵਿਚ ਦੇਵਤਾਨੀ ਇਕਾਦਸ਼ੀ ਦਾ ਵਿਸ਼ੇਸ਼ ਮਹੱਤਵ ਹੈ। ਇਸ ਇਕਾਦਸ਼ੀ ਨੂੰ ਪ੍ਰਬੋਧਿਨੀ ਇਕਾਦਸ਼ੀ ਵੀ ਕਿਹਾ ਜਾਂਦਾ ਹੈ। ਇਹ ਇਕਾਦਸ਼ੀ ਕਾਰਤਿਕ ਮਹੀਨੇ ਦੇ ਸ਼ੁਕਲ ਪੱਖ ਦੀ ਗਿਆਰਵੀਂ ਤਰੀਕ ਨੂੰ ਮਨਾਈ ਜਾਂਦੀ ਹੈ। ਧਾਰਮਿਕ ਮਾਨਤਾ ਦੇ ਅਨੁਸਾਰ, ਇਸ ਦਿਨ ਭਗਵਾਨ ਵਿਸ਼ਨੂੰ ਚਾਰ ਮਹੀਨਿਆਂ ਦੇ ਯੋਗਨਿਦ੍ਰਾ (ਚਤੁਰਮਾਸ) ਤੋਂ ਜਾਗਦੇ ਹਨ। ਦੇਵਤਾਨੀ ਇਕਾਦਸ਼ੀ ਤੋਂ ਬਾਅਦ ਸਾਰੇ ਸ਼ੁਭ ਕੰਮ ਸ਼ੁਰੂ ਕੀਤੇ ਜਾਂਦੇ ਹਨ। ਇਸ ਦਿਨ ਲੋਕ ਵਰਤ ਰੱਖਦੇ ਹਨ ਅਤੇ ਭਗਵਾਨ ਵਿਸ਼ਨੂੰ ਦੀ ਪੂਜਾ ਕਰਦੇ ਹਨ। ਸ਼ੰਕਰ ਨਾਥ ਪਰਵਤ ਚੈਰੀਟੇਬਲ ਐਂਡ ਵੈਲਫੇਅਰ ਟਰੱਸਟ ਨਕੋਦਰ ਰੋਡ ਹਦੀਆਬਾਦ ਫਗਵਾੜਾ ਦੇ ਟਰੱਸਟੀ ਮੈਂਬਰਾਂ ਨੇ ਤੁਲਸੀ ਵਿਵਾਹ ਅਤੇ ਦੇਵਥਨੀ





ਇਹ ਵਰਤ ਰੱਖਣ ਨਾਲ ਮਨੁੱਖ ਨੇਕੀ ਦੀ ਪ੍ਰਾਪਤੀ ਹੁੰਦੀ ਹੈ ਅਤੇ ਉਸ ਦੇ ਪਾਪ ਨਸ਼ਟ ਹੋ ਜਾਂਦੇ ਹਨ। ਦੇਵਥਨੀ ਇਕਾਦਸ਼ੀ ਤੋਂ ਬਾਅਦ, ਵਿਆਹ, ਘਰ ਦੀ ਤਪਸ਼ ਅਤੇ ਹੋਰ ਧਾਰਮਿਕ ਸਮਾਗਮ ਆਯੋਜਿਤ ਕੀਤੇ ਜਾਂਦੇ ਹਨ। ਇਸ ਨੂੰ ਨਵੇਂ ਸੈਸ਼ਨ ਦੀ ਸ਼ੁਰੂਆਤ ਮੰਨਿਆ ਜਾ ਰਿਹਾ ਹੈ। ਇਸ ਦਿਨ ਭਗਵਾਨ ਵਿਸ਼ਨੂੰ ਦੀ ਰੀਤੀ ਰਿਵਾਜਾਂ ਅਨੁਸਾਰ ਪੂਜਾ ਕਰਨ ਨਾਲ ਵਿਅਕਤੀ ਮੁਕਤੀ ਪ੍ਰਾਪਤ ਕਰਦਾ ਹੈ। ਇਹ ਮੰਨਿਆ ਜਾਂਦਾ ਹੈ ਕਿ ਦੇਵਤਾਨੀ ਇਕਾਦਸ਼ੀ ਦਾ ਵਰਤ ਰੱਖਣ ਨਾਲ ਇੱਕ ਹਜ਼ਾਰ ਅਸ਼ਵਮੇਧ ਯੱਗਾਂ ਅਤੇ ਸੌ ਰਾਜਸੂਯ ਯੱਗਾਂ ਦੇ ਬਰਾਬਰ ਫਲ ਮਿਲਦਾ ਹੈ। ਸ਼੍ਰੀ ਸਵਾਮੀ ਇਕਾਦਸ਼ੀ ਦੇ ਮੌਕੇ 'ਤੇ ਮੰਦਰ ਪਰਿਸਰ 'ਚ ਆਉਣ ਵਾਲੀਆਂ ਸਾਰੀਆਂ ਸੰਗਤਾਂ ਨੂੰ ਛੋਲੇ ਕੁਲਚਾ ਅਤੇ ਹਲਵਾ ਚਨਾ ਦਾ ਪ੍ਰਸ਼ਾਦ ਵੰਡਿਆ। ਜਿਸ ਵਿਚ ਮੁੱਖ ਸੇਵਾਦਾਰ ਬ੍ਰਿਜ ਭੂਸ਼ਣ ਜਲੋਟਾ, ਰਣਬੀਰ ਦੁੱਗਲ, ਅਸ਼ੋਕ ਚੱਢਾ, ਪਵਨ ਕਸ਼ਯਪ, ਲਲਿਤ ਤਿਵਾੜੀ, ਦੇਵੇਂਦਰ ਕੁਮਾਰ, ਵਤਸਲ ਤਿਵਾੜੀ, ਕਨਵ ਤਿਵਾੜੀ ਅਤੇ ਮਹਿਲਾ ਸੰਕੀਰਤਨ ਮੰਡਲੀ ਤੋਂ ਰਮਾ ਸ਼ਰਮਾ, ਸੁਮਨ ਸੇਠ, ਕੁਲਵੰਤ ਕੌਰ, ਡਾ. ਬਲਵਿੰਦਰ ਕੌਰ, ਰੁਪਿੰਦਰ ਕੌਰ, ਕੈਲਾਸ਼ ਦੇਵੀ, ਗੁਰਮੀਤ ਕੌਰ, ਮਨਪ੍ਰੀਤ ਕੌਰ, ਕਮਲੇਸ਼ ਰਾਣੀ, ਨਿਰਮਲ ਆਦਿ ਹਾਜ਼ਰ ਸਨ।

## ਮਾਨਸਾ ਦੇ ਪੈਟਰੋਲ ਪੰਪ 'ਤੇ ਹੋਏ ਗ੍ਰਨੇਡ ਹਮਲੇ ਦੇ ਮਾਮਲੇ 'ਚ ਸਨਸਨੀਖੇਜ਼ ਖ਼ੁਲਾਸਾ

ਪੰਜਾਬ ਦਾ ਖੁਲਾਸਾ

**ਚੰਡੀਗੜ੍ਹ/ਮਾਨਸਾ** : ਗੈਂਗਸਟਰ ਤੋਂ ਅੱਤਵਾਦੀ ਬਣੇ ਅਰਸ਼ ਡੱਲਾ ਦੇ ਨੈੱਟਵਰਕ ਨੂੰ ਇੱਕ ਹੋਰ ਝਟਕਾ ਦਿੰਦਿਆਂ, ਕਾਊਂਟਰ ਇੰਟੈਲੀਜੈਂਸ (ਸੀ.ਆਈ.) ਬਠਿੰਡਾ ਦੀ ਟੀਮ ਨੇ ਮਾਨਸਾ ਪੁਲਿਸ ਨਾਲ ਸਾਂਝੇ ਆਪ੍ਰੇਸ਼ਨ ਵਿੱਚ ਮਾਨਸਾ ਗ੍ਰਨੇਡ ਹਮਲੇ ਦੇ ਮੁੱਖ ਦੋਸ਼ੀ ਸ਼ਿਮਲਾ ਸਿੰਘ, ਜਿਸਨੇ ਨੇ ਅਰਸ਼ ਡੱਲਾ ਦੇ ਨਿਰਦੇਸ਼ਾਂ 'ਤੇ ਪੈਟਰੋਲ ਪੰਪ 'ਤੇ ਗ੍ਰਨੇਡ ਸੁੱਟਿਆ ਸੀ, ਨੂੰ ਗ੍ਰਿਫਤਾਰ ਕਰਕੇ ਇਸ ਮਾਮਲੇ ਦੀ ਗੁੱਥੀ ਸੁਲਝਾ ਲਈ ਹੈ। ਇਹ ਜਾਣਕਾਰੀ ਅ ਜ ਇਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਗੌਰਵ ਯਾਦਵ ਨੇ ਦਿੱਤੀ।

ਇਹ ਸਫ਼ਲਤਾ ਗੁਰਪ੍ਰੀਤ ਸਿੰਘ ਹਰੀ ਨੌ ਉਰਫ਼ ਭੋਡੀ, ਜਿਸਨੂੰ ਅੱਤਵਾਦੀ ਅਰਸ਼ ਡੱਲਾ ਦੇ ਇਸ਼ਾਰੇ 'ਤੇ 9 ਅਕਤੂਬਰ, 2024 ਨੂੰ ਮਾਰ ਦਿੱਤਾ ਗਿਆ ਸੀ, ਦੇ ਕਤਲ ਵਿੱਚ ਸ਼ਮੂਲੀਅਤ ਲਈ ਦੋ ਸ਼ੂਟਰਾਂ ਬਰਨਾਲਾ ਦੇ ਅਨਮੋਲਪ੍ਰੀਤ ਸਿੰਘ ਉਰਫ਼ ਵਿਸ਼ਾਲ ਅਤੇ ਖਰੜ ਦੇ ਨਵਜੋਤ ਸਿੰਘ ਉਰਫ਼ ਨੀਤੂ ਦੀ ਗ੍ਰਿਫ਼ਤਾਰੀ ਦੇ 72 ਘੰਟਿਆਂ ਤੋਂ ਵੀ ਘੱਟ ਸਮੇਂ ਅੰਦਰ ਹਾਸਲ ਹੋਈ ਹੈ।

ਜਾਣਕਾਰੀ ਅਨੁਸਾਰ 26 ਅਤੇ 27 ਅਕਤੂਬਰ, 2024 ਦੀ ਦਰਮਿਆਨੀ ਰਾਤ ਨੂੰ ਮਾਨਸਾ ਦੇ ਸਿਰਸਾ ਰੋਡ ਸਥਿਤ ਜੀਓ ਦੇ ਪੈਟਰੋਲ ਪੰਪ ਸਟੇਸ਼ਨ 'ਤੇ ਹੈਂਡ ਗ੍ਰਨੇਡ ਹਮਲਾ ਕੀਤਾ ਗਿਆ ਸੀ। ਧਮਾਕੇ ਤੋਂ ਬਾਅਦ ਪੈਟਰੋਲ ਪੰਪ ਦੇ ਮਾਲਕ ਨੂੰ ਇੱਕ ਵਿਦੇਸ਼ੀ ਮੋਬਾਈਲ ਨੰਬਰ ਤੋਂ ਧਮਕੀ ਭਰੀ ਕਾਲ ਵੀ ਆਈ ਸੀ, ਜਿਸ ਵਿੱਚ ਫੋਨ ਕਰਨ ਵਾਲੇ ਨੇ ਹਮਲੇ ਦੀ ਜ਼ਿੰਮੇਵਾਰੀ ਲਈ ਸੀ ਅਤੇ 5 ਕਰੋੜ ਰੁਪਏ ਦੀ ਫਿਰੌਤੀ ਮੰਗੀ ਸੀ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁਲਜ਼ਮ ਸ਼ਿਮਲਾ ਸਿੰਘ ਨੇ ਮਾਨਸਾ ਗ੍ਰੇਨੇਡ ਹਮਲੇ ਵਿੱਚ ਆਪਣੀ ਭੂਮਿਕਾ ਦਾ ਇਕਬਾਲ ਕਰਦਿਆਂ ਖ਼ੁਲਾਸਾ ਕੀਤਾ ਕਿ ਉਸ ਨੇ ਅੱਤਵਾਦੀ ਅਰਸ਼ ਡੱਲਾ ਦੇ ਨਿਰਦੇਸ਼ਾਂ 'ਤੇ ਗੜ੍ਹਸ਼ੰਕਰ ਇਲਾਕੇ ਤੋਂ ਇਹ ਗ੍ਰਨੇਡ ਹਾਸਲ ਕੀਤਾ ਸੀ। ਉਨ੍ਹਾਂ ਦੱਸਿਆ ਕਿ ਮੁੱਢਲੀ ਜਾਂਚ ਤੋਂ ਇਹ ਵੀ ਪਤਾ ਲੱਗਾ ਹੈ ਕਿ ਮੁਲਜ਼ਮ ਸ਼ਿਮਲਾ ਸਿੰਘ ਨੇ ਗੁਰਪ੍ਰੀਤ ਸਿੰਘ ਹਰੀ ਨੌ ਕਤਲ ਕਾਂਡ ਵਿੱਚ ਸ਼ਾਮਲ ਸ਼ੂਟਰਾਂ ਨੂੰ ਲੌਜਿਸਟਿਕਲ ਸਹਾਇਤਾ ਵੀ ਪ੍ਰਦਾਨ ਕੀਤੀ ਸੀ।

ਡੀਜੀਪੀ ਨੇ ਕਿਹਾ ਕਿ ਮੁਲਜ਼ਮ ਸ਼ਿਮਲਾ ਸਿੰਘ ਪਹਿਲਾਂ ਵੀ ਵੱਖ-ਵੱਖ ਅਪਰਾਧਿਕ ਗਤੀਵਿਧੀਆਂ ਵਿੱਚ ਸ਼ਾਮਲ ਸੀ ਅਤੇ ਅਪ੍ਰੈਲ 2023 ਵਿੱਚ ਸੀਆਈ ਬਠਿੰਡਾ ਨੇ ਸ਼ਿਮਲਾ ਸਿੰਘ ਨੂੰ ਤਿੰਨ ਪਿਸਤੌਲਾਂ ਸਮੇਤ ਗ੍ਰਿਫ਼ਤਾਰ ਕਰਕੇ ਉੱਤਰਾਖੰਡ ਦੇ ਇੱਕ ਵਿਅਕਤੀ ਨੂੰ ਨਿਸ਼ਾਨਾ ਬਣਾਉਣ ਸਬੰਧੀ ਦੀ ਉਸ ਦੀ ਯੋਜਨਾ ਨੂੰ ਨਾਕਾਮ ਕਰ ਦਿੱਤਾ ਸੀ। ਉਨ੍ਹਾਂ ਅੱਗੇ ਕਿਹਾ ਕਿ ਸਾਜ਼ਿਸ਼ ਦੇ ਅਗਲੇ-ਪਿਛਲੇ ਸਬੰਧਾਂ ਦਾ ਪਤਾ ਲਗਾਉਣ ਲਈ ਹੋਰ ਪੁੱਛਗਿੱਛ ਜਾਰੀ ਹੈ ਅਤੇ ਇਸ ਮਾਮਲੇ ਵਿੱਚ ਹੋਰ ਗ੍ਰਿਫ਼ਤਾਰੀਆਂ ਹੋਣ ਦੀ ਸੰਭਾਵਨਾ ਹੈ।

ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਐਸਐਸਪੀ ਮਾਨਸਾ ਭਾਗੀਰਥ ਸਿੰਘ ਮੀਨਾ ਨੇ ਦੱਸਿਆ ਕਿ ਉਕਤ ਮਾਮਲੇ ਦੀ ਅਗਲੇਰੀ ਜਾਂਚ ਲਈ ਐਸਪੀ ਇਨਵੈਸਟੀਗੇਸ਼ਨ ਮਾਨਸਾ ਮਨਮੋਹਨ ਸਿੰਘ ਔਲਖ ਦੀ ਪ੍ਰਧਾਨਗੀ ਹੇਠ ਵਿਸ਼ੇਸ਼ ਜਾਂਚ ਟੀਮ (ਐਸਆਈਟੀ) ਦਾ ਗਠਨ ਕੀਤਾ ਗਿਆ ਸੀ। ਐਸਆਈਟੀ ਨੇ ਸੀਆਈ ਬਠਿੰਡਾ ਨਾਲ ਤਾਲਮੇਲ ਕਰਕੇ ਤੁਰੰਤ ਕਾਰਵਾਈ ਕਰਦਿਆਂ ਵਿਗਿਆਨਕ ਢੰਗ ਨਾਲ ਜਾਂਚ ਕੀਤੀ।

ਏਆਈਜੀ ਸੀਆਈ ਬਠਿੰਡਾ ਅਵਨੀਤ ਕੌਰ ਨੇ ਦੱਸਿਆ ਕਿ ਸੀਆਈ ਬਠਿੰਡਾ ਅਤੇ ਮਾਨਸਾ ਪੁਲਿਸ ਦੀਆਂ ਟੀਮਾਂ ਨੇ ਸਾਂਝੇ ਤੌਰ 'ਤੇ ਮੁਲਜ਼ਮ ਸ਼ਿਮਲਾ ਸਿੰਘ ਨੂੰ ਮਾਨਸਾ ਦੇ ਖੋਖਰ ਰੋਡ ਤੋਂ ਉਸ ਵੇਲੇ ਗ੍ਰਿਫ਼ਤਾਰ ਕੀਤਾ ਜਦੋਂ ਉਹ ਪੈਦਲ ਕਿਤੇ ਜਾ ਰਿਹਾ ਸੀ।

## ਜੋਗਿੰਦਰ ਸਿੰਘ ਮਾਨ ਨੇ ਸ਼ਹਿਰ ਦੇ ਵੱਖ-ਵੱਖ ਵਾਰਡਾਂ 'ਚ ਵਿਕਾਸ ਕਾਰਜਾਂ ਦੀ ਕਰਵਾਈ ਸ਼ੁਰੂਆਤ

ਪੰਜਾਬ ਦਾ ਖੁਲਾਸਾ

**ਫਗਵਾੜਾ 12 ਨਵੰਬਰ (ਪ੍ਰੀਤ ਕੌਰ ਪ੍ਰੀਤੀ)** ਫਗਵਾੜਾ ਦੇ ਮੁਹੱਲਾ ਪਲਾਹੀ ਗੇਟ ਵਿਖੇ 8 ਲੱਖ ਦੀ ਲਾਗਤ ਨਾਲ ਸ੍ਰਿਸ਼ਟੀ ਕਰਤਾ ਭਗਵਨ ਵਾਲਮੀਕਿ ਚੌਂਕ ਦੀ ਉਸਾਰੀ ਅਤੇ 8 ਲੱਖ ਦੀ ਲਾਗਤ ਨਾਲ ਹਦੀਆਬਾਦ ਵਿਖੇ ਲਵ-ਕੁਸ਼ ਚੌਂਕ ਦੀ ਉਸਾਰੀ ਦੇ ਕੰਮ ਦੀ ਸ਼ੁਰੂਆਤ ਅੱਜ ਆਮ ਆਦਮੀ ਪਾਰਟੀ ਵਿਧਾਨਸਭਾ ਹਲਕਾ ਫਗਵਾੜਾ ਦੇ ਇੰਚਾਰਜ ਜੋਗਿੰਦਰ ਸਿੰਘ ਮਾਨ ਵਲੋਂ ਕਰਵਾਈ ਗਈ। ਇਸ ਤੋਂ ਇਲਾਵਾ ਉਹਨਾਂ ਨੇ ਸ਼ਹਿਰ ਦੇ ਮੁਹੱਲਾ ਗ੍ਰੀਨ ਲੈਂਡ ਵਿਖੇ 19 ਲੱਖ ਰੁਪਏ ਦੀ ਲਾਗਤ ਨਾਲ ਵੱਖ-ਵਿੱਖ ਵਿਕਾਸ ਕਾਰਜਾਂ ਦੀ ਸ਼ੁਰੂਆਤ ਵੀ ਕਰਵਾਈ। ਮਾਨ ਨੇ ਕਿਹਾ ਕਿ ਪਲਾਹੀ ਗੇਟ ਅਤੇ ਹਦੀਆਬਾਦ ਦੇ ਵਸਨੀਕਾਂ ਦੀ ਦਿਲੀ ਇੱਛਾ ਸੀ ਕਿ ਇਹਨਾਂ ਚੌਂਕਾ ਦਾ ਨਾਮ ਮਹਾਪੁਰਸ਼ਾਂ ਦੇ ਨਾਮ ਤੇ ਰੱਖਿਆ ਜਾਵੇ। ਮੁੱਖ ਮੰਤਰੀ ਭਗਵੰਤ ਮਾਨ ਅਤੇ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਵਲੋਂ ਅੱਜ ਦੋਵੇਂ ਇਲਾਕੇ ਦੇ ਲੋਕਾਂ ਦੀ ਇੱਛਾ ਪੂਰੀ ਕਰਦੇ ਹੋਏ ਉਹਨਾਂ ਨੂੰ ਦਿਲੀ ਖੁਸ਼ੀ ਮਹਿਸੂਸ ਹੋ ਰਹੀ ਹੈ। ਉਹਨਾਂ ਮੁਹੱਲਾ



ਗਰੀਨ ਲੈਂਡ ਵਿਖੇ ਵਿਕਾਸ ਕਾਰਜਾਂ ਦੀ ਆਰੰਭਤਾ ਕਰਵਾਉਣ ਸਮੇਂ ਕਿਹਾ ਕਿ ਸ਼ਹਿਰ ਦੇ ਹਰੇਕ ਵਾਰਡ ਦਾ ਵਿਕਾਸ ਮੈਰਿਟ ਦੇ ਅਧਾਰ ਤੇ ਕਰਵਾਇਆ ਜਾ ਰਿਹਾ ਹੈ। ਅਧੂਰੇ ਪਏ ਵਿਕਾਸ ਦੇ ਕੰਮਾਂ ਨੂੰ ਪਹਿਲ ਦਿੱਤੀ ਜਾ ਰਹੀ ਹੈ। ਇਸ ਮੌਕੇ ਹਰਨੂਰ ਸਿੰਘ ਮਾਨ ਸਪੋਕਸ ਪਰਸਨ ਪੰਜਾਬ, ਹਰਮੇਸ਼ ਪਾਠਕ, ਕ੍ਰਿਸ਼ਨ ਕੁਮਾਰ ਹੀਰੋ, ਧਰਮਵੀਰ ਸੇਠੀ, ਦਵਿੰਦਰ ਕੁਲਥਮ, ਗੁਰਦੀਪ ਸਿੰਘ ਦੀਪਾ, ਮੋਹਨ ਸਿੰਘ ਗਾਂਧੀ, ਕਾਸ਼ਵ ਰਹਿਮਾਨ, ਇੰਦਰਜੀਤ ਕਰਵਲ, ਰਾਜੇਸ਼ ਪਲਟਾ, ਆਰ.ਕੇ. ਮੱਟੂ, ਸਨੀ ਬੱਤਾ, ਰਣਜੀਤ ਪਾਲ ਪਾਬਲਾ, ਵਿਜੇ ਬਸੰਤ ਨਗਰ, ਗੁਰਦੀਪ ਸਿੰਘ ਤੁਲੀ ਕੋਆਰਡੀਨੇਟਰ ਵਪਾਰ ਸੈਲ ਫਗਵਾੜਾ, ਮਹਿਲਾ ਆਪ ਆਗੂ ਪ੍ਰਿਤਪਾਲ ਕੌਰ ਤੁੱਲੀ, ਰਘਬੀਰ ਕੌਰ ਕੋਆਰਡੀਨੇਟਰ ਮਹਿਲਾ ਵਿੰਗ, ਨਿਰਮਲ ਸਿੰਘ, ਪਰਮਜੀਤ ਧਰਮਕੋਟ, ਲੱਕੀ ਸਰਵੱਟਾ, ਬੰਟੀ ਗਿੱਲ, ਅਮਨ ਬਸਰਾ, ਜਤਿੰਦਰ ਢੰਡਾ, ਰਜਿੰਦਰ ਢੰਡਾ, ਜਿੰਦਰ ਰਸੀਲਾ, ਪੁਰਸ਼ੋਤਮ ਸਰਪੰਚ ਵਾਹਦ, ਅਲਕਾ ਰਾਣੀ, ਜਿੰਦਰ ਭਾਣੋਕੀ, ਅਨਿਲ ਪਾਂਡੇ, ਸੰਤੋਖ ਬਾਬਾ ਗਧੀਆ, ਸੌਰਵ ਹਾਂਡਾ, ਸਤਪਾਲ ਮੱਟੂ ਆਦਿ ਹਾਜਰ ਸਨ।

## ਰਾਜੇਸ਼ ਬਾਘਾ ਬਣੇ ਬ੍ਰਿਟਿਸ਼ ਰਵਿਦਾਸੀਆ ਹੈਰੀਟੇਜ ਫਾਊਂਡੇਸ਼ਨ ਦੀ ਭਾਰਤੀ ਇਕਾਈ ਦੇ ਕੌਮੀ ਪ੍ਰਧਾਨ

ਪੰਜਾਬ ਦਾ ਖੁਲਾਸਾ

**ਫਗਵਾੜਾ 12 ਨਵੰਬਰ (ਪ੍ਰੀਤ ਕੌਰ ਪ੍ਰੀਤੀ)** ਬ੍ਰਿਟੇਨ ਅਧਾਰਤ ਸਮਾਜ ਸੇਵੀ ਜੱਥੇਬੰਦੀ ਬ੍ਰਿਟਿਸ਼ ਰਵਿਦਾਸੀਆ ਹੈਰੀਟੇਜ ਫਾਊਂਡੇਸ਼ਨ ਯੂ.ਕੇ. (ਬੀ.ਆਰ.ਐਚ.ਐਫ.) ਵਲੋਂ ਸੰਤ ਸਤਨਾਮ ਸਿੰਘ ਨਰੂੜ ਅਤੇ ਸੰਤ ਬੇਲਾ ਦਾਸ ਨਰੂੜ ਨੂੰ ਭਾਰਤੀ ਸ਼ਾਖਾ ਦਾ ਸਰਪ੍ਰਸਤ ਨਿਯੁਕਤ ਕੀਤਾ ਹੈ, ਜਦਕਿ ਕਿ ਰਾਜੇਸ਼ ਬਾਘਾ ਨੂੰ ਫਾਊਂਡੇਸ਼ਨ ਦਾ ਆਲ ਇੰਡੀਆ ਪ੍ਰਧਾਨ ਅਤੇ ਬਲਬੀਰ ਰਾਮ ਰਤਨ ਨੂੰ ਅਗਲੇ ਤਿੰਨ ਸਾਲ ਲਈ ਜਨਰਲ ਸਕੱਤਰ (ਭਾਰਤੀ ਸ਼ਾਖਾ) ਨਿਯੁਕਤ ਕੀਤਾ ਗਿਆ ਹੈ। ਇਸ ਸਬੰਧੀ ਨਿਯੁਕਤੀ ਪੱਤਰ ਉਨ੍ਹਾਂ ਨੂੰ ਫਾਊਂਡੇਸ਼ਨ ਦੇ ਅੰਤਰਰਾਸ਼ਟਰੀ ਪ੍ਰਧਾਨ ਓਮ ਪ੍ਰਕਾਸ਼ ਬਾਘਾ ਅਤੇ ਜਨਰਲ ਸਕੱਤਰ ਸਤਪਾਲ ਨੇ ਭੇਂਟ ਕੀਤੇ। ਨਿਯੁਕਤੀ ਪੱਤਰਾਂ ਵਿੱਚ ਕਿਹਾ ਗਿਆ ਹੈ ਕਿ ਰਾਜੇਸ਼ ਬਾਘਾ ਸਮੇਤ ਸਮੂਹ ਪਤਵੰਤਿਆਂ ਦੀ ਸਮਾਜ ਅਤੇ ਮਨੁੱਖਤਾ ਪ੍ਰਤੀ ਸਮਰਪਣ ਭਾਵਨਾ ਅਤੇ ਸੇਵਾਵਾਂ ਨੂੰ ਮੁੱਖ ਰੱਖਦਿਆਂ ਇਹ ਜ਼ਿੰਮੇਵਾਰੀ ਦਿੱਤੀ ਗਈ ਹੈ ਤਾਂ ਜੋ ਉਹ ਫਾਊਂਡੇਸ਼ਨ ਦੀਆਂ ਸਮਾਜ ਸੇਵੀ ਗਤੀਵਿਧੀਆਂ ਨੂੰ ਭਾਰਤ ਵਿੱਚ ਅੱਗੇ ਤੋਰ ਸਕਣ। ਉਨ੍ਹਾਂ ਦੇ ਨਾਲ ਵਰਿੰਦਰ ਸ਼ਰਮਾ ਨੂੰ ਭਾਰਤੀ ਸ਼ਾਖਾ ਦੇ ਖਜ਼ਾਨਚੀ ਵਜੋਂ ਸੇਵਾ ਸੰਭਾਲੀ ਗਈ ਹੈ। ਇਸ ਦੌਰਾਨ ਮਹੰਤ ਪੁਰਸ਼ੋਤਮ ਲਾਲ ਅਤੇ ਮਹੰਤ ਗੁਰਵਿੰਦਰ ਸਿੰਘ ਦੀ ਹਾਜ਼ਰੀ ਵਿੱਚ ਫਾਊਂਡੇਸ਼ਨ ਦੇ ਅੰਤਰਰਾਸ਼ਟਰੀ ਪ੍ਰਧਾਨ ਓਮ ਪ੍ਰਕਾਸ਼ ਬਾਘਾ ਨੇ ਦੱਸਿਆ ਕਿ ਬ੍ਰਿਟਿਸ਼ ਰਵਿਦਾਸੀਆ ਹੈਰੀਟੇਜ ਫਾਊਂਡੇਸ਼ਨ ਦੀ ਸਥਾਪਨਾ 2019 ਵਿੱਚ ਹੋਈ ਸੀ। ਜਿਸਦਾ ਮੁੱਖ ਦਫਤਰ ਯੂ.ਕੇ. ਵਿੱਚ ਹੈ, ਪਰ ਇਸ ਸੰਸਥਾ ਦੀਆਂ ਗਤੀਵਿਧੀਆਂ ਸਿਰਫ਼ ਯੂ.ਕੇ. ਤੱਕ ਹੀ ਸੀਮਤ ਨਹੀਂ ਹਨ।



ਗੁਰੂ ਰਵਿਦਾਸ ਜੀ ਦੇ ਜੀਵਨ 'ਤੇ ਚਾਨਣਾ ਪਾਉਂਦੇ ਹੋਏ ਵੱਖ-ਵੱਖ ਪ੍ਰੋਗਰਾਮਾਂ ਦਾ ਆਯੋਜਨ ਕਰਨ ਲਈ ਅਕਸਰ ਕਈ ਦੇਸ਼ਾਂ ਦੀ ਯਾਤਰਾ ਕਰਕੇ ਗੁਰੂ ਸਾਹਿਬ ਦੇ ਜੀਵਨ ਫਲਸਫੇ ਅਤੇ ਸਿੱਖਿਆਵਾਂ ਨੂੰ ਲੋਕਾਂ ਤੱਕ ਪਹੁੰਚਾਇਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਸੰਸਥਾ ਦੀ ਭਾਰਤੀ ਸ਼ਾਖਾ ਸ਼ੁਰੂ ਕਰਨ ਨਾਲ ਗੁਰੂ ਰਵਿਦਾਸ ਮਹਾਰਾਜ ਜੀ ਦੇ ਭਾਰਤੀ ਪੈਰੋਕਾਰਾਂ ਨੂੰ ਉਨ੍ਹਾਂ ਬਾਰੇ ਹੋਰ ਜਾਣਨ ਲਈ ਇੱਕ ਪਲੇਟਫਾਰਮ ਮੁਹੱਈਆ ਹੋਵੇਗਾ ਅਤੇ ਹੋਰਨਾਂ ਤੱਕ ਭਾਈਚਾਰਕ ਸਾਂਝ ਦੇ ਸੰਦੇਸ਼ ਨੂੰ ਫੈਲਾਉਣ ਅਤੇ ਸਮਾਜਿਕ ਤਾਣੇ-ਬਾਣੇ ਨੂੰ ਮਜ਼ਬੂਤ ਕਰਨ ਵਿੱਚ ਵੀ ਮਦਦ ਮਿਲੇਗੀ।

## ਵਿਆਹ

ਮੈਂ ਕਿਵੇਂ ਵਿਆਹ ਕਰਵਾ ਲਵਾਂ !
ਮੈਂ ਮੰਨਦਾ ਹਾਂ ਕਿ ਕੁੜੀ ਬਹੁਤ ਪਵਿੱਤਰ ਰਤਨ ਹੈ ,
ਮੈਂ ਆਪਣੇ ਆਪ ਨੂੰ ਕਿਸੇ ਵੀ ਕੁੜੀ ਦੇ ਕਾਬਿਲ
ਨਹੀਂ ਸਮਝਦਾ , ਮੇਰੀ ਔਕਾਤ ਹੀ ਨਹੀਂ
ਕੁੜੀ ਨਾਲ ਗੱਲ ਕਰਨ ਦੀ ,
ਕਿਸੇ ਦੀ ਧੀ ਭੈਣ ਅੱਗੇ ਮੇਰਾ ਇਹ
ਜਨਮ ਬਹੁਤ ਛੋਟਾ ਹੈ ,
ਮੈਨੂੰ ਕੁੜੀ ਦੇ ਕਾਬਲ ਹੋਣ ਲਈ
ਕਈ ਜਨਮ ਲੈਣੇ ਪੈਣਗੇ ,



ਲਵਪ੍ਰੀਤ ਸਿੰਘ ਸੋਹਣੇਵਾਲਾ
ਸ਼੍ਰੀ ਮੁਕਤਸਰ ਸਾਹਿਬ